PAIGAM-E-JAGAT
ਪੈਗ਼ਾਮ-ਏ-ਜਗਤ

ਭੁੱਖ ਤੋਂ ਵੱਧ ਅਪਮਾਨਜਨਕ ਕੋਈ ਅਪਮਾਨ ਨਹੀਂ ਹੈ।
- ਪ੍ਰਣਬ ਮੁਖਰਜੀ

Title code : CHAMUL00914 | E-mail : Info@paigamejagat.com | ਐਤਵਾਰ, 6 ਸਤੰਬਰ 2026, ਸਾਲ-4, ਅੰਕ-5, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਅਧਿਆਪਕ ਦਿਵਸ ’ਤੇ ਪੀਐਮ ਮੋਦੀ ਦਾ ਸੰਦੇਸ਼

‘ਸਕ੍ਰੀਨ ਟਾਈਮ ਅਤੇ ਨਸ਼ੇ ਦੀ ਲਤ ਤੋਂ ਬਚਾਓ ਬਚਪਨ’

ਨਵੀਂ ਦਿੱਲੀ, 5 ਸਤੰਬਰ (ਪੈਗ਼ਾਮ-ਏ-ਜਗਤ)



ਰਾਸ਼ਟਰੀ ਅਧਿਆਪਕ ਪੁਰਸਕਾਰ ਜੇਤੂਆਂ ਨਾਲ ਗੱਲਬਾਤ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਧਿਆਪਕਾਂ ਨੂੰ ਪਾਠ-ਪੁਸਤਕਾਂ ਤੇ ਨਿਰਧਾਰਤ ਪਾਠਕ੍ਰਮ ਤੋਂ ਅੱਗੇ ਵਧ ਕੇ ਬੱਚਿਆਂ ਦੀ ਜ਼ਿੰਦਗੀ ਨੂੰ ਸਮਝਣ ਦਾ ਸੱਦਾ ਦਿੱਤਾ। ਅਧਿਆਪਕ ਦਿਵਸ ਦੀ ਪੂਰਵਲੀ ਸ਼ਾਮ ’ਤੇ ਮੋਦੀ ਨੇ ਬੱਚਿਆਂ ’ਚ ਵੱਧ ਰਹੇ ‘ਸਕ੍ਰੀਨ ਟਾਈਮ’, ਵੀਡੀਓ ਗੇਮ ਦੀ ਲਤ ਤੇ ਨਸ਼ੀਲੇ ਪਦਾਰਥਾਂ ਦੇ ਸੇਵਨ ਨੂੰ ਲੈ ਕੇ ਡੂੰਘੀ ਚਿੰਤਾ ਪ੍ਰਗਟ ਕੀਤੀ। ਮੋਦੀ ਨੇ ਅਧਿਆਪਕਾਂ ਨੂੰ ਕਿਹਾ ਕਿ ਸਿੱਖਿਆ ਸਿਰਫ਼ ਗਿਆਨ ਦੇਣ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ, ਸਗੋਂ ਬੱਚਿਆਂ ਦੇ ਸਰਵਪੱਖੀ ਵਿਕਾਸ ’ਤੇ ਧਿਆਨ ਕੇਂਦਰਿਤ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਕਿਤਾਬਾਂ ਤੇ ਪਾਠਕ੍ਰਮ ਤੋਂ ਬਾਹਰ ਨਿਕਲ ਕੇ ਬੱਚਿਆਂ ਦੀ ਜ਼ਿੰਦਗੀ ਨੂੰ ਡੂੰਘਾਈ ਨਾਲ ਸਮਝਣ ਦੀ ਲੋੜ ਹੈ। ਬਚਪਨ ਨੂੰ ਜਿਉਂਦਾ ਰੱਖਣ ਦਾ ਸਭ ਤੋਂ ਵੱਡਾ ਕੰਮ ਇੱਕ ਅਧਿਆਪਕ ਹੀ ਕਰ ਸਕਦਾ ਹੈ। ਆਪਣੀ ਗੱਲ ਨੂੰ ਸਪੱਸ਼ਟ ਕਰਦਿਆਂ ਪ੍ਰਧਾਨ ਮੰਤਰੀ ਨੇ ਬੱਚਿਆਂ ’ਚ ਤੇਜ਼ੀ ਨਾਲ ਵੱਧ ਰਹੀ ‘ਸਕ੍ਰੀਨ ਟਾਈਮ’ ਦੀ ਲਤ ਤੇ ਵੀਡੀਓ ਗੇਮਾਂ ’ਤੇ ਉਨ੍ਹਾਂ ਦੀ ਨਿਰਭਰਤਾ ’ਤੇ ਡੂੰਘੀ ਚਿੰਤਾ ਜਤਾਈ। ਇਸ ਦੇ ਨਾਲ ਹੀ ਉਨ੍ਹਾਂ ਨੇ ਨਸ਼ੀਲੇ ਡਰੱਗਜ਼ ਦੇ ਸੇਵਨ ਨੂੰ ਗੰਭੀਰ ਮੁੱਦਾ ਦੱਸਦਿਆਂ ਕਿਹਾ ਕਿ ਇਹ ਸਮੱਸਿਆ ਹੁਣ ਸਿਰਫ਼ ਯੂਨੀਵਰਸਿਟੀਆਂ ਜਾਂ ਵੱਡੇ ਸ਼ਹਿਰਾਂ ਤੱਕ ਸੀਮਿਤ ਨਹੀਂ ਰਹੀ, ਸਗੋਂ ਛੋਟੇ ਇਲਾਕਿਆਂ ’ਚ ਵੀ ਆਪਣੇ ਪੈਰ ਪਸਾਰ ਰਹੀ ਹੈ। ਪ੍ਰਧਾਨ ਮੰਤਰੀ ਨੇ ਕਿਹਾ, ‘ਸਕ੍ਰੀਨ ਟਾਈਮ ਹੁਣ ਇੱਕ ਤਰ੍ਹਾਂ ਦੀ ਲਤ ਬਣ ਗਿਆ ਹੈ। ਬੱਚਿਆਂ ਨੂੰ (ਬਾਕੀ ਸਫ਼ਾ 2 ’ਤੇ)

ਅਧਿਆਪਕ ਦਿਵਸ ’ਤੇ ਰਾਸ਼ਟਰਪਤੀ ਵੱਲੋਂ

ਪੰਜਾਬ-ਚੰਡੀਗੜ੍ਹ ਦੇ 2 ਅਧਿਆਪਕਾਂ ਨੂੰ ਮਿਲਿਆ ਨੈਸ਼ਨਲ ਟੀਚਰਜ਼ ਐਵਾਰਡ

ਨਵੀਂ ਦਿੱਲੀ, 5 ਸਤੰਬਰ (ਪੈਗ਼ਾਮ-ਏ-ਜਗਤ)




ਰਾਸ਼ਟਰੀ ਅਧਿਆਪਕ ਦਿਵਸ ਦੇ ਮੌਕੇ ’ਤੇ ਦੇਸ਼ ਦੀ ਰਾਜਧਾਨੀ ਨਵੀਂ ਦਿੱਲੀ ਵਿਖੇ ਕਰਵਾਏ ਗਏ ਸ਼ਾਨਦਾਰ ਸਮਾਗਮ ਦੌਰਾਨ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੇਸ਼ ਭਰ ਵਿੱਚੋਂ ਚੁਣੇ ਗਏ 48 ਪ੍ਰਮੁੱਖ ਅਧਿਆਪਕਾਂ ਨੂੰ ‘ਰਾਸ਼ਟਰੀ ਅਧਿਆਪਕ ਪੁਰਸਕਾਰ’ ਨਾਲ ਸਨਮਾਨਿਤ ਕੀਤਾ।

ਇਸ ਸਨਮਾਨ ਸਮਾਰੋਹ ਦੌਰਾਨ ਪੰਜਾਬ ਦੇ ਅਧਿਆਪਕ ਡਾ. ਦਿਨੇਸ਼ ਕੁਮਾਰ ਸਭ ਤੋਂ ਪਹਿਲੇ ਨੰਬਰ ’ਤੇ ਰਾਸ਼ਟਰਪਤੀ ਹੱਥੋਂ ਐਵਾਰਡ ਹਾਸਲ ਕਰਨ ਲਈ ਮੰਚ ’ਤੇ ਪੁੱਜੇ। ਦੂਜੇ ਪਾਸੇ, ਨੀਲੇ ਰੰਗ ਦੇ ਕੋਟ ਵਿੱਚ ਸੁਸ਼ੋਭਿਤ ਚੰਡੀਗੜ੍ਹ ਦੇ ਅਧਿਆਪਕ ਰਵੀ ਜੈਸਵਾਲ ਨੇ ਪੰਜਵੇਂ ਸਥਾਨ ’ਤੇ ਇਹ ਵੱਕਾਰੀ ਰਾਸ਼ਟਰੀ ਸਨਮਾਨ ਪ੍ਰਾਪਤ ਕੀਤਾ। ਚੰਡੀਗੜ੍ਹ ਦੇ ਅਧਿਆਪਕ ਰਵੀ ਜੈਸਵਾਲ ਨੇ ਸਕੂਲ ਵਿੱਚ 3ਡੀ ਗੁੰਬਦ ਥੀਏਟਰ ਅਤੇ ਮੌਸਮ ਕੇਂਦਰ ਸਥਾਪਿਤ ਕਰਕੇ ਵਿਦਿਆਰਥੀਆਂ ਨੂੰ ਪੁਲਾੜ ਅਤੇ ਵਿਗਿਆਨ ਦਾ ਸਿੱਧਾ ਤੇ ਵਿਵਹਾਰਕ ਤਜਰਬਾ ਪ੍ਰਦਾਨ ਕੀਤਾ ਹੈ। ਇਸੇ ਤਰ੍ਹਾਂ ਪਟਿਆਲਾ ਦੇ ਡਾ. ਦਿਨੇਸ਼ ਕੁਮਾਰ ਨੇ ਕੰਪਿਊਟਰ ਆਧਾਰਿਤ ਵਰਚੁਅਲ ਫਿਜ਼ਿਕਸ ਲੈਬ ਅਤੇ 100 ਤੋਂ ਵੱਧ ਜ਼ੀਰੋ-ਕਾਸਟ (ਬਿਨਾਂ ਖ਼ਰਚੇ ਵਾਲੇ) ਮਾਡਲ ਤਿਆਰ ਕਰਕੇ ਵਿਦਿਆਰਥੀਆਂ ਦੇ ਦਿਲਾਂ ਵਿੱਚੋਂ ਭੌਤਿਕ ਵਿਗਿਆਨ ਦਾ ਡਰ ਪੂਰੀ ਤਰ੍ਹਾਂ ਦੂਰ ਕੀਤਾ ਹੈ। ਦੋਵਾਂ ਅਧਿਆਪਕਾਂ ਦੀ ਇਹ ਸਿਰਜਣਾਤਮਕ ਪਹਿਲਕਦਮੀ ਅੱਜ ਪੂਰੇ ਦੇਸ਼ ਦੇ ਸਿੱਖਿਆ ਜਗਤ ਲਈ ਪ੍ਰੇਰਨਾ ਸਰੋਤ ਬਣ ਚੁੱਕੀ ਹੈ। ਸਹਿਕਰਮੀ ਅਧਿਆਪਕ ਤੋਂ ਮਿਲੀ ਸੀ ਚੋਣ ਦੀ ਖ਼ੁਸ਼ਖ਼ਬਰੀ ਰਵੀ ਜੈਸਵਾਲ ਨੇ ਦੱਸਿਆ ਕਿ ਉਨ੍ਹਾਂ ਨੂੰ ਇਸ ਰਾਸ਼ਟਰੀ ਸਨਮਾਨ ਲਈ ਚੁਣੇ ਜਾਣ ਦੀ ਸੂਚਨਾ ਆਪਣੇ ਇੱਕ ਸਾਥੀ ਅਧਿਆਪਕ ਤੋਂ ਮਿਲੀ ਸੀ। ਉਨ੍ਹਾਂ ਦੇ ਸਹਿਕਰਮੀ ਨੇ ਸ਼ੁੱਕਰਵਾਰ ਨੂੰ ਪੁਰਸਕਾਰਾਂ ਲਈ ਜਾਰੀ ਅਧਿਕਾਰਤ ਸੂਚੀ ਦੇਖੀ ਸੀ, ਜਿਸ ਤੋਂ ਬਾਅਦ ਜੈਸਵਾਲ ਨੂੰ ਸਰਕਾਰੀ ਤੌਰ ’ਤੇ ਈਮੇਲ ਮਿਲੀ, ਜਿਸ ਰਾਹੀਂ ਉਨ੍ਹਾਂ ਦੀ ਚੋਣ ਦੀ ਅਧਿਕਾਰਤ ਪੁਸ਼ਟੀ ਹੋਈ। ਸਿੱਖਿਆ ਮੰਤਰਾਲੇ ਦੀ ਅਧਿਕਾਰਤ ਸੂਚੀ ਵਿੱਚ ਉਨ੍ਹਾਂ ਦਾ ਨਾਂ ਚੰਡੀਗੜ੍ਹ ਦੀ ਮਲੋਆ ਕਾਲੋਨੀ (ਬਾਕੀ ਸਫ਼ਾ 2 ’ਤੇ)

ਪੰਜਾਬ, ਗੋਆ, ਉੱਤਰ ਪ੍ਰਦੇਸ਼ ਅਤੇ ਉਤਰਾਖੰਡ ਵਿੱਚ ਪਹਿਲੀ ਦਸੰਬਰ ਤੋਂ ਕਰਵਾਈ ਜਾਵੇਗੀ ਮਰਦਮਸ਼ੁਮਾਰੀ

ਨਵੀਂ ਦਿੱਲੀ - ਰਜਿਸਟਰਾਰ ਜਨਰਲ ਆਫ਼ ਇੰਡੀਆ ਨੇ ਕਿਹਾ ਹੈ ਕਿ ਆਉਣ ਵਾਲੀ ਮਰਦਮਸ਼ੁਮਾਰੀ ਤਹਿਤ ਗਿਣਤੀ ਦਾ ਕੰਮ ਗੋਆ, ਉੱਤਰ ਪ੍ਰਦੇਸ਼ ਅਤੇ ਪੰਜਾਬ ਵਿੱਚ ਪਹਿਲੀ ਦਸੰਬਰ 2026 ਤੋਂ ਸ਼ੁਰੂ ਹੋਵੇਗਾ ਤੇ 4 ਜਨਵਰੀ 2027 ਤੱਕ ਮੁਕੰਮਲ ਕੀਤਾ ਜਾਵੇਗਾ। ਇਸ ਦੇ ਨਾਲ ਹੀ ਉਤਰਾਖੰਡ ਵਿੱਚ ਵੀ ਬਰਫ਼ ਨਾਲ ਘਿਰੇ ਇਲਾਕਿਆਂ ਨੂੰ ਛੱਡ ਕੇ ਬਾਕੀ ਸਾਰੇ ਖੇਤਰਾਂ ਵਿੱਚ ਮਰਦਮਸ਼ੁਮਾਰੀ ਦੀ ਇਹ ਪ੍ਰਕਿਰਿਆ ਬਿਲਕੁਲ ਇਸੇ ਤੈਅ ਸਮੇਂ ਪਹਿਲੀ ਦਸੰਬਰ 2026 ਤੋਂ 4 ਜਨਵਰੀ 2027 ਦੌਰਾਨ ਹੀ ਨੇਪਰੇ ਚਾੜ੍ਹੀ ਜਾਵੇਗੀ। ਰਜਿਸਟਰਾਰ ਜਨਰਲ ਆਫ ਇੰਡੀਆ ਵੱਲੋਂ ਜਾਰੀ ਕੀਤੀਆਂ ਗਈਆਂ ਇਨ੍ਹਾਂ ਤਾਰੀਖਾਂ ਨਾਲ ਦੇਸ਼ ਦੇ ਇਨ੍ਹਾਂ ਅਹਿਮ ਸੂਬਿਆਂ ਵਿੱਚ ਜਨਗਣਨਾ ਦੇ ਕੰਮ ਨੂੰ ਲੈ ਕੇ ਸਰਕਾਰੀ ਤਿਆਰੀਆਂ ਤੇਜ਼ ਹੋ ਗਈਆਂ ਹਨ, ਜਿਸ ਤਹਿਤ ਘਰੋ-ਘਰੀ ਜਾ ਕੇ ਆਬਾਦੀ ਦਾ ਪੂਰਾ ਵੇਰਵਾ ਇਕੱਠਾ ਕੀਤਾ ਜਾਵੇਗਾ।

ਕੇਰਲ ’ਚ ਭਿਆਨਕ ਸੜਕ ਹਾਦਸੇ ’ਚ 8 ਇੰਜੀਨੀਅਰਿੰਗ ਵਿਦਿਆਰਥੀਆਂ ਦੀ ਮੌਤ




ਕੇਰਲ, 5 ਸਤੰਬਰ (ਪੈਗ਼ਾਮ-ਏ-ਜਗਤ)

ਕੇਰਲ ਦੇ ਤ੍ਰਿਸ਼ੂਰ ਜ਼ਿਲ੍ਹੇ ਵਿੱਚ ਇੱਕ ਭਿਆਨਕ ਸੜਕ ਹਾਦਸੇ ਵਿੱਚ ਇੱਕ ਕਾਰ ਵਿੱਚ ਸਵਾਰ ਅੱਠ ਲੋਕਾਂ ਦੀ ਮੌਤ ਹੋ ਗਈ। ਪੁਲਿਸ ਨੇ ਸ਼ਨੀਵਾਰ ਨੂੰ ਦੱਸਿਆ ਕਿ ਇਹ ਸਾਰੇ ਗੁਆਂਢੀ ਰਾਜ ਤਾਮਿਲਨਾਡੂ ਦੇ ਵਿਦਿਆਰਥੀ ਸਨ। ਪੁਲਿਸ ਅਨੁਸਾਰ, ਇਹ ਹਾਦਸਾ ਸ਼ੁੱਕਰਵਾਰ ਰਾਤ 11:40 ਵਜੇ ਵਾਪਰਿਆ। ਸਾਰੇ ਵਿਦਿਆਰਥੀ ਤਾਮਿਲਨਾਡੂ ਦੇ ਡਿੰਡੀਗੁਲ ਵਿੱਚ ਪੀ.ਐਸ.ਐਮ. ਇੰਜੀਨੀਅਰਿੰਗ ਕਾਲਜ ਦੇ ਸਨ। ਉਨ੍ਹਾਂ ਦੀ ਕਾਰ ਅੱਧੀ ਰਾਤ ਦੇ ਕਰੀਬ ਤ੍ਰਿਸ਼ੂਰ ਦੇ ਕੈਪਮੰਗਲਮ ਵਿੱਚ ਪਨਾਮਬੀਕੰਨੂ ਨੇੜੇ ਰਾਸ਼ਟਰੀ ਰਾਜਮਾਰਗ 66 ’ਤੇ ਇੱਕ ਖੜੀ ਕਾਰਗੋ ਲਾਰੀ ਨਾਲ ਟਕਰਾ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਕਾਰ ਵਿੱਚ ਸਵਾਰ ਸਾਰੇ ਅੱਠ ਲੋਕਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਸਥਾਨਕ ਲੋਕਾਂ, ਅੱਗ ਬੁਝਾਊ ਅਤੇ ਬਚਾਅ ਕਰਮਚਾਰੀਆਂ ਅਤੇ ਪੁਲਿਸ ਦੁਆਰਾ ਬਚਾਅ ਕਾਰਜ ਤੋਂ ਬਾਅਦ ਲਾਸ਼ਾਂ ਨੂੰ ਕਾਰ ਵਿੱਚੋਂ ਬਾਹਰ ਕੱਢਿਆ ਗਿਆ। ਪੁਲਿਸ ਨੇ ਕਿਹਾ ਕਿ ਲਾਸ਼ਾਂ ਨੂੰ ਤ੍ਰਿਸ਼ੂਰ ਮੈਡੀਕਲ ਕਾਲਜ ਲਿਜਾਇਆ ਗਿਆ ਹੈ। ਪੁਲਿਸ ਦੀ ਜਾਣਕਾਰੀ ਅਨੁਸਾਰ, ਕਾਰ ਗੁਰੂਵਾਯੂਰ ਤੋਂ ਆ ਰਹੀ ਸੀ ਅਤੇ ਕੋਡੁੰਗਲੂਰ ਵੱਲ ਜਾ ਰਹੀ ਸੀ। ਪੁਲਿਸ ਨੇ ਮਾਮਲੇ ਦੀ ਕਾਰਵਾਈ ਅਤੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਗੋਰਾਇਆ ਨੇੜੇ ਭਿਆਨਕ ਸੜਕ ਹਾਦਸਾ

ਟਰੱਕ ਹੇਠਾਂ 10 ਫੁੱਟ ਤੱਕ ਧਸੀ ਬਾਈਕ; 3 ਨੌਜਵਾਨਾਂ ਦੀ ਮੌਤ



ਜਲੰਧਰ, 5 ਸਤੰਬਰ (ਪੈ.ਗ਼ਾਮ-ਏ-ਜਗਤ)

ਜਲੰਧਰ-ਦਿੱਲੀ ਨੈਸ਼ਨਲ ਹਾਈਵੇਅ ’ਤੇ ਗੋਰਾਇਆ ਓਵਰਬ੍ਰਿਜ ਨਜ਼ਦੀਕ ਦੇਰ ਰਾਤ ਵਾਪਰੇ ਇੱਕ ਰੂਹ ਕੰਬਾਊ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ ਨੌਜਵਾਨਾਂ ਦੀ ਸਪਲੈਂਡਰ ਬਾਈਕ ਅੱਗੇ ਚੱਲ ਰਹੇ ਟਰੱਕ ਦੇ ਪਿਛਲੇ ਹਿੱਸੇ ਹੇਠਾਂ ਕਰੀਬ 10 ਫੁੱਟ ਅੰਦਰ ਤੱਕ ਧਸ ਗਈ। ਟੱਕਰ ਤੋਂ ਬਾਅਦ ਤਿੰਨੋਂ ਨੌਜਵਾਨ ਲਹੂ-ਲੁਹਾਨ ਹਾਲਤ ਵਿੱਚ ਹਾਈਵੇਅ ’ਤੇ ਡਿੱਗ ਪਏ। ਉਨ੍ਹਾਂ ਨੂੰ ਤੁਰੰਤ ਫ਼ਿਲੌਰ ਦੇ ਹਸਪਤਾਲ ਪਹੁੰਚਾਇਆ ਗਿਆ, ਜਿੱਥੇ ਡਾਕਟਰਾਂ ਨੇ ਤਿੰਨਾਂ ਨੂੰ ਮ੍ਰਿਤਕ ਐਲਾਨ ਦਿੱਤਾ।

ਮ੍ਰਿਤਕਾਂ ਦੀਆਂ ਜੇਬਾਂ ਵਿੱਚੋਂ ਮਿਲੇ ਮੋਬਾਈਲ ਫ਼ੋਨਾਂ ਰਾਹੀਂ ਪੁਲਿਸ ਉਨ੍ਹਾਂ ਦੇ ਪਰਿਵਾਰਾਂ ਨਾਲ ਰਾਬਤਾ ਕਾਇਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਹਾਦਸੇ ਦੇ ਅਸਲ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। (ਬਾਕੀ ਸਫ਼ਾ 2 ’ਤੇ)

ਜ਼ੀ ਗਰੁੱਪ ਦੇ ਫਾਊਂਡਰ ਸੁਭਾਸ਼ ਚੰਦਰਾ ਸਮੇਤ ਚਾਰ ਖ਼ਿਲਾਫ਼ ਐਫ.ਆਈ.ਆਰ. ਦਰਜ

ਨਵੀਂ ਦਿੱਲੀ : ਸੀ.ਬੀ.ਆਈ. ਨੇ ਜ਼ੀ ਗਰੁੱਪ ਦੇ ਫਾਊਂਡਰ ਸੁਭਾਸ਼ ਚੰਦਰਾ ਸਮੇਤ ਚਾਰ ਵਿਅਕਤੀਆਂ ਦੇ ਖ਼ਿਲਾਫ਼



1,322 ਕਰੋੜ ਤੋਂ ਵੱਧ ਦੀ ਧੋਖਾਧੜੀ ਦੇ ਮਾਮਲੇ ’ਚ ਐਫ. ਆਈ. ਆਰ. ਦਰਜ ਕੀਤੀ ਹੈ । ਇਹ ਕਾਰਵਾਈ ਐਲ.ਆਈ.ਸੀ. ਹਾਊਸਿੰਗ ਫਾਇਨਾਂਸ ਲਿਮਟਿਡ ਦੀ ਸ਼ਿਕਾਇਤ ’ਤੇ ਕੀਤੀ ਗਈ ਹੈ। ਐਲ.ਆਈ.ਸੀ. ਦਾ ਦੋਸ਼ ਹੈ ਕਿ ਸੁਭਾਸ਼ ਚੰਦਰਾ ਨੇ ਫਰਜ਼ੀ ਨੈੱਟਵਰਥ (ਬਾਕੀ ਸਫ਼ਾ 2 ’ਤੇ)

ਲੁਧਿਆਣਾ ‘ਚ ਸਵਿਮਿੰਗ ਪੂਲ ਕੰਢੇ ਬੈਠੇ 15 ਸਾਲਾ ਬੱਚੇ ਦੀ ਅਚਾਨਕ ਮੌਤ

ਲੁਧਿਆਣਾ, 5 ਸਤੰਬਰ (ਪੈ.ਗ਼ਾਮ-ਏ-ਜਗਤ)



ਲੁਧਿਆਣਾ ਸ਼ਹਿਰ ਤੋਂ ਇੱਕ ਦਿਲ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਸਵਿਮਿੰਗ ਪੂਲ ਕੰਢੇ ਆਪਣੇ ਦੋਸਤ ਨਾਲ ਬੈਠੇ 15 ਸਾਲਾ ਨਾਬਾਲਗ ਲੜਕੇ ਦੀ ਅਚਾਨਕ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਬੱਚੇ ਦੀ ਮੌਤ ਦੇ ਆਖ਼ਰੀ ਪਲਾਂ ਦੀ ਇਹ ਸਾਰੀ ਘਟਨਾ ਉੱਥੇ ਲੱਗੇ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ, ਜਿਸ ਦੀ ਵੀਡੀਓ ਹੁਣ ਸਾਹਮਣੇ ਆਈ ਹੈ। ਨਹਾਉਣ ਉਪਰੰਤ ਲੜਕਾ ਪੂਲ ਦੇ ਕੰਢੇ ਆਰਾਮ ਨਾਲ ਬੈਠਾ ਸੀ ਕਿ ਅਚਾਨਕ ਉਸ ਦੀ ਸਿਹਤ ਵਿਗੜ ਗਈ ਅਤੇ ਉਹ ਬੇਚੈਨ ਹੋਣ ਲੱਗਾ। ਜਦੋਂ ਉਸ ਨੂੰ ਜ਼ਿਆਦਾ ਤਕਲੀਫ਼ ਮਹਿਸੂਸ ਹੋਈ ਤਾਂ ਉਹ ਆਪਣੀ ਥਾਂ ਤੋਂ ਉੱਠ ਕੇ ਤੁਰਨ ਲੱਗਾ, ਪਰ ਉਸ ਦੇ ਕਦਮ ਲੜਖੜਾ ਗਏ। ਡਿੱਗਣ ਤੋਂ ਬਚਣ ਲਈ (ਬਾਕੀ ਸਫ਼ਾ 2 ’ਤੇ)

ਬੋਲੀਵੀਆ ਦੇ ਫੌਜੀ ਅੱਡੇ ’ਚ ਜ਼ਬਰਦਸਤ ਧਮਾਕਾ, 10 ਤੋਂ ਵੱਧ ਮੌਤਾਂ



ਬੋਲੀਵੀਆ : ਦੱਖਣੀ ਅਮਰੀਕੀ ਦੇਸ਼ ਬੋਲੀਵੀਆ ਦੇ ਪੱਛਮੀ ਸ਼ਹਿਰ ਵਿਆਚਾ ਵਿੱਚ ਸ਼ੁੱਕਰਵਾਰ ਨੂੰ ਇੱਕ ਫੌਜੀ ਅੱਡੇ ’ਤੇ ਜ਼ਬਰਦਸਤ ਧਮਾਕਾ ਹੋਣ ਦੀ ਖ਼ਬਰ ਸਾਹਮਣੇ ਆਈ ਹੈ।

58 ਜ਼ਖ਼ਮੀ, ਪਟਾਕੇ ਰੱਖਣ ਵਾਲੀ ਥਾਂ ’ਤੇ ਹੋਇਆ ਧਮਾਕਾ

ਹਾਦਸੇ ਵਿੱਚ 10 ਤੋਂ ਵੱਧ ਲੋਕਾਂ ਦੀ ਮੌਤ ਹੋਣ ਦੀ ਖ਼ਬਰ ਹੈ, ਜਦਕਿ ਘੱਟੋ-ਘੱਟ 58 ਲੋਕ ਜ਼ਖਮੀ ਹੋਏ ਹਨ। ਅਧਿਕਾਰੀਆਂ ਮੁਤਾਬਕ ਮ੍ਰਿਤਕਾਂ ਦੀ ਗਿਣਤੀ ਵਧਣ ਦਾ ਖਦਸ਼ਾ ਹੈ। ਬੋਲੀਵੀਆ ਦੇ ਰੱਖਿਆ ਮੰਤਰੀ ਅਰਨੇਸਟੋ ਜਸਟਿਨਿਆਨੋ ਨੇ ਦੱਸਿਆ ਕਿ ਜ਼ਖਮੀਆਂ ਵਿੱਚ ਜ਼ਿਆਦਾਤਰ 52 ਆਮ ਨਾਗਰਿਕ ਹਨ, ਜਦਕਿ ਬਾਕੀ ਫੌਜੀ ਕਰਮਚਾਰੀ ਦੱਸੇ ਜਾ ਰਹੇ ਹਨ। ਰੱਖਿਆ ਮੰਤਰੀ (ਬਾਕੀ ਸਫ਼ਾ 2 ’ਤੇ)

ਕੁੱਟਮਾਰ ਦੇ ਮਾਮਲੇ ’ਚ ਸੁਤੰਤਰ ਗ੍ਰਿ.ਫ਼ਤਾਰ, ਇੱਕ ਦਿਨ ਦੇ ਰਿਮਾਂਡ ਤੇ ਭੇਜਿਆ

ਨਵੀਂ ਦਿੱਲੀ : ਕਾਕਰੋਚ ਜਨਤਾ ਪਾਰਟੀ ਵਰਕਰ ਰੀਸ਼ੂ ਆਜ਼ਾਦ ਦੇ ਪਿਤਾ ਸੰਜੇ ਨਾਲ ਕੁੱਟਮਾਰ ਦੇ ਦੋਸ਼ੀ ਸੁਤੰਤਰ ਭਾਰਦਵਾਜ ਨੂੰ ਦਿੱਲੀ ਪੁਲਿਸ ਨੇ ਸ਼ਨੀਵਾਰ ਨੂੰ ਗ੍ਰਿ.ਫ਼ਤਾਰ ਕਰ ਲਿਆ। ਪੁਲਿਸ ਨੇ ਉਸ ਨੂੰ ਪਟਿਆਲਾ ਕੋਰਟ ’ਚ ਵਰਚੁਅਲੀ ਪੇਸ਼ ਕੀਤਾ। ਕੋਰਟ ਨੇ ਉਸ ਨੂੰ ਇੱਕ ਦਿਨ ਦੇ ਪੁਲਿਸ ਰਿਮਾਂਡ ’ਤੇ ਭੇਜ ਦਿੱਤਾ ਹੈ। ਸੁਤੰਤਰ ਨੂੰ ਇੱਕ ਦਿਨ ਪਹਿਲਾਂ ਉੱਤਰ ਪ੍ਰਦੇਸ਼ ਦੇ ਬੁਲੰਦਸ਼ਹਿਰ ਤੋਂ ਫੜਿਆ ਗਿਆ ਸੀ।

ਅੰਮ੍ਰਿਤਸਰ ਵਿਚ ਕਾਂਗਰਸੀ ਆਗੂ ਨੂੰ ਮਾਰੀ ਗੋਲੀ

ਅੰਮ੍ਰਿਤਸਰ - ਅੰਮ੍ਰਿਤਸਰ ਵਿੱਚ ਦੇਰ ਰਾਤ ਦੋ ਧੜਿਆਂ ਵਿਚਕਾਰ ਹੋਈ ਲੜਾਈ ਦੌਰਾਨ



ਇੱਕ ਕਾਂਗਰਸੀ ਆਗੂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਗੋਲੀ ਲੱਗਣ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਸੀ। ਉਸ ਨੂੰ ਪਹਿਲਾਂ ਅਜਨਾਲਾ ਦੇ ਸਿਵਲ ਹਸਪਤਾਲ ਲਿਜਾਇਆ ਗਿਆ, ਪਰ ਮੁੱਢਲੀ ਸਹਾਇਤਾ ਤੋਂ ਬਾਅਦ ਉਸ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਅੰਮ੍ਰਿਤਸਰ ਰੈਫਰ ਕਰ ਦਿੱਤਾ ਗਿਆ। ਉਹ ਇਸ (ਬਾਕੀ ਸਫ਼ਾ 2 ’ਤੇ)

ਰੱਖੜੀ ਦੇ ਤਾਅਨੇ ਤੋਂ ਭੜਕੀ ਜਠਾਣੀ ਬਣੀ ਜੱਲਾਦ, 22 ਸਾਲਾ ਦਰਾਣੀ ਦਾ ਕਤਲ ਕਰਕੇ ਪਾਣੀ ਦੇ ਟੈਂਕ ’ਚ ਸੁੱਟੀ ਲਾਸ਼

ਇੰਦੌਰ : ਜੇਲ੍ਹ ਵਿੱਚ ਬੰਦ ਆਪਣੇ ਭਰਾ ਨੂੰ ਰੱਖੜੀ ਨਾ ਬੰਨ੍ਹਣ ’ਤੇ ਜੇਠਾਣੀ ਨੂੰ ਦਰਾਣੀ ਨੇ ਜਦੋਂ ਤਾਅਨੇ ਮਾਰੇ ਤਾਂ ਦੋਵਾਂ ਵਿੱਚ ਬਹਿਸ ਹੋ ਗਈ, ਜਿਸ ਦੌਰਾਨ ਨਵ-ਵਿਆਹੀ ਦਰਾਣੀ ਨੇ ਜਠਾਣੀ ਨੂੰ ਘਰੋਂ ਕੱਢਣ ਦੀ ਧਮਕੀ ਤੱਕ ਦੇ ਦਿੱਤੀ। ਇਸ ਤੋਂ ਗੁੱਸੇ ਵਿੱਚ ਆ ਕੇ ਜਠਾਣੀ ਨੇ ਆਪਣਾ ਕੰਟਰੋਲ ਗੁਆ ਦਿੱਤਾ ਤੇ ਦਰਾਣੀ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ ਤੇ ਬਾਅਦ ਵਿੱਚ ਲਾਸ਼ ਨੂੰ ਟੈਂਕ ਵਿੱਚ ਸੁੱਟ ਦਿੱਤਾ। ਪੁਲਿਸ ਵੱਲੋਂ ਜਠਾਣੀ ਨੂੰ (ਬਾਕੀ ਸਫ਼ਾ 2 ’ਤੇ)

‘ਖੇਡਾਂ ਵਤਨ ਪੰਜਾਬ ਦੀਆਂ’ ਦੇ ਚੌਥੇ ਸੀਜ਼ਨ ਦਾ ਆਗਾਜ਼

ਬਠਿੰਡਾ ਤੋਂ ਸ਼ੁਰੂ ਹੋਈਆਂ ‘ਖੇਡਾਂ ਵਤਨ ਪੰਜਾਬ ਦੀਆਂ’: ਸੀਐਮ ਭਗਵੰਤ ਮਾਨ

ਬਠਿੰਡਾ, 5 ਸਤੰਬਰ (ਪੈ.ਗ਼ਾਮ-ਏ-ਜਗਤ)



ਪੰਜਾਬ ਦੇ ਪਿੰਡਾਂ ਤੇ ਸ਼ਹਿਰਾਂ ਵਿੱਚ ਖੇਡਾਂ ਨੂੰ ਉਤਸ਼ਾਹਤ ਕਰਨ ਦੇ ਉਪਰਾਲੇ ਨਾਲ ਅੱਜ ਬਠਿੰਡਾ ਤੋਂ ‘ਖੇਡਾਂ ਵਤਨ ਪੰਜਾਬ ਦੀਆਂ-2026’ ਦੇ ਚੌਥੇ ਸੀਜ਼ਨ ਦਾ ਆਗਾਜ਼ ਹੋਇਆ। ਇਸ ਦੇ ਉਦਘਾਟਨ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਖੇਡ ਹੁਨਰ ਨੂੰ ਕੌਮਾਂਤਰੀ ਪੱਧਰ ’ਤੇ ਲੈ ਕੇ ਜਾਣ ਦਾ ਵਿਸ਼ਾਲ ਦ੍ਰਿਸ਼ਟੀਕੋਣ ਪੇਸ਼ ਕੀਤਾ। ਇਹ ਚੌਥਾ ਸੀਜ਼ਨ 14 ਤੋਂ 70 ਸਾਲ ਤੋਂ ਵੱਧ ਉਮਰ ਦੇ ਲਗਭਗ 10 ਲੱਖ ਖਿਡਾਰੀਆਂ ਨੂੰ 39 ਖੇਡ ਮੁਕਾਬਲਿਆਂ ਅਤੇ ਚਾਰ ਪੈਰਾ-ਖੇਡਾਂ ਖੇਡਣ ਲਈ ਖੇਡ ਮੈਦਾਨ ਵਿੱਚ ਉਤਾਰੇਗਾ। ਇਹ ਖੇਡਾਂ ਪੀੜ੍ਹੀਆਂ ਨੂੰ ਜੋੜਨਗੀਆਂ ਅਤੇ ਸੂਬੇ ਭਰ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਖੇਡ ਪ੍ਰਤਿਭਾ ਨੂੰ ਨਿਖਾਰਨਗੀਆਂ। ਇਹ ਖੇਡਾਂ 29 ਨਵੰਬਰ ਨੂੰ ਪਟਿਆਲਾ ਵਿਖੇ ਸਮਾਪਤ ਹੋਣਗੀਆਂ, ਜਿਨ੍ਹਾਂ ਵਿੱਚ ਜੇਤੂਆਂ ਲਈ 12.50 ਕਰੋੜ ਰੁਪਏ ਦੇ ਨਕਦ ਇਨਾਮ ਰੱਖੇ ਗਏ ਹਨ, ਜਿਸ ਵਿੱਚ ਪਹਿਲੀ ਵਾਰ ਵੈਟਰਨ ਖਿਡਾਰੀਆਂ ਲਈ ਵੀ ਨਕਦ ਇਨਾਮ ਸ਼ਾਮਲ ਹਨ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰਾਸ਼ਟਰਮੰਡਲ ਖੇਡਾਂ-2026 ਦੀਆਂ ਚਾਂਦੀ ਦੇ ਤਗਮਾ ਜੇਤੂ ਹਰਜਿੰਦਰ ਕੌਰ ਅਤੇ ਲਵਪ੍ਰੀਤ ਸਿੰਘ ਨੂੰ 50-50 ਲੱਖ ਰੁਪਏ ਨਾਲ ਸਨਮਾਨਿਤ ਕੀਤਾ। ਇਸ ਨਾਲ ਸੂਬਾ ਸਰਕਾਰ ਦੀ ਮਜ਼ਬੂਤ ਖੇਡ ਢਾਂਚਾ ਉਸਾਰਨ ਅਤੇ ਪੰਜਾਬ ਦੇ ਨੌਜਵਾਨਾਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਮੁੜ ਦੁਹਰਾਇਆ ਗਿਆ। ‘ਖੇਡਾਂ ਵਤਨ ਪੰਜਾਬ ਦੀਆਂ-2026’ (ਬਾਕੀ ਸਫ਼ਾ 2 ’ਤੇ)

ਕਪੂਰਥਲਾ ‘ਚ ਮ੍ਰਿਤਕ ਸਮਝ ਕੇ ਪੁੱਤ ਦਾ ਕਰ ਦਿੱਤਾ ਸਸਕਾਰ ਤੇ ਭੋਗ, 20 ਦਿਨ ਬਾਅਦ ਜੇਲ੍ਹ ‘ਚ ਜ਼ਿੰਦਾ ਮਿਲਿਆ ਨੌਜਵਾਨ

ਕਪੂਰਥਲਾ, 5 ਸਤੰਬਰ (ਪੈ.ਗ਼ਾਮ-ਏ-ਜਗਤ)



ਕਪੂਰਥਲਾ ਤੋਂ ਇੱਕ ਬੇਹੱਦ ਸਨਸਨੀਖੇਜ਼ ਅਤੇ ਹੈਰਾਨ ਕਰ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਜਿਸ ਨੌਜਵਾਨ ਨੂੰ ਮ੍ਰਿਤਕ ਸਮਝ ਕੇ ਪਰਿਵਾਰ ਨੇ ਕਰੀਬ 20 ਦਿਨ ਪਹਿਲਾਂ ਨਮ ਅੱਖਾਂ ਨਾਲ ਅੰਤਿਮ ਸਸਕਾਰ ਕਰ ਦਿੱਤਾ ਸੀ ਅਤੇ ਉਸ ਦੀ ਆਤਮਿਕ ਸ਼ਾਂਤੀ ਲਈ ਅੰਤਿਮ ਰਸਮਾਂ ਤੇ ਭੋਗ ਵੀ ਪਾ ਦਿੱਤਾ ਸੀ, ਉਹੀ ਨੌਜਵਾਨ ਹੁਣ ਜਿਊਂਦਾ ਮਿਲਿਆ ਹੈ।

ਹੈਰਾਨੀ ਦੀ ਗੱਲ ਇਹ ਹੈ ਕਿ ਉਕਤ ਨੌਜਵਾਨ ਕਪੂਰਥਲਾ ਦੀ ਕੇਂਦਰੀ ਜੇਲ੍ਹ ਵਿੱਚ ਬੰਦ ਪਾਇਆ ਗਿਆ। ਪਰਿਵਾਰ ਨੂੰ ਜਦੋਂ ਜੇਲ੍ਹ ਪ੍ਰਸ਼ਾਸਨ ਦੇ ਇੱਕ ਮੁਲਾਜ਼ਮ ਦਾ ਫ਼ੋਨ ਆਇਆ ਤਾਂ ਪਹਿਲਾਂ ਉਨ੍ਹਾਂ ਨੂੰ ਆਪਣੇ ਕੰਨਾਂ ’ਤੇ ਯਕੀਨ ਨਹੀਂ ਹੋਇਆ, ਪਰ ਜਦੋਂ ਜੇਲ੍ਹ ਪਹੁੰਚ ਕੇ ਉਨ੍ਹਾਂ ਨੇ ਆਪਣੇ ਪੁੱਤ ਨੂੰ ਸਾਹਮਣੇ ਖੜ੍ਹਾ ਦੇਖਿਆ ਤਾਂ ਪਰਿਵਾਰਕ ਮੈਂਬਰਾਂ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਦਰਅਸਲ, ਕਰੀਬ 22 ਦਿਨ ਪਹਿਲਾਂ ਕਪੂਰਥਲਾ ਪੁਲਸ ਨੂੰ ਕਾਂਜਲੀ ਨੇੜਿਓਂ ਇੱਕ ਅਣਪਛਾਤੇ ਨੌਜਵਾਨ ਦੀ ਲਾਸ਼ ਬਰਾਮਦ ਹੋਈ ਸੀ। ਕਈ ਦਿਨਾਂ ਤੋਂ ਲਾਪਤਾ ਚੱਲ ਰਹੇ ਆਪਣੇ ਪੁੱਤਰ ਦੀ ਭਾਲ ਵਿੱਚ ਭਟਕ ਰਹੇ ਪਰਿਵਾਰ ਨੇ ਉਸ ਲਾਸ਼ ਦੀ ਪਛਾਣ ਆਪਣੇ ਪੁੱਤਰ ਵਜੋਂ ਕਰ ਲਈ ਸੀ। ਪਰਿਵਾਰ ਵੱਲੋਂ ਸ਼ਨਾਖ਼ਤ ਕੀਤੇ ਜਾਣ ਤੋਂ ਬਾਅਦ ਪੁਲਸ ਨੇ ਕਾ.ਗਜ਼ੀ ਕਾਰਵਾਈ ਪੂਰੀ ਕਰਕੇ ਮ੍ਰਿਤਕ ਦੇਹ ਉਨ੍ਹਾਂ ਦੇ ਹਵਾਲੇ ਕਰ ਦਿੱਤੀ, ਜਿਸ ਤੋਂ ਬਾਅਦ ਪਰਿਵਾਰ ਨੇ 13 ਅਗਸਤ 2026 ਨੂੰ ਪੂਰੇ ਰੀਤੀ-ਰਿਵਾਜਾਂ ਨਾਲ ਉਸ ਦਾ ਅੰਤਿਮ ਸਸਕਾਰ ਕਰ ਦਿੱਤਾ ਸੀ। ਹੁਣ ਇਸ ਗੰਭੀਰ ਲਾਪਰਵਾਹੀ ਦੇ ਸਾਹਮਣੇ ਆਉਣ ਮਗਰੋਂ ਪੁਲਸ ਪ੍ਰਸ਼ਾਸਨ ਨੇ ਮਾਮਲੇ ਦੀ ਉੱਚ ਪੱਧਰੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਡੀ.ਐੱਸ.ਪੀ. ਸ਼ੀਤਲ ਸਿੰਘ ਅਨੁਸਾਰ ਇਸ ਘਟਨਾ ਵਿੱਚ ਕਿਸ ਪੱਧਰ ’ਤੇ ਲਾਪਰਵਾਹੀ ਹੋਈ ਹੈ, ਇਸ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਦੇ ਨਾਲ ਹੀ ਪੁਲਸ ਸਾਹਮਣੇ ਹੁਣ ਸਭ ਤੋਂ ਵੱਡਾ ਸਵਾਲ ਇਹ ਖੜ੍ਹਾ ਹੋ ਗਿਆ ਹੈ ਕਿ ਆਖ਼ਰ ਉਹ ਲਾਸ਼ ਕਿਸ ਅਣਪਛਾਤੇ ਨੌਜਵਾਨ ਦੀ ਸੀ, ਜਿਸ ਨੂੰ (ਬਾਕੀ ਸਫ਼ਾ 2 ’ਤੇ)

ਸਚਿਨ ਪਾਇਲਟ ਪੰਜਾਬ ਕਾਂਗਰਸ ਦੇ ਨਵੇਂ ਇੰਚਾਰਜ ਬਣੇ, ਭੁਪੇਸ਼ ਬਘੇਲ ਦੀ ਥਾਂ ਲੈਣਗੇ

ਨਵੀਂ ਦਿੱਲੀ, 5 ਸਤੰਬਰ (ਪੈ.ਗ਼ਾਮ-ਏ-ਜਗਤ)



ਰਾਹੁਲ ਗਾਂਧੀ ਦੇ ਦੌਰੇ ਤੋਂ ਪਹਿਲਾਂ ਕਾਂਗਰਸ ਹਾਈਕਮਾਨ ਨੇ ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਨਵਾਂ ਇੰਚਾਰਜ ਨਿਯੁਕਤ ਕੀਤਾ ਹੈ। ਉਹ ਸਾਬਕਾ ਮੁੱਖ ਮੰਤਰੀ ਭੁਪੇਸ਼ ਬਘੇਲ ਦੀ ਥਾਂ ਲੈਣਗੇ। ਜਿਨ੍ਹਾਂ ਨੂੰ ਅਸਾਮ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।

ਕਾਂਗਰਸ ਨੇ ਇੱਕ ਵੱਡਾ ਸੰਗਠਨਾਤਮਕ ਬਦਲਾਅ ਕੀਤਾ ਹੈ। ਜਿਸ ਵਿੱਚ ਏਆਈਸੀਸੀ ਨੇ ਕਈ ਸੂਬਿਆਂ ਦੇ ਇੰਚਾਰਜਾਂ ਨੂੰ ਬਦਲ ਦਿੱਤਾ ਹੈ। ਸਚਿਨ ਪਾਇਲਟ ਨੂੰ ਪੰਜਾਬ ਦਾ ਇੰਚਾਰਜ ਬਣਾਇਆ ਗਿਆ ਹੈ। ਇਸੇ ਤਰ੍ਹਾਂ ਰਣਦੀਪ ਸੁਰਜੇਵਾਲਾ ਨੂੰ ਗੁਜਰਾਤ, ਭੂਪੇਸ਼ ਬਘੇਲ ਅਸਾਮ, ਸੁਖਦੇਵ ਭਗਤ ਛੱਤੀਸਗੜ੍ਹ, ਸ਼੍ਰੀਵੇਲਾ ਪ੍ਰਸਾਦ ਮਹਾਰਾਸ਼ਟਰ ਅਤੇ ਪੀਵੀ ਮੋਹਨ ਨੂੰ ਆਂਧਰਾ ਪ੍ਰਦੇਸ਼ ਦਾ ਇੰਚਾਰਜ ਬਣਾਇਆ ਗਿਆ ਹੈ। ਰਣਦੀਪ ਸੁਰਜੇਵਾਲਾ ਨੂੰ ਕਰਨਾਟਕ ਦੀ ਵਾਧੂ ਜ਼ਿੰਮੇਵਾਰੀ ਵੀ ਦਿੱਤੀ ਗਈ ਹੈ। ਇਸ ਦੌਰਾਨ ਮੁਕੁਲ ਵਾਸਨਿਕ ਜਨਰਲ ਸਕੱਤਰ ਬਣੇ ਰਹਿਣਗੇ। ਦੱਸ ਦਈਏ ਕਿ ਪੰਜਾਬ ਵਿੱਚ ਅਗਲੇ ਸਾਲ ਵਿਧਾਨ ਸਭਾ ਚੋਣਾਂ ਹੋ ਰਹੀਆਂ ਹਨ ਅਤੇ ਭੁਪੇਸ਼ ਬਘੇਲ ਚੋਣਾਂ ਦੀ ਤਿਆਰੀ ਲਈ ਪੰਜਾਬ ਆਏ ਸਨ ਪਰ ਪੰਜਾਬ ਕਾਂਗਰਸ ਦੇ ਆਗੂਆਂ ਵਿੱਚ ਧੜੇਬੰਦੀ ਸਪੱਸ਼ਟ ਹੋ ਗਈ। ਇਸ ਦੌਰਾਨ ਪੰਜਾਬ ਇੰਚਾਰਜ ਵਿੱਚ ਬਦਲਾਅ ਕੀਤਾ ਗਿਆ ਹੈ। ਭੁਪੇਸ਼ ਬਘੇਲ ਦੀ ਲੀਡਰਸ਼ਿਪ ਨੂੰ ਲੈ ਕੇ ਪੰਜਾਬ ਕਾਂਗਰਸ ਵਿੱਚ ਕਾਟੋ-ਕਲੇਸ਼ ਦੇਖਣ ਨੂੰ ਮਿਲਿਆ। ਚਰਨਜੀਤ ਸਿੰਘ ਚੰਨੀ ਧੜੇ ਨੇ ਖੁੱਲ੍ਹ ਕੇ ਉਨ੍ਹਾਂ ਦਾ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ ਸੀ। ਇਸੇ ਕਾਰਨ ਕਰਕੇ, ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਚੰਨੀ ਧੜੇ ਨੂੰ ਖੁਸ਼ ਕਰਨ ਲਈ ਭੁਪੇਸ਼ ਬਘੇਲ ਨੂੰ ਹਟਾ ਦਿੱਤਾ ਗਿਆ ਹੈ।

ਹਾਲਾਂਕਿ, ਇਹ ਕਦਮ ਕਾਂਗਰਸ ਲਈ ਉਲਟਾ ਅਸਰ ਪਾ ਸਕਦਾ ਹੈ, ਕਿਉਂਕਿ ਭੁਪੇਸ਼ ਬਘੇਲ ਹਰੇਕ ਜ਼ਿਲ੍ਹੇ ਦੇ ਸੰਗਠਨ ਤੋਂ ਚੰਗੀ ਤਰ੍ਹਾਂ ਜਾਣੂ ਸਨ ਅਤੇ ਉਨ੍ਹਾਂ ਨੇ ਇਸ ’ਤੇ ਆਪਣੀ ਮਜ਼ਬੂਤ ਪਕੜ ਬਣਾਈ ਹੋਈ ਸੀ।

ਅਜਿਹੀ ਸਥਿਤੀ ਵਿੱਚ, ਨਵਾਂ ਸੂਬਾ ਇੰਚਾਰਜ ਵਿਧਾਨ ਸਭਾ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਪੂਰੇ ਸੰਗਠਨ ਨੂੰ ਕਿਵੇਂ ਇਕਜੁੱਟ ਕਰ ਸਕੇਗਾ, ਇਹ ਸਚਿਨ ਪਾਇਲਟ ਲਈ ਇੱਕ ਵੱਡੀ ਚੁਣੌਤੀ ਹੋਵੇਗੀ। ਇਸ ਤੋਂ (ਬਾਕੀ ਸਫ਼ਾ 2 ’ਤੇ)



ਸੰਤ ਬਾਬਾ ਅਤਰ ਸਿੰਘ ਜੀ ਦੀ 100 ਸਾਲਾ ਬਰਸੀ ਨੂੰ ਸਮਰਪਿਤ ਵਿਸ਼ੇਸ਼ ਸਮਾਗਮ, 24 ਅਧਿਆਪਕ ਸਨਮਾਨਿਤ



ਸੰਗਰੂਰ, 5 ਸਤੰਬਰ (ਪੈ.ਗਾਮ-ਏ-ਜਗਤ)

ਸੰਤ ਬਾਬਾ ਅਤਰ ਸਿੰਘ ਜੀ ਦੀ 100 ਸਾਲਾ ਬਰਸੀ ਨੂੰ ਸਮਰਪਿਤ ਅੱਜ ਸੰਗਰੂਰ ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਆਯੋਜਿਤ ਇਸ ਸਮਾਗਮ ਦੌਰਾਨ ਅਕਾਲ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿੱਚ ਸਿੱਖਿਆ ਦੇ ਖੇਤਰ ਵਿੱਚ ਮਿਹਨਤ, ਸਮਰਪਣ ਅਤੇ ਸ਼ਾਨਦਾਰ

- **ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪਹਿਲੇ 'ਸੰਤ ਅਤਰ ਸਿੰਘ ਐਜੂਕੇਸ਼ਨ ਅਵਾਰਡ' ਪ੍ਰਦਾਨ**

ਕਾਰਗੁਜ਼ਾਰੀ ਲਈ 24 ਅਧਿਆਪਕਾਂ ਨੂੰ ਸੰਗਰੂਰ ਦੇ ਪਹਿਲੇ 'ਸੰਤ ਅਤਰ ਸਿੰਘ ਐਜੂਕੇਸ਼ਨ ਅਵਾਰਡ' ਨਾਲ ਸਨਮਾਨਿਤ ਕੀਤਾ ਗਿਆ।

ਅਧਿਆਪਕ ਦਿਵਸ ਮੌਕੇ ਕਰਵਾਏ ਗਏ ਇਸ ਸਮਾਗਮ ਵਿੱਚ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸਨਮਾਨਿਤ ਅਧਿਆਪਕਾਂ ਨੂੰ ਅਵਾਰਡ ਪ੍ਰਦਾਨ ਕੀਤੇ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਧਿਆਪਕ ਸਿਰਫ਼ ਵਿਦਿਆ ਪ੍ਰਦਾਨ ਕਰਨ ਵਾਲੇ ਨਹੀਂ, ਸਗੋਂ ਸਮਾਜ ਅਤੇ ਦੇਸ਼ ਦਾ ਭਵਿੱਖ ਘੜਨ ਵਾਲੇ ਮਹੱਤਵਪੂਰਨ ਨਿਰਮਾਤਾ ਹਨ। ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਸਦਕਾ ਵਿਦਿਆਰਥੀਆਂ ਨੂੰ ਸਹੀ ਦਿਸ਼ਾ ਮਿਲਦੀ ਹੈ ਅਤੇ ਸਮਾਜ ਨੂੰ ਜ਼ਿੰਮੇਵਾਰ ਨਾਗਰਿਕ ਪ੍ਰਾਪਤ ਹੁੰਦੇ ਹਨ। ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੰਤ ਬਾਬਾ ਅਤਰ ਸਿੰਘ ਜੀ ਨੇ ਸਿੱਖਿਆ, ਅਧਿਆਤਮਿਕਤਾ ਅਤੇ ਮਨੁੱਖਤਾ ਦੀ ਸੇਵਾ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਇਆ। ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਵਿਚਾਰ ਅੱਜ ਵੀ ਸਮਾਜ ਨੂੰ ਸੇਵਾ, ਸਾਦਗੀ ਅਤੇ ਮਨੁੱਖੀ ਕਦਰਾਂ-ਕੀਮਤਾਂ ਨਾਲ ਜੁੜ ਕੇ ਚੱਲਣ ਲਈ ਪ੍ਰੇਰਿਤ ਕਰਦੇ ਹਨ। ਅਜਿਹੇ ਸਮਾਗਮ ਉਨ੍ਹਾਂ ਦੀ ਮਹਾਨ ਵਿਰਾਸਤ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸਮਾਗਮ ਦੌਰਾਨ ਸਿੱਖਿਆ ਦੇ ਨਾਲ-ਨਾਲ ਸਮਾਜ ਸੇਵਾ ਦੇ ਖੇਤਰ ਵਿੱਚ ਅਧਿਆਪਕਾਂ ਵੱਲੋਂ ਪਾਏ ਜਾ ਰਹੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ ਗਈ। ਸਨਮਾਨਿਤ ਅਧਿਆਪਕਾਂ ਨੇ ਕਿਹਾ ਕਿ ਇਹ ਸਨਮਾਨ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਹੋਰ ਵੀ ਸਮਰਪਣ ਅਤੇ ਉਤਸ਼ਾਹ ਨਾਲ ਨਿਭਾਉਣ ਲਈ ਪ੍ਰੇਰਿਤ ਕਰੇਗਾ।

ਇਸ ਮੌਕੇ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਨੇ ਪੁੱਜੀਆਂ ਸ਼ਖ਼ਸ਼ੀਅਤਾਂ ਨੂੰ ਜੀ ਆਇਆ ਆਖਿਆ ਅਤੇ ਕਾਲਜ ਦੀਆਂ ਪ੍ਰਾਪਤੀਆਂ ਤੋਂ ਜਾਣੂ ਕਰਵਾਇਆ।

ਇਸ ਮੌਕੇ ਸਹਾਇਕ ਕਮਿਸ਼ਨਰ ਰਾਜਬੀਰ ਸਿੰਘ ਭੰਗੂ, ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ, ਅਕਾਲ ਕਾਲਜ ਕੌਂਸਲ ਮੈਂਬਰ ਗੁਰਜੰਟ ਸਿੰਘ ਦੁੱਗਾ, ਪ੍ਰਿੰਸੀਪਲ ਡਾ. ਰਾਜਿੰਦਰ ਸਿੰਘ ਬਾਜਵਾ, ਡਾ. ਅਮਨਦੀਪ ਕੌਰ, ਡਾ. ਸੁਖਦੀਪ ਕੌਰ, ਡਾ. ਗੀਤਾ ਠਾਕੁਰ, ਡਾ. ਗੁਰਪ੍ਰੀਤ ਕੌਰ ਗਰੇਵਾਲ, ਡਾ. ਅਮਨਦੀਪ ਕੌਰ ਬਾਠ, ਵਿਜੈ ਪਲਾਹਾ, ਜਸਬੀਰ ਸਿੰਘ, ਪ੍ਰੋ. ਜਸਪਾਲ ਸਿੰਘ, ਡਾ. ਪਦਮਪ੍ਰੀਤ ਕੌਰ, ਸਿਆਸਤ ਸਿੰਘ ਗਿੱਲ, ਗੁਮਧੂਰ ਸਿੰਘ, ਹਰਜੀਤ ਸਿੰਘ ਸਜੂਮਾ, ਬਲਦੇਵ ਸਿੰਘ ਭਮਾ ਬੱਧੀ, ਮਨਜੀਤ ਸਿੰਘ, ਕੋਚ ਲਾਭ ਸਿੰਘ ਸੰਗਰੂਰ, ਦਰਬਾਰਾ ਸਿੰਘ ਚੱਠਾ, ਜੋਗਾ ਸਿੰਘ, ਜੀਤ ਹਰਜੀਤ ਸਿੰਘ, ਕੁਲਵੰਤ ਕਸਕ ਸਮੇਤ ਹੋਰ ਨਾਮਵਰ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਮਾਵਾਂ-ਧੀਆਂ ਸਤਿਕਾਰ ਯੋਜਨਾ ਦੀਆਂ 'ਸਖੀਆਂ' ਦਾ ਵਿਧਾਇਕਾ ਨਰਿੰਦਰ ਕੌਰ ਭਰਾਜ ਵੱਲੋਂ ਸਨਮਾਨ



ਸੰਗਰੂਰ, 5 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਸਨਮਾਨ, ਸੁਰੱਖਿਆ ਅਤੇ ਸਸ਼ਕਤੀਕਰਨ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਪਿੰਡ ਘਾਬਦਾ ਵਿਖੇ ਇੱਕ ਵਿਸ਼ੇਸ਼ ਸਮਾਗਮ


- **ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ— ਮਹਿਲਾਵਾਂ ਦੇ ਸਸ਼ਕਤੀਕਰਨ ਲਈ ਪੰਜਾਬ ਸਰਕਾਰ ਵਚਨਬੱਧ**

ਕਰਵਾਇਆ ਗਿਆ। ਇਸ ਮੌਕੇ ਸੰਗਰੂਰ ਦੀ ਵਿਧਾਇਕਾ ਨਰਿੰਦਰ ਕੌਰ ਭਰਾਜ ਵੱਲੋਂ ਯੋਜਨਾ ਨਾਲ ਜੁੜੀਆਂ 'ਸਖੀਆਂ' ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਵਿਧਾਇਕਾ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਮਹਿਲਾਵਾਂ ਨੂੰ ਸਮਾਜ ਵਿੱਚ ਬਣਦਾ ਸਨਮਾਨ ਦਿਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਅਤੇ ਆਤਮਨਿਰਭਰ ਬਣਾਉਣ ਵੱਲ ਇੱਕ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਕਿਹਾ ਕਿ 'ਸਖੀਆਂ' ਇਸ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਅਤੇ ਉਨ੍ਹਾਂ ਦੀ ਸਮਾਜਿਕ ਤੇ ਆਰਥਿਕ ਮਜ਼ਬੂਤੀ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਇਸ ਪਹਿਲਕਦਮੀ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦਾ ਲਾਭ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਯਤਨ ਨਿਰੰਤਰ ਜਾਰੀ ਰਹਿਣਗੇ। ਵਿਧਾਇਕਾ ਨੇ ਸਨਮਾਨਿਤ 'ਸਖੀਆਂ' ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਆਪਣੇ ਇਲਾਕੇ ਦੀਆਂ ਹੋਰ ਮਹਿਲਾਵਾਂ ਨੂੰ ਸਰਕਾਰੀ ਭਲਾਈ ਸਕੀਮਾਂ, ਮਹਿਲਾ ਅਧਿਕਾਰਾਂ ਅਤੇ ਆਤਮਨਿਰਭਰਤਾ ਸਬੰਧੀ ਜਾਗਰੂਕ ਕਰਨ ਲਈ ਸਰਗਰਮ ਭੂਮਿਕਾ ਨਿਭਾਉਣ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਵੀਰ ਕੌਰ ਸ਼ੇਰਗਿੱਲ ਤੋਂ ਇਲਾਵਾ ਮਹਿਲਾ ਆਗੂ ਸੁਰਜੀਤ ਕੌਰ, ਨਰਿੰਦਰ ਕੌਰ, ਸੁਰਬੀ ਧੀਮਾਨ ਅਤੇ ਮਨਦੀਪ ਕੌਰ ਵੀ ਹਾਜ਼ਰ ਰਹੇ।

ਪੰਚਾਇਤੀ ਨੁਮਾਇੰਦਿਆਂ ਨੂੰ ਸਰਕਾਰੀ ਸਕੀਮਾਂ ਅਤੇ ਵਿਕਾਸ ਯੋਜਨਾਵਾਂ ਬਾਰੇ ਜਾਣਕਾਰੀ ਦੇਣ ਲਈ ਇੱਕ ਰੋਜ਼ਾ ਜ਼ਿਲ੍ਹਾ ਪੱਧਰੀ ਵਰਕਸ਼ਾਪ ਆਯੋਜਿਤ

ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕੀਤੀ ਸ਼ਮੂਲੀਅਤ, ਸਰਕਾਰ ਦੇ ਉਪਰਾਲੇ ਦੀ ਕੀਤੀ ਸ਼ਲਾਘਾ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, 05 ਸਤੰਬਰ (ਪੈ.ਗਾਮ-ਏ-ਜਗਤ)

ਪੰਚਾਇਤੀ ਸੰਸਥਾਵਾਂ ਦੇ ਚੁਣੇ ਹੋਏ ਨੁਮਾਇੰਦਿਆਂ, ਵਿਸ਼ੇਸ਼ ਕਰਕੇ ਸਰਪੰਚਾਂ ਅਤੇ ਪੰਚਾਂ ਨੂੰ ਗ੍ਰਾਮ ਪੰਚਾਇਤਾਂ ਦੀ ਆਮਦਨ ਦੇ ਆਪਣੇ ਸਰੋਤਾਂ, ਗ੍ਰਾਮ ਪੰਚਾਇਤ ਵਿਕਾਸ ਯੋਜਨਾ ਅਤੇ ਸਰਕਾਰ ਦੀਆਂ ਵੱਖ-ਵੱਖ ਫਲੈਗਸ਼ਿਪ ਸਕੀਮਾਂ ਸਬੰਧੀ ਜਾਣਕਾਰੀ ਦੇਣ ਦੇ ਉਦੇਸ਼ ਨਾਲ ਅੱਜ ਜ਼ਿਲ੍ਹਾ ਪੱਧਰ ਦੀ ਇੱਕ ਰੋਜ਼ਾ ਵਰਕਸ਼ਾਪ ਕਿਸਾਨ ਵਿਕਾਸ ਚੈਂਬਰ ਦੇ ਆਡੀਟੋਰੀਅਮ ਵਿਖੇ ਆਯੋਜਿਤ ਕੀਤੀ ਗਈ।

ਇਸ ਵਰਕਸ਼ਾਪ ਵਿੱਚ ਵਿਧਾਇਕ ਹਲਕਾ ਡੇਰਾਬੱਸੀ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।

ਵਿਧਾਇਕ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਪੰਜਾਬ ਸਰਕਾਰ ਵੱਲੋਂ ਪੰਚਾਇਤੀ ਨੁਮਾਇੰਦਿਆਂ ਦੀ ਸਮਰੱਥਾ ਵਿੱਚ ਵਾਧਾ ਕਰਨ ਅਤੇ ਉਨ੍ਹਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ ਸਬੰਧੀ ਜਾਣੂ ਕਰਵਾਉਣ ਲਈ ਕੀਤੇ ਜਾ ਰਹੇ ਅਜਿਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਨਾਲ ਸਰਪੰਚਾਂ ਅਤੇ ਪੰਚਾਂ ਨੂੰ ਆਪਣੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਯੋਜਨਾਬੰਦੀ ਅਤੇ ਅਮਲ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸਹਾਇਤਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੀਮਾਂ ਅਤੇ ਵਿਕਾਸ ਯੋਜਨਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਮਿਲਣ ਨਾਲ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਆਮ ਲੋਕਾਂ ਤੱਕ ਪਹੁੰਚਾਉਣਾ ਯਕੀਨੀ ਬਣਾਇਆ ਜਾ ਸਕਦਾ ਹੈ। ਉਨ੍ਹਾਂ ਪੰਚਾਇਤੀ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਹਰ ਯੋਗ ਲਾਭਪਾਤਰੀ ਤੱਕ ਪਹੁੰਚਾਉਣ ਲਈ ਸਰਗਰਮੀ ਨਾਲ ਕੰਮ ਕਰਨ। ਵਰਕਸ਼ਾਪ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਨਾਲ ਸਬੰਧਤ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ ਅਤੇ ਪੰਚਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦੌਰਾਨ ਪੰਚਾਇਤੀ ਵਿਕਾਸ ਅਤੇ ਸਿਖਲਾਈ ਨਾਲ ਸਬੰਧਤ ਸਰੋਤ ਵਿਅਕਤੀਆਂ ਵੱਲੋਂ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਇਨ੍ਹਾਂ ਸਕੀਮਾਂ ਦੇ ਲਾਭ ਆਮ ਜਨਤਾ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਬਾਰੇ ਮਾਰਗਦਰਸ਼ਨ ਦਿੱਤਾ ਗਿਆ।

ਇਸ ਤੋਂ ਇਲਾਵਾ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਦੇ ਅਧਿਕਾਰੀਆਂ ਵੱਲੋਂ ਪਿੰਡਾਂ ਵਿੱਚ ਸੋਲਰ ਲਾਈਟਾਂ ਲਗਾਉਣ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਸੂਰਜੀ ਊਰਜਾ ਅਧਾਰਿਤ ਲਾਈਟਾਂ ਦੀ ਵਰਤੋਂ ਨਾਲ ਹੋਣ ਵਾਲੇ ਵਾਤਾਵਰਣਿਕ ਅਤੇ ਆਰਥਿਕ ਲਾਭਾਂ ਬਾਰੇ ਵੀ ਸਰਪੰਚਾਂ ਨੂੰ ਜਾਣੂ ਕਰਵਾਇਆ।

ਇਸ ਮੌਕੇ ਸ੍ਰੀਮਤੀ ਸੋਨਮ ਚੌਧਰੀ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਸ੍ਰੀਮਤੀ ਪਰਮਬੀਰ ਕੌਰ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਅਤੇ ਜ਼ਿਲ੍ਹੇ ਦੇ ਸਮੂਹ ਚਾਰ ਬਲਾਕਾਂ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ (ਬੀ.ਡੀ.ਪੀ.ਓ.) ਵੀ ਹਾਜ਼ਰ ਸਨ।

ਐਸ.ਆਈ.ਆਰ.-2026 ਤਹਿਤ ਵੋਟਰ ਸੂਚੀਆਂ ਦੀ ਸੁਧਾਈ ਲਈ 6 ਸਤੰਬਰ ਨੂੰ ਜ਼ਿਲ੍ਹਾ ਸੰਗਰੂਰ ਦੇ ਸਾਰੇ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ : ਜ਼ਿਲ੍ਹਾ ਚੋਣ ਅਫ਼ਸਰ

ਸੰਗਰੂਰ, 5 ਸਤੰਬਰ (ਪੈ.ਗਾਮ-ਏ-ਜਗਤ)

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸੰਗਰੂਰ ਵਿੱਚ ਐਸ.ਆਈ.ਆਰ.-2026 ਤਹਿਤ ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ ਜਾਰੀ ਹੈ। ਇਸੇ ਤਹਿਤ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ 6 ਸਤੰਬਰ 2026 ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾਣਗੇ।

- **ਇਲੈਕਟੋਰਲ ਰੋਲ ਆਬਜ਼ਰਵਰ ਵਰਿੰਦਰ ਕੁਮਾਰ ਸ਼ਰਮਾ ਵੱਲੋਂ ਵਿਸ਼ੇਸ਼ ਕੈਂਪਾਂ ਦਾ ਨਿਰੀਖਣ; ਆਮ ਲੋਕਾਂ ਦੀਆਂ ਸ਼ਿਕਾਇਤਾਂ ਤੇ ਦਾਅਵੇ-ਇਤਰਾਜ਼ ਸੁਣਨ ਲਈ 12:30 ਵਜੇ ਵਿਸ਼ੇਸ਼ ਮੀਟਿੰਗ**



ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਨੇ ਦੱਸਿਆ ਕਿ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਸ੍ਰੀ ਵਰਿੰਦਰ ਕੁਮਾਰ ਸ਼ਰਮਾ, ਆਈ.ਏ.ਐਸ., ਸਕੱਤਰ-ਕਮ-ਡਾਇਰੈਕਟਰ, ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ, ਪੰਜਾਬ ਨੂੰ ਜ਼ਿਲ੍ਹਾ ਸੰਗਰੂਰ ਲਈ ਇਲੈਕਟੋਰਲ ਰੋਲ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਲੈਕਟੋਰਲ ਰੋਲ ਆਬਜ਼ਰਵਰ ਵੱਲੋਂ ਜ਼ਿਲ੍ਹੇ ਦਾ ਤਿੰਨ ਵਾਰ ਦੌਰਾ ਕੀਤਾ ਜਾਵੇਗਾ। ਪਹਿਲਾ ਦੌਰਾ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨ ਦੇ ਸਮੇਂ, ਦੂਜਾ ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ ਦੌਰਾਨ ਅਤੇ ਤੀਜਾ ਬੀ.ਐੱਲ.ਓਜ਼ ਦੀਆਂ ਵਰਕਿੰਗ ਕਾਪੀਆਂ ਦੀ ਪੜਤਾਲ, ਸਪਲੀਮੈਂਟ ਦੀ ਛਪਾਈ ਅਤੇ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਦੇ ਪੜਾਅ ਦੌਰਾਨ ਕੀਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 6 ਸਤੰਬਰ ਨੂੰ ਇਲੈਕਟੋਰਲ ਰੋਲ ਆਬਜ਼ਰਵਰ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਵਿਸ਼ੇਸ਼ ਕੈਂਪਾਂ ਦਾ ਨਿਰੀਖਣ ਕੀਤਾ ਜਾਵੇਗਾ। ਇਸ ਤੋਂ ਇਲਾਵਾ ਵਿਧਾਨ ਸਭਾ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ, ਸੰਸਦ ਮੈਂਬਰਾਂ/ਵਿਧਾਇਕਾਂ ਅਤੇ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ, ਸਕੱਤਰਾਂ ਅਤੇ ਨੁਮਾਇੰਦਿਆਂ ਨਾਲ ਵੀ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਮੀਟਿੰਗ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਆਮ ਲੋਕਾਂ ਅਤੇ ਵੋਟਰਾਂ ਦੀਆਂ ਵੋਟਰ ਸੂਚੀ ਨਾਲ ਸਬੰਧਤ ਸ਼ਿਕਾਇਤਾਂ, ਦਾਅਵੇ, ਇਤਰਾਜ਼ ਜਾਂ ਹੋਰ ਸਮੱਸਿਆਵਾਂ ਸੁਣਨ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੰਗਰੂਰ ਦੀ ਗਰਾਊਂਡ ਫਲੋਰ ਸਥਿਤ ਮੀਟਿੰਗ ਹਾਲ ਵਿਖੇ ਦੁਪਹਿਰ 12:30 ਵਜੇ ਤੋਂ 1 ਵਜੇ ਤੱਕ ਵਿਸ਼ੇਸ਼ ਮੀਟਿੰਗ ਵੀ ਕੀਤੀ ਜਾਵੇਗੀ। ਇਲੈਕਟੋਰਲ ਰੋਲ ਆਬਜ਼ਰਵਰ ਵੱਲੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦੇ ਯੋਗ ਹੱਲ ਲਈ ਮੌਕੇ 'ਤੇ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇਗੀ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਪੂਨਮਦੀਪ ਕੌਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 6 ਸਤੰਬਰ ਨੂੰ ਆਪਣੇ ਸਬੰਧਤ ਪੋਲਿੰਗ ਬੂਥ 'ਤੇ ਲੱਗਣ ਵਾਲੇ ਵਿਸ਼ੇਸ਼ ਕੈਂਪ ਵਿੱਚ ਪਹੁੰਚ ਕੇ ਵੋਟਰ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਉਣ, ਵੇਰਵਿਆਂ ਵਿੱਚ ਲੋੜੀਂਦੀ ਸੋਧ ਕਰਵਾਉਣ ਜਾਂ ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ। ਉਨ੍ਹਾਂ ਕਿਹਾ ਕਿ ਯੋਗ ਨਾਗਰਿਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਨਾਲ ਵੋਟਰ ਸੂਚੀਆਂ ਨੂੰ ਹੋਰ ਵਧੇਰੇ ਸ਼ੁੱਧ ਅਤੇ ਪਾਰਦਰਸ਼ੀ ਬਣਾਉਣ ਵਿੱਚ ਮਦਦ ਮਿਲੇਗੀ।

ਹੜਤਾਲੀ ਸਫ਼ਾਈ ਕਰਮਚਾਰੀ ਪਹੁੰਚੇ ਮੰਤਰੀ ਅਨਿਲ ਵਿਜ ਦੇ ਨਿਵਾਸ 'ਤੇ



ਪੈ.ਗਾਮ-ਏ-ਜਗਤ ਅੰਬਾਲਾ, 5 ਸਤੰਬਰ (ਆਰ.ਸਿੰਘ)

ਮਿਊਂਸੀਪਲ ਕਰਮਚਾਰੀ ਯੂਨੀਅਨ ਹਰਿਆਣਾ ਦੇ ਸੱਦੇ 'ਤੇ ਸੈਨੀਟੇਸ਼ਨ ਅਤੇ ਫਾਇਰ ਬ੍ਰਿਗੇਡ ਕਰਮਚਾਰੀਆਂ ਦੀ ਹੜਤਾਲ ਸ਼ਨੀਵਾਰ ਨੂੰ 31ਵੇਂ ਦਿਨ ਵੀ ਜਾਰੀ ਰਹੀ। ਅੱਜ ਹੜਤਾਲੀ ਮੁਲਾਜ਼ਮ ਆਪਣੀਆਂ ਮੰਗਾਂ ਨੂੰ ਲੈ ਕੇ ਸੈਂਕੜਿਆਂ ਦੀ ਗਿਣਤੀ ਵਿਚ ਨਾਅਰੇਬਾਜ਼ੀ ਕਰਦੇ ਕੈਂਟ ਦੀ ਸ਼ਾਸਤਰੀ ਕਾਲੋਨੀ ਸਥਿਤ ਕੈਬਨਿਟ ਮੰਤਰੀ ਅਨਿਲ ਵਿਜ ਦੀ ਰਿਹਾਇਸ਼ ਦੇ ਬਾਹਰ ਪਹੁੰਚੇ ਅਤੇ ਰੋਸ ਪ੍ਰਦਰਸ਼ਨ ਕੀਤਾ। ਧਰਨਾਕਾਰੀਆਂ ਦੀਆਂ ਸਮੱਸਿਆਵਾਂ ਸੁਣਨ ਲਈ ਮੌਕੇ 'ਤੇ ਪੁੱਜੇ ਮੰਤਰੀ ਵਿਜ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਗੱਲਬਾਤ ਕਰਕੇ ਇਸ ਗਤੀਰੋਧ ਨੂੰ ਹੱਲ ਕਰਵਾਉਣਗੇ।

ਮਜ਼ਦੂਰ ਆਗੂਆਂ ਦਾ ਕਹਿਣਾ ਸੀ ਕਿ ਵਿਜ ਸਾਹਿਬ ਸਾਨੂੰ ਤੁਹਾਡੇ ਤੇ ਪੂਰਾ ਵਿਸ਼ਵਾਸ ਹੈ। ਤੁਸੀਂ ਸਾਡਾ 13 ਮਈ ਵਾਲਾ ਸਮਝੌਤਾ ਲਾਗੂ ਕਰਵਾ ਦਿਓ। ਅਸੀਂ ਤੁਹਾਡੇ ਬੱਚੇ ਹਾਂ, ਆਪਣੀਆਂ ਦਿਉਰ ਦਾ ਪ੍ਰਯੋਗ ਕਰਕੇ ਸਾਡਾ ਕੰਮ ਕਰਵਾ ਦਿਓ। ਵਿੱਜ ਸਾਹਿਬ ਆਪ ਕਾ ਨਾਮ ਹੋ ਜਾਏਗਾ-ਹਮਾਰਾ ਕਾਮ ਹੋ ਜਾਏਗਾ। ਵਿਜ ਸਾਹਿਬ ਦਾ ਕਹਿਣਾ ਸੀ ਕਿ ਮੇਰੀ ਸ਼ਕਤੀ ਤੁਹਾਡੇ ਨਾਲ ਹੈ। ਇਸ ਤੋਂ ਪਹਿਲਾਂ ਅੱਜ ਸਫ਼ਾਈ ਕਰਮਚਾਰੀਆਂ ਨੇ ਕਾਲੇ ਝੰਡੇ ਲੈ ਕੇ ਬਾਈਕਾਂ ਤੇ ਸਵਾਰ ਹੋ ਕੇ ਸ਼ਹਿਰ ਦੀਆਂ ਸੜਕਾਂ ਤੇ ਰੋਸ ਮਾਰਚ ਕੀਤਾ।

ਦੂਜੇ ਪਾਸੇ ਸੰਘ ਆਗੂਆਂ ਨੇ ਸਪੱਸ਼ਟ ਕੀਤਾ ਕਿ 10 ਤੋਂ 12 ਸਤੰਬਰ ਤੱਕ ਜ਼ਿਲ੍ਹਾ ਪੱਧਰੀ ਨਿਆਇ ਪੰਚਾਇਤ ਅਤੇ 13 ਸਤੰਬਰ ਨੂੰ ਕੁਰੂਕਸ਼ੇਤਰ ਵਿੱਚ ਸੂਬਾ ਪੱਧਰੀ ਨਿਆਇ ਪੰਚਾਇਤ ਦਾ ਆਯੋਜਨ ਕੀਤਾ ਜਾਵੇਗਾ।

ਸੰਯੁਕਤ ਰਾਸ਼ਟਰ ਵੱਲੋਂ ਬਾਲ ਵਿਆਹ ਵਿਰੁੱਧ ਵਿਸ਼ਵ ਦਿਵਸ ਦਾ ਐਲਾਨ ਜੇਆਰਸੀ ਦੇ ਯਤਨਾਂ ਦਾ ਫਲ ਹੈ : ਬੜੌਲਾ



ਪੈ.ਗਾਮ=ਏ-ਜਗਤ/ਅੰਬਾਲਾ 5 ਸਤੰਬਰ (ਆਰ.ਸਿੰਘ)

ਅੰਬਾਲਾ ਵਿੱਚ ਬਾਲ ਵਿਆਹ ਵਿਰੁੱਧ ਜ਼ਮੀਨੀ ਪੱਧਰ 'ਤੇ ਮੁਹਿੰਮ ਦੀ ਅਗਵਾਈ ਕਰ ਰਹੀ ਸੰਸਥਾ 'ਜ਼ਿਲ੍ਹਾ ਯੁਵਾ ਵਿਕਾਸ ਸੰਗਠਨ' ਨੇ ਸੰਯੁਕਤ ਰਾਸ਼ਟਰ ਵੱਲੋਂ 27 ਨਵੰਬਰ ਨੂੰ ਬਾਲ, ਛੋਟੀ ਉਮਰ ਅਤੇ ਜ਼ਬਰਦਸਤੀ ਵਿਆਹ ਦੇ ਖ਼ਾਤਮੇ

- **ਮਾਜਰੀ ਸਕੂਲ ਵਿਚ ਅਧਿਆਪਕ ਦਿਵਸ ਤੇ ਦਿੱਤੀ ਜਾਣਕਾਰੀ**

ਲਈ ਅੰਤਰਰਾਸ਼ਟਰੀ ਦਿਵਸ ਵਜੋਂ ਐਲਾਨ ਕਰਨ ਦੇ ਇਤਿਹਾਸਕ ਕਦਮ ਦਾ ਸਵਾਗਤ ਕਰਦਿਆਂ ਸੰਗਠਨ ਦੇ ਪ੍ਰਧਾਨ ਪਰਮਜੀਤ ਸਿੰਘ ਬੜੌਲਾ ਨੇ ਕਿਹਾ ਕਿ ਇਹ ਜਸਟ ਰਾਈਟਸ ਫਾਰ ਚਿਲਡਰਨ (ਜੇਆਰਸੀ) ਦੇ ਅਣਥੱਕ ਅਤੇ ਅਸਾਧਾਰਨ ਯਤਨਾਂ ਦੀ ਵਿਸ਼ਵ ਵਿਆਪੀ ਮਾਨਤਾ ਹੈ, ਜੋ ਕਿ ਸਰਕਾਰ ਅਤੇ ਪ੍ਰਸ਼ਾਸਨ ਦੇ ਸਹਿਯੋਗ ਨਾਲ ਬਾਲ ਵਿਆਹ ਵਿਰੁੱਧ ਮੁਹਿੰਮ ਚਲਾ ਰਹੇ ਦੇਸ਼ ਦੇ ਸਭ ਤੋਂ ਵੱਡੇ ਸਿਵਲ ਸੁਸਾਇਟੀ ਸੰਗਠਨਾਂ ਦਾ ਨੈੱਟਵਰਕ ਹੈ। ਬੜੌਲਾ ਅੱਜ ਮਾਜਰੀ ਪਿੰਡ ਦੇ ਸਕੂਲ ਵਿਚ ਅਧਿਆਪਕ ਦਿਵਸ ਦੇ ਇਕ ਪ੍ਰੋਗਰਾਮ ਵਿਚ ਬੋਲ ਰਹੇ ਸਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਯੁਵਾ ਵਿਕਾਸ ਸੰਗਠਨ ਜੇਆਰਸੀ ਦਾ ਇੱਕ ਸਹਿਯੋਗੀ ਸੰਗਠਨ ਹੈ ਅਤੇ ਜੇਆਰਸੀ ਵੱਲੋਂ ਲੰਬੇ ਸਮੇਂ ਤੋਂ ਇਸ ਦਿਨ ਦੀ ਮੰਗ ਕੀਤੀ ਜਾ ਰਹੀ ਸੀ।

ਪਰਮਜੀਤ ਸਿੰਘ ਬੜੌਲਾ ਨੇ ਕਿਹਾ ਕਿ ਭਾਰਤ ਤੋਂ ਉੱਠੀ ਆਵਾਜ਼ ਅੱਜ ਪੂਰੀ ਦੁਨੀਆ ਦਾ ਸੰਕਲਪ ਬਣ ਗਈ ਹੈ। ਇਹ ਸਾਰੇ ਭਾਰਤ ਲਈ ਵੀ ਮਾਣ ਵਾਲੀ ਗੱਲ ਹੈ, ਕਿਉਂਕਿ ਸੰਯੁਕਤ ਰਾਸ਼ਟਰ ਨੇ ਬਾਲ ਵਿਆਹ ਵਿਰੁੱਧ ਵਿਸ਼ਵ-ਵਿਆਪੀ ਦਿਵਸ ਲਈ 27 ਨਵੰਬਰ ਨੂੰ ਚੁਣਿਆ ਹੈ। 2024 ਵਿੱਚ ਇਸ ਦਿਨ ਭਾਰਤ ਸਰਕਾਰ ਨੇ ਜਸਟ ਰਾਈਟਸ ਫਾਰ ਚਿਲਡਰਨ ਵਰਗੇ ਸਿਵਲ ਸੁਸਾਇਟੀ ਸੰਗਠਨਾਂ ਦੇ ਸਹਿਯੋਗ ਨਾਲ ਬਾਲ ਵਿਆਹ ਮੁਕਤ ਭਾਰਤ ਮੁਹਿੰਮ ਸ਼ੁਰੂ ਕੀਤੀ ਸੀ। ਸੰਯੁਕਤ ਰਾਸ਼ਟਰ ਦੇ ਐਲਾਨਨਾਮੇ ਨੇ ਸਾਨੂੰ ਮਾਣ ਦਿੱਤਾ ਹੈ। ਹੁਣ ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਇਹ ਯਕੀਨੀ ਬਣਾਈਏ ਕਿ ਦੁਨੀਆ ਦੇ ਹਰ ਬੱਚੇ ਦਾ ਬਚਪਨ ਬਾਲ ਵਿਆਹ ਤੋਂ ਮੁਕਤ ਹੋਵੇ। ਜਿੰਨਾ ਚਿਰ ਜ਼ਿਲ੍ਹੇ ਦੇ ਕਿਸੇ ਵੀ ਪਿੰਡ ਵਿੱਚ ਇੱਕ ਵੀ ਬੱਚਾ ਬਾਲ ਵਿਆਹ ਦੇ ਡਰ ਵਿੱਚ ਰਹਿੰਦਾ ਹੈ, ਸਾਡੀ ਲੜਾਈ ਅਧੂਰੀ ਰਹਿੰਦੀ ਹੈ। ਇਸ ਮੌਕੇ 'ਤੇ ਬੜੌਲਾ ਨੇ ਦੱਸਿਆ ਕਿ ਇਕੱਲੇ ਅੰਬਾਲਾ ਜ਼ਿਲ੍ਹੇ ਵਿੱਚ ਉਨ੍ਹਾਂ ਦਾ ਸੰਗਠਨ ਸਰਕਾਰ ਅਤੇ ਪ੍ਰਸ਼ਾਸਨ ਦੇ ਸਹਿਯੋਗ ਰਾਹੀਂ 1,120 ਬਾਲ ਵਿਆਹਾਂ ਨੂੰ ਰੋਕ ਚੁੱਕਾ ਹੈ।

ਉਨ੍ਹਾਂ ਅੱਗੇ ਕਿਹਾ, ਅਸੀਂ ਜਾਣਦੇ ਹਾਂ ਕਿ ਸਿਰਫ਼ ਕਾਨੂੰਨ ਹੀ ਬਾਲ ਵਿਆਹ ਨੂੰ ਪੂਰੀ ਤਰ੍ਹਾਂ ਨਹੀਂ ਰੋਕ ਸਕਣਗੇ, ਇਸ ਲਈ ਅਸੀਂ ਸਕੂਲਾਂ, ਪੰਚਾਇਤਾਂ ਅਤੇ ਪਿੰਡਾਂ ਵਿੱਚ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮਾਂ ਸ਼ੁਰੂ ਕੀਤੀਆਂ ਹਨ। ਅਸੀਂ ਬਾਲ ਵਿਆਹ ਵਿਰੁੱਧ ਲੋਕਾਂ ਨੂੰ ਸਹੁੰ ਚੁਕਾਈ ਹੈ ਅਤੇ ਬਾਲ ਵਿਆਹ ਦੇ ਸ਼ਿਕਾਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਸਰਕਾਰੀ ਯੋਜਨਾਵਾਂ ਨਾਲ ਵੀ ਜੋੜਿਆ ਹੈ, ਸਕੂਲ ਛੱਡਣ ਵਾਲੇ ਬੱਚਿਆਂ ਨੂੰ ਦੁਬਾਰਾ ਦਾਖਲ ਕਰਵਾਇਆ ਹੈ। ਇਸ ਤੋਂ ਇਲਾਵਾ ਬਾਲ ਵਿਆਹ ਵਿਰੁੱਧ ਮੁਹਿੰਮ ਵਿੱਚ ਧਾਰਮਿਕ ਆਗੂਆਂ ਅਤੇ ਅਧਿਆਪਕਾਂ ਨੂੰ ਸ਼ਾਮਲ ਕਰਕੇ ਅਸੀਂ ਇਸ ਨੂੰ ਸੱਚਮੁੱਚ ਇੱਕ ਜਨ ਅੰਦੋਲਨ ਬਣਾਇਆ ਹੈ ਜਿਸ ਦੀ ਗੂੰਜ ਸੰਯੁਕਤ ਰਾਸ਼ਟਰ ਵਿੱਚ ਵੀ ਪੈ ਰਹੀ ਹੈ। ਬੜੌਲਾ ਨੇ ਦੱਸਿਆ ਕਿ ਜੇਆਰਸੀ ਦੇ ਬਾਨੀ ਭੁਵਨ ਰਿਭੂ ਨੇ ਬਾਲ ਵਿਆਹ ਦੇ ਖ਼ਾਤਮੇ ਲਈ ਮਾਰਚ 2026 ਵਿੱਚ ਸੰਯੁਕਤ ਰਾਸ਼ਟਰ ਵਿੱਚ ਆਪਣੇ ਸੰਬੋਧਨ ਦੌਰਾਨ ਬਾਲ ਵਿਆਹ ਵਿਰੁੱਧ ਅੰਤਰਰਾਸ਼ਟਰੀ ਦਿਵਸ ਘੋਸ਼ਿਤ ਕਰਨ ਲਈ ਇੱਕ ਮਤੇ ਦੀ ਮੰਗ ਕੀਤੀ ਸੀ ਜਿਸ ਦਾ ਸਮਰਥਨ ਪੱਛਮ ਅਫ਼ਰੀਕੀ ਦੇਸ਼ ਸਿਏਰਾ ਲਿਓਨ ਦੀ ਪਹਿਲੀ ਮਹਿਲਾ (ਰਾਸ਼ਟਰਪਤੀ ਦੀ ਪਤਨੀ) ਡਾ. ਫਾਤਿਮਾ ਮਾਡਾ ਬਾਯੋ ਨੇ ਕਰਦਿਆਂ ਸੰਯੁਕਤ ਰਾਸ਼ਟਰ ਮਹਾਂਸਭਾ ਵਿੱਚ ਇੱਕ ਮਤਾ ਪੇਸ਼ ਕੀਤਾ, ਜਿਸ ਨੂੰ ਭਾਰਤ ਸਮੇਤ ਲਗਭਗ 50 ਦੇਸ਼ਾਂ ਨੇ ਸਮਰਥਨ ਦਿੱਤਾ। ਮਤੇ ਵਿਚ ਮੰਗ ਕੀਤੀ ਗਈ ਕਿ 27 ਨਵੰਬਰ ਨੂੰ ਬਾਲ ਵਿਆਹ ਦੇ ਖ਼ਾਤਮੇ ਲਈ ਸਮਰਪਿਤ ਇੱਕ ਵਿਸ਼ਵ-ਵਿਆਪੀ ਦਿਨ ਐਲਾਨਿਆ ਜਾਵੇ।

ਸਫ਼ਾ 1 ਦਾ ਬਾਕੀ...

'ਸਕ੍ਰੀਨ ਟਾਈਮ ਅਤੇ...

ਵੀਡੀਓ ਗੇਮਾਂ ਦੀ ਬਜਾਏ ਮੈਦਾਨ 'ਚ ਖੇਡੀਆਂ ਜਾਣ ਵਾਲੀਆਂ ਖੇਡਾਂ ਵੱਲ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।' ਉਨ੍ਹਾਂ ਕਿਹਾ, 'ਜੇਕਰ ਕੋਈ ਬੱਚਾ ਮੈਦਾਨੀ ਖੇਡਾਂ 'ਚ ਦਿਲਚਸਪੀ ਲੈਣ ਲੱਗ ਪਵੇ, ਤਾਂ ਉਹ ਹੌਲੀ-ਹੌਲੀ ਸਕ੍ਰੀਨ ਦੀ ਲਤ ਤੋਂ ਬਾਹਰ ਆ ਸਕਦਾ ਹੈ।' ਮੋਦੀ ਨੇ ਅਧਿਆਪਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਬੱਚਿਆਂ ਨੂੰ ਵੱਧ ਤੋਂ ਵੱਧ ਰਚਨਾਤਮਕ ਗਤੀਵਿਧੀਆਂ 'ਚ ਸ਼ਾਮਲ ਕਰਨ ਦੀ ਆਦਤ ਪੈਦਾ ਕਰਨੀ ਚਾਹੀਦੀ ਹੈ ਤੇ ਇਸ ਲਈ ਕੁਝ ਵਿਸ਼ੇਸ਼ ਪ੍ਰੋਗਰਾਮ ਵੀ ਤਿਆਰ ਕੀਤੇ ਜਾਣੇ ਚਾਹੀਦੇ ਹਨ।

ਪੰਜਾਬ-ਚੰਡੀਗੜ੍ਹ ਦੇ...

ਸਥਿਤ ਸਰਕਾਰੀ ਮਾਡਲ ਹਾਈ ਸਕੂਲ ਦੇ ਅਧਿਆਪਕ ਵਜੋਂ ਦਰਜ ਹੈ। ਪਟਿਆਲਾ ਦੇ ਸਰਕਾਰੀ ਵਿਕਟੋਰੀਆ ਗਰਲਜ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਫਿਜ਼ਿਕਸ ਲੈਕਚਰਾਰ ਡਾ. ਦਿਨੇਸ਼ ਕੁਮਾਰ ਨੂੰ ਰਾਸ਼ਟਰੀ ਅਧਿਆਪਕ ਪੁਰਸਕਾਰ-2026 ਲਈ ਚੁਣਿਆ ਗਿਆ ਹੈ। ਉਹ ਸਮੁੱਚੇ ਪੰਜਾਬ ਵਿੱਚੋਂ ਇਸ ਸਰਵਉੱਚ ਰਾਸ਼ਟਰੀ ਪੁਰਸਕਾਰ ਲਈ ਚੁਣੇ ਜਾਣ ਵਾਲੇ ਇਕਲੌਤੇ ਅਧਿਆਪਕ ਹਨ। ਪਿਛਲੇ ਲਗਭਗ 25 ਸਾਲਾਂ ਤੋਂ ਅਧਿਆਪਨ ਦੇ ਖੇਤਰ ਵਿੱਚ ਸਰਗਰਮ ਡਾ. ਕੁਮਾਰ ਬੀਤੇ 10 ਸਾਲਾਂ ਤੋਂ ਵੱਧ ਸਮੇਂ ਤੋਂ ਇਸੇ ਸਰਕਾਰੀ ਕੰਨਿਆ ਸਕੂਲ ਵਿੱਚ ਨਿਰੰਤਰ ਆਪਣੀਆਂ ਸ਼ਾਨਦਾਰ ਸੇਵਾਵਾਂ ਦੇ ਰਹੇ ਹਨ।

ਟਰੱਕ ਹੇਠਾਂ 10...

ਸ਼ੁਰੂਆਤੀ ਜਾਣਕਾਰੀ ਅਨੁਸਾਰ ਟਰੱਕ ਵੱਲੋਂ ਅਚਾਨਕ ਬ੍ਰੇਕ ਲਗਾਉਣ ਅਤੇ ਬਾਈਕ ਦੀ ਬ੍ਰੇਕ ਨਾ ਲੱਗਣ ਕਾਰਨ ਇਹ ਘਟਨਾ ਵਾਪਰਨ ਦਾ ਸ਼ੱਕ ਜਤਾਇਆ ਜਾ ਰਿਹਾ ਹੈ। ਹਾਦਸੇ ਉਪਰੰਤ ਟਰੱਕ ਚਾਲਕ ਮੌਕੇ ਤੋਂ ਫ਼ਰਾਰ ਹੋ ਗਿਆ, ਜਿਸ ਦੀ ਭਾਲ ਜਾਰੀ ਹੈ। ਇਹ ਖ਼ੂਨੀ ਹਾਦਸਾ ਦੇਰ ਰਾਤ ਤਕਰੀਬਨ 3:30 ਵਜੇ ਵਾਪਰਿਆ। ਤਿੰਨੋਂ ਨੌਜਵਾਨ ਇੱਕੋ ਸਪਲੈਂਡਰ ਮੋਟਰਸਾਈਕਲ 'ਤੇ ਸਵਾਰ ਹੋ ਕੇ ਜਲੰਧਰ ਤੋਂ ਲੁਧਿਆਣਾ ਵੱਲ ਜਾ ਰਹੇ ਸਨ। ਜਿਵੇਂ ਹੀ ਉਹ ਗੋਰਾਇਆ ਓਵਰਬ੍ਰਿਜ ਕੋਲ ਪੁੱਜੇ ਤਾਂ ਉਨ੍ਹਾਂ ਦੀ ਬਾਈਕ ਅੱਗੇ ਜਾ ਰਹੇ ਡਾਕ ਪਾਰਸਲ ਟਰੱਕ ਦੇ ਪਿੱਛੇ ਜਾ ਟਕਰਾਈ। ਮੁੱਢਲੀ ਤਫ਼ਤੀਸ਼ ਦੌਰਾਨ ਹਾਦਸੇ ਦੇ ਠੋਸ ਕਾਰਨਾਂ ਦੀ ਪੁਸ਼ਟੀ ਨਹੀਂ ਹੋ ਸਕੀ, ਪਰ ਹਾਈਵੇਅ 'ਤੇ ਅਚਾਨਕ ਬ੍ਰੇਕ ਲੱਗਣ ਦੇ ਖ਼ਦਸ਼ੇ ਸਮੇਤ ਸਾਰੇ ਪਹਿਲੂਆਂ ਤੋਂ ਮਾਮਲੇ ਦੀ ਘੋਖ ਕੀਤੀ ਜਾ ਰਹੀ ਹੈ।

ਬੋਲੀਵੀਆ ਦੇ ਫੌਜੀ...

ਅਨੁਸਾਰ ਧਮਾਕਾ ਸਥਾਨਕ ਸਮੇਂ ਮੁਤਾਬਕ ਦੁਪਹਿਰ ਕਰੀਬ 2:30 ਵਜੇ ਉਸ ਥਾਂ 'ਤੇ ਹੋਇਆ, ਜਿੱਥੇ ਰੱਖਿਆ ਮੰਤਰਾਲੇ ਵੱਲੋਂ ਪਟਾਕਿਆਂ ਦਾ ਸਟਾਕ ਰੱਖਿਆ ਗਿਆ ਸੀ। ਧਮਾਕੇ ਤੋਂ ਬਾਅਦ ਮੌਕੇ 'ਤੇ ਐਂਬੂਲੈਂਸਾਂ, ਮੈਡੀਕਲ ਟੀਮਾਂ ਅਤੇ ਪੁਲਿਸ ਨੂੰ ਤਾਇਨਾਤ ਕਰ ਦਿੱਤਾ ਗਿਆ। ਜ਼ਖ਼ਮੀਆਂ ਨੂੰ ਇਲਾਜ ਲਈ ਹਸਪਤਾਲ ਪਹੁੰਚਾਇਆ ਜਾ ਰਿਹਾ ਹੈ। ਅਧਿਕਾਰੀਆਂ ਨੇ ਧਮਾਕੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਹੈ।

ਜ਼ੀ ਗਰੁੱਪ ਦੇ...

ਸਰਟੀਫਿਕੇਟ ਜਮ੍ਹਾਂ ਕਰਵਾ ਕੇ ਆਪਣੀਆਂ ਕੰਪਨੀਆਂ ਲਈ ਲੋਨ ਲਿਆ। ਬਾਅਦ ਵਿੱਚ ਉਹ ਨੈੱਟਵਰਥ ਸਰਟੀਫਿਕੇਟ ਤੋਂ ਮੁੱਕਰ ਗਏ।

ਸੀ.ਬੀ.ਆਈ. ਨੇ ਸੁਭਾਸ਼ ਚੰਦਰਾ ਤੋਂ ਇਲਾਵਾ ਪੰਕਜ ਸੁਰੋਲੀਆ, ਅਮੀਸ਼ ਪਾਂਡਿਆ ਅਤੇ ਰਾਜੀਵ ਢੋਲਕੀਆ 'ਤੇ ਕੇਸ ਦਰਜ ਕੀਤਾ ਹੈ। ਚਾਰਾਂ 'ਤੇ 2018 ਤੋਂ 2026 ਦੇ ਵਿਚਕਾਰ ਧੋਖਾਧੜੀ, ਅਮਾਨਤ ਵਿੱਚ ਖਿਆਨਤ ਅਤੇ ਅਪਰਾਧਿਕ ਸਾਜ਼ਿਸ਼ ਰਚਣ ਦਾ ਦੋਸ਼ ਹੈ। ਸੁਭਾਸ਼ ਚੰਦਰਾ ਜ਼ੀ ਮੀਡੀਆ ਦੇ ਮਾਲਕ ਐੱਸਲ ਗਰੁੱਪ ਦੇ ਹੈੱਡ ਹਨ ਅਤੇ ਜ਼ੀ ਐਂਟਰਟੇਨਮੈਂਟ ਦੇ ਸਾਬਕਾ ਚੇਅਰਮੈਨ ਹਨ।

ਲੁਧਿਆਣਾ 'ਚ ਸਵਿਮਿੰਗ...

ਉਹ ਤੁਰੰਤ ਵਾਪਸ ਮੁੜਿਆ ਅਤੇ ਆਪਣੇ ਦੋਸਤ ਕੋਲ ਆ ਕੇ ਬੈਠ ਗਿਆ। ਬੈਠਦਿਆਂ ਹੀ ਉਸ ਦੀ ਛਾਤੀ ਵਿੱਚ ਤੇਜ਼ ਦਰਦ ਹੋਇਆ ਅਤੇ ਕੁਝ ਹੀ ਪਲਾਂ ਵਿੱਚ ਉਸ ਨੇ ਦਮ ਤੋੜ ਦਿੱਤਾ। ਇਹ ਹਾਦਸਾ 29 ਅਗਸਤ ਦਾ ਦੱਸਿਆ ਜਾ ਰਿਹਾ ਹੈ, ਜਿਸ ਦੀ ਵੀਡੀਓ ਹੁਣ ਵਾਇਰਲ ਹੋਈ ਹੈ। ਮ੍ਰਿਤਕ ਬੱਚੇ ਦੀ ਪਛਾਣ ਬਿੰਦਰਾ ਕਾਲੋਨੀ ਦੇ ਵਸਨੀਕ ਵੰਸ਼ ਵਜੋਂ ਹੋਈ ਹੈ। ਅੰਤਿਮ ਸਸਕਾਰ ਤੋਂ ਬਾਅਦ ਅੱਜ ਸ਼ਨੀਵਾਰ ਨੂੰ ਉਸ ਦੇ ਮਾਤਾ-ਪਿਤਾ ਉਸ ਦੀਆਂ ਅਸਥੀਆਂ ਜਲ ਪ੍ਰਵਾਹ ਕਰਨ ਲਈ ਹਰਿਦੁਆਰ ਗਏ ਹੋਏ ਹਨ। ਪਰਿਵਾਰਕ ਮੈਂਬਰਾਂ ਮੁਤਾਬਕ ਵੰਸ਼ ਅਕਸਰ ਆਪਣੇ ਹਾਣੀਆਂ ਨਾਲ ਸਵਿਮਿੰਗ ਪੂਲ ਜਾਇਆ ਕਰਦਾ ਸੀ।

ਉਸ ਨੂੰ ਦਿਲ ਦੀ ਪੁਰਾਣੀ ਬਿਮਾਰੀ ਸੀ, ਜਿਸ ਦਾ ਇਲਾਜ ਚੱਲ ਰਿਹਾ ਸੀ ਅਤੇ ਉਹ ਕਾਫ਼ੀ ਹੱਦ ਤੱਕ ਠੀਕ ਹੋ ਚੁੱਕਾ ਸੀ। ਇਸੇ ਲਈ ਮਾਪੇ ਵੀ ਉਸ ਨੂੰ ਹਮੇਸ਼ਾ ਖ਼ੁਸ਼ ਰੱਖਣ ਦਾ ਯਤਨ ਕਰਦੇ ਸਨ। ਬੀਤੀ 29 ਅਗਸਤ ਨੂੰ ਵੀ ਉਹ ਦੁਪਹਿਰ ਵੇਲੇ ਆਪਣੇ ਸਾਥੀਆਂ ਨਾਲ ਨੇੜਲੇ ਸਵਿਮਿੰਗ ਪੂਲ ਵਿੱਚ ਨਹਾਉਣ ਗਿਆ ਸੀ।

ਅੰਮ੍ਰਿਤਸਰ ਵਿਚ ਕਾਂਗਰਸੀ...

ਸਮੇਂ ਇਲਾਜ ਅਧੀਨ ਹਨ। ਰਿਪੋਰਟਾਂ ਅਨੁਸਾਰ, ਦੇਰ ਰਾਤ ਦੋ ਧੜਿਆਂ ਵਿਚਕਾਰ ਮਾਮੂਲੀ ਝਗੜਾ ਹੋ ਗਿਆ ਸੀ। ਮਾਮਲੇ ਨੂੰ ਸੁਲਝਾਉਣ ਲਈ ਪਹੁੰਚੇ ਕਾਂਗਰਸੀ ਆਗੂ ਗੁਰਦੀਪ ਸਿੰਘ ਸਿਰਸਾ 'ਤੇ ਦੂਜੇ ਧੜੇ ਵੱਲੋਂ ਗੋਲੀਆਂ ਚਲਾਈਆਂ ਗਈਆਂ।

ਘਟਨਾ ਬਾਰੇ ਜਾਣਕਾਰੀ ਮਿਲਣ 'ਤੇ ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਅਜਨਾਲਾ ਥਾਣੇ ਦੇ ਐਸ.ਐਚ.ਓ. ਅਜੈਪਾਲ ਸਿੰਘ ਨੇ ਦੱਸਿਆ ਕਿ ਪੁਲਿਸ ਇਸ ਪੂਰੇ ਮਾਮਲੇ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ। ਘਟਨਾ ਦੇ ਕਾਰਨ ਦਾ ਪਤਾ ਲਗਾਉਣ ਦੇ ਨਾਲ-ਨਾਲ, ਪੁਲਿਸ ਗੋਲੀ ਚਲਾਉਣ ਵਾਲੇ ਵਿਅਕਤੀ ਅਤੇ ਝਗੜੇ ਵਿੱਚ ਸ਼ਾਮਲ ਦੋਵਾਂ ਧਿਰਾਂ ਬਾਰੇ ਵੀ ਜਾਣਕਾਰੀ ਇਕੱਠੀ ਕਰ ਰਹੀ ਹੈ।

ਇਹ ਘਟਨਾ ਅਜਨਾਲਾ ਤੋਂ ਕੁਝ ਦੂਰੀ 'ਤੇ ਸਥਿਤ ਪਿੰਡ ਜਗਦੇਵ ਖੁਰਦ ਨੇੜੇ ਵਾਪਰੀ। ਰਿਪੋਰਟਾਂ ਅਨੁਸਾਰ, ਦੇਰ ਰਾਤ ਕਿਸੇ ਮੁੱਦੇ ਨੂੰ ਲੈ ਕੇ ਦੋ ਧਿਰਾਂ ਵਿਚਕਾਰ ਝਗੜਾ ਹੋ ਗਿਆ। ਮਾਮਲਾ ਵਧ ਗਿਆ ਅਤੇ ਇੱਕ ਧਿਰ ਵੱਲੋਂ ਚਲਾਈ ਗਈ ਗੋਲੀ ਗੁਰਦੀਪ ਸਿੰਘ ਸਿਰਸਾ ਨੂੰ ਜਾ ਲੱਗੀ। ਘਟਨਾ ਬਾਰੇ ਸੂਚਨਾ ਮਿਲਣ 'ਤੇ ਅਜਨਾਲਾ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਸ ਸ਼ੁਰੂ ਕੀਤੀ। ਐਸ.ਐਚ.ਓ. ਅਜੈਪਾਲ ਸਿੰਘ ਨੇ ਦੱਸਿਆ ਕਿ ਜ਼ਖ਼ਮੀ ਗੁਰਦੀਪ ਸਿੰਘ ਸਿਰਸਾ ਦੀ ਸਿਹਤ ਵਿੱਚ ਸੁਧਾਰ ਹੋਣ 'ਤੇ ਉਨ੍ਹਾਂ ਦੇ ਬਿਆਨ ਦਰਜ ਕੀਤੇ ਜਾਣਗੇ।

ਉਨ੍ਹਾਂ ਦੇ ਬਿਆਨ ਤੋਂ ਝਗੜੇ ਦੇ ਅਸਲ ਕਾਰਨ ਅਤੇ ਗੋਲੀ ਚਲਾਉਣ ਪਿੱਛੇ ਮੌਜੂਦ ਵਜ?ਹਾ ਦਾ ਪਤਾ ਲੱਗੇਗਾ। ਇਸ ਤੋਂ ਬਾਅਦ ਪੁਲਿਸ ਮਾਮਲੇ ਵਿੱਚ ਅਗਲੀ ਕਾਨੂੰਨੀ ਕਾਰਵਾਈ ਕਰੇਗੀ। ਫਿਲਹਾਲ, ਪੁਲਿਸ ਘਟਨਾਕ੍ਰਮ ਦੀ ਬਾਰੀਕੀ ਨਾਲ ਜਾਂਸ ਕਰ ਰਹੀ ਹੈ।

ਰੱਖੜੀ ਦੇ ਤਾਅਨੇ...

ਗ੍ਰਿਫ਼ਤਾਰ ਕਰਨ ਤੋਂ ਬਾਅਦ ਕਤਲ ਦਾ ਮਾਮਲਾ ਸਾਹਮਣੇ ਆਇਆ। ਇਹ ਮਾਮਲਾ ਇੰਦੌਰ ਜ਼ਿਲ੍ਹੇ ਦੇ ਰਾਊ ਥਾਣਾ ਖੇਤਰ ਵਿੱਚ 22 ਸਾਲਾ ਨਵ-ਵਿਆਹੀ ਵੰਦਨਾ ਪਟੇਲ ਦੀ ਹੱਤਿਆ ਨਾਲ ਸਬੰਧਤ ਹੈ। ਉਹ ਉਪੇਂਦਰ ਪਟੇਲ ਨਾਲ ਪ੍ਰੇਮ ਵਿਆਹ ਤੋਂ ਬਾਅਦ ਸਿਰਫ਼ 25 ਦਿਨ ਪਹਿਲਾਂ 11 ਅਗਸਤ ਨੂੰ ਆਪਣੇ ਵਿਆਹ ਵਾਲੇ ਘਰ ਪਹੁੰਚੀ ਸੀ। ਜਠਾਣੀ ਪਾਰਵਤੀ ਨੂੰ ਕਤਲ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਬਠਿੰਡਾ ਤੋਂ ਸ਼ੁਰੂ...

ਦੇ ਚੌਥੇ ਸੀਜ਼ਨ ਦੀ ਸ਼ੁਰੂਆਤ ਸ਼ਹੀਦ ਭਗਤ ਸਿੰਘ ਸਟੇਡੀਅਮ, ਬਠਿੰਡਾ ਵਿਖੇ ਬੜੇ ਉਤਸ਼ਾਹ ਅਤੇ ਧੂਮਧਾਮ ਨਾਲ ਹੋਈ, ਜਿਸ ਵਿੱਚ ਪੰਜਾਬ ਦੀ ਅਮੀਰ ਖੇਡ ਅਤੇ ਸੱਭਿਆਚਾਰਕ ਜਜ਼ਬੇ ਦਾ ਜਸ਼ਨ ਮਨਾਇਆ ਗਿਆ। ਉਦਘਾਟਨੀ ਸਮਾਰੋਹ ਵਿੱਚ ਭੰਗੜਾ ਅਤੇ ਗਿੱਧਾ ਸਮੇਤ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਸ਼ਾਮਲ ਸਨ, ਜਿਨ੍ਹਾਂ ਨੇ ਸੂਬੇ ਦੇ ਅਮੀਰ ਪਿਛੋਕੜ ਅਤੇ ਖੇਡਾਂ ਨਾਲ ਇਸ ਦੀ ਡੂੰਘੀ ਸਾਂਝ ਦਾ ਪ੍ਰਗਟਾਵਾ ਕੀਤਾ। ਪ੍ਰਸਿੱਧ ਪੰਜਾਬੀ ਗਾਇਕ ਗੁਰਦਾਸ ਮਾਨ ਅਤੇ ਕੁਲਵਿੰਦਰ ਬਿੱਲਾ ਨੇ ਵੀ ਸਮਾਰੋਹ ਵਿੱਚ ਆਪਣੀ ਗਾਇਕੀ ਨਾਲ ਰੰਗ ਬੰਨ੍ਹਿਆ, ਜਿਸ ਨਾਲ ਇਸ ਮਹਾਨ ਖੇਡ ਕੁੰਭ ਦੀ ਸ਼ਾਨ ਅਤੇ ਖ਼ੁਸ਼ੀ ਦਾ ਮਾਹੌਲ ਹੋਰ ਯਾਦਗਾਰੀ ਬਣ ਗਿਆ। ਇਸ ਜਸ਼ਨ ਦਾ ਇੱਕ ਯਾਦਗਾਰੀ ਪਲ ਉਦੋਂ ਵੀ ਦੇਖਣ ਨੂੰ ਮਿਲਿਆ, ਜਦੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਗਾਇਕ ਗੁਰਦਾਸ ਮਾਨ ਨੇ ਸਾਂਝੇ ਤੌਰ 'ਤੇ ਅਸਮਾਨ ਵਿੱਚ ਰੰਗ-ਬਿਰੰਗੇ ਗੁਬਾਰੇ ਛੱਡ ਕੇ ਚੌਥੇ ਸੀਜ਼ਨ ਦੀ ਰਸਮੀ ਸ਼ੁਰੂਆਤ ਕੀਤੀ।

ਕਪੂਰਥਲਾ 'ਚ ਮ੍ਰਿਤਕ...

ਪਰਿਵਾਰ ਨੇ ਆਪਣਾ ਪੁੱਤ ਸਮਝ ਕੇ ਅਗਨੀ ਭੇਟ ਕਰ ਦਿੱਤਾ ਸੀ। ਪੁਲਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਕਾਦੂਪੁਰ ਦੇ ਵਸਨੀਕ ਟੀਟੀ ਦਾ 25 ਸਾਲਾ ਪੁੱਤਰ ਰਵੀ ਕੁਮਾਰ ਬੀਤੀ 5 ਅਗਸਤ ਤੋਂ ਅਚਾਨਕ ਲਾਪਤਾ ਹੋ ਗਿਆ ਸੀ। ਪਰਿਵਾਰਕ ਮੈਂਬਰ ਕਈ ਦਿਨਾਂ ਤੱਕ ਉਸ ਨੂੰ ਨੇੜਲੇ ਪਿੰਡਾਂ ਅਤੇ ਰਿਸ਼ਤੇਦਾਰੀਆਂ ਵਿੱਚ ਲੱਭਦੇ ਰਹੇ। ਜਦੋਂ ਉਸ ਦਾ ਕੋਈ ਸੁਰਾਗ਼ ਨਾ ਮਿਲਿਆ ਤਾਂ ਪਰਿਵਾਰ ਨੇ ਪੁਲਸ ਕੋਲ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾਈ।

ਡੀ.ਐੱਸ.ਪੀ. ਸ਼ੀਤਲ ਸਿੰਘ ਨੇ ਦੱਸਿਆ ਕਿ 9 ਅਗਸਤ ਨੂੰ ਕੰਟਰੋਲ ਰੂਮ ਰਾਹੀਂ ਸੂਚਨਾ ਮਿਲੀ ਸੀ ਕਿ ਕਾਂਜਲੀ ਰੋਡ ਨੇੜੇ ਇੱਕ ਨੌਜਵਾਨ ਦੀ ਲਾਸ਼ ਪਈ ਹੈ। ਸੂਚਨਾ ਮਿਲਦੇ ਹੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ ਨੂੰ ਕਬਜ਼ੇ ਵਿੱਚ ਲਿਆ ਅਤੇ ਪੋਸਟਮਾਰਟਮ ਲਈ ਭੇਜ ਦਿੱਤਾ। ਲਾਸ਼ ਦੀ ਹਾਲਤ ਕਾਫ਼ੀ ਖ਼ਰਾਬ ਹੋ ਚੁੱਕੀ ਸੀ ਅਤੇ ਚਿਹਰਾ ਪਛਾਣਨ ਯੋਗ ਨਹੀਂ ਸੀ। ਇਸ ਉਪਰੰਤ ਪੁਲਸ ਵੱਲੋਂ ਲਾਸ਼ ਦੀ ਸ਼ਨਾਖ਼ਤ ਕਰਵਾਉਣ ਦੀ ਪ੍ਰਕਿਰਿਆ ਆਰੰਭੀ ਗਈ।

ਇਸ ਦੌਰਾਨ ਰਵੀ ਦੇ ਪਰਿਵਾਰ ਨੂੰ ਬੁਲਾ ਕੇ ਲਾਸ਼ ਦੀ ਪਛਾਣ ਕਰਨ ਲਈ ਕਿਹਾ ਗਿਆ ਤਾਂ ਉਨ੍ਹਾਂ ਨੇ ਮ੍ਰਿਤਕ ਦੇਹ ਆਪਣੇ ਪੁੱਤਰ ਦੀ ਹੋਣ ਦੀ ਪੁਸ਼ਟੀ ਕਰ ਦਿੱਤੀ। ਪਰਿਵਾਰ ਨੇ ਲਾਸ਼ 'ਤੇ ਮੌਜੂਦ ਕੱਪੜਿਆਂ ਦੇ ਆਧਾਰ 'ਤੇ ਹੀ ਉਸ ਨੂੰ ਆਪਣਾ ਪੁੱਤਰ ਰਵੀ ਕੁਮਾਰ ਮੰਨ ਲਿਆ ਸੀ।

ਸਚਿਨ ਪਾਇਲਟ ਪੰਜਾਬ...

ਇਲਾਵਾ, ਪੰਜਾਬ ਕਾਂਗਰਸ ਦੇ ਅੰਦਰ ਚੱਲ ਰਹੀ ਅੰਦਰੂਨੀ ਲੜਾਈ ਨੂੰ ਖ਼ਤਮ ਕਰਨਾ ਵੀ ਸਚਿਨ ਪਾਇਲਟ ਲਈ ਇੱਕ ਮਹੱਤਵਪੂਰਨ ਚੁਣੌਤੀ ਹੋਵੇਗਾ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਸੋਸ਼ਲ ਮੀਡੀਆ ਰਾਹੀਂ ਪੋਸਟ ਕਰ ਸਚੀਨ ਪਾਇਲ ਨੂੰ ਵਧਾਈਆਂ ਦਿੱਤੀਆਂ ਹਨ। ਉਨ੍ਹਾਂ ਨੇ ਜੀ ਆਇਆਂ ਨੂੰ ਲਿਖ ਕੇ ਸਚੀਨ ਪਾਇਲਟ ਸ਼ਾਨਦਾਰ ਸਵਾਗਤ ਕੀਤਾ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣਾ ਪੰਜਾਬ ਸਰਕਾਰ ਦੀ ਤਰਜੀਹ: ਬਰਿੰਦਰ ਕੁਮਾਰ ਗੋਇਲ

- ਲਹਿਰਾਗਾਗਾ ਵਿਖੇ 500 ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਬੰਨ੍ਹਿਆ ਸਮਾਂ; ਗੁਰੂ ਜੀ ਦੇ ਜੀਵਨ, ਬਾਣੀ ਤੇ ਫਲਸਫੇ ਨੂੰ ਦਰਸਾਉਂਦੇ ਦ੍ਰਿਸ਼ ਬਣੇ ਖਿੱਚ ਦਾ ਕੇਂਦਰ



ਲਹਿਰਾਗਾਗਾ/ਸੰਗਰੂਰ
5 ਸਤੰਬਰ (ਪੈ.ਗਾਮ-ਏ-ਜਗਤ)

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਅੱਜ ਲਹਿਰਾਗਾਗਾ ਵਿਖੇ 500 ਡਰੋਨਾਂ ਦਾ ਸ਼ਾਨਦਾਰ ਸ਼ੋਅ ਕਰਵਾਇਆ ਗਿਆ। ਰਾਤ ਦੇ ਅਸਮਾਨ ਵਿੱਚ ਇਕੱਠੇ ਉੱਡਦੇ ਸੈਂਕੜੇ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ, ਵਿਚਾਰਧਾਰਾ ਅਤੇ ਮਹਾਨ ਫਲਸਫੇ ਨੂੰ ਦਰਸਾਉਂਦੇ ਦਿਲਕਸ਼ ਦ੍ਰਿਸ਼ ਪੇਸ਼ ਕੀਤੇ ਗਏ, ਜਿਨ੍ਹਾਂ ਨੇ ਹਾਜ਼ਰ ਸੰਗਤ ਨੂੰ ਮੰਤਰਮੁਗਧ ਕਰ ਦਿੱਤਾ।

ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਅਤੇ ਸਿੱਖਿਆਵਾਂ ਸਮੁੱਚੀ ਮਨੁੱਖਤਾ ਲਈ ਬਰਾਬਰੀ, ਭਾਈਚਾਰੇ, ਮਿਹਨਤ, ਸੱਚੇ ਆਚਰਣ ਅਤੇ ਸਾਂਝੀਵਾਲਤਾ ਦਾ ਮਾਰਗ ਦਰਸਾਉਂਦੀਆਂ ਹਨ। ਗੁਰੂ ਜੀ ਨੇ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਇਹ ਸੰਦੇਸ਼ ਦਿੱਤਾ ਕਿ ਮਨੁੱਖ ਦੀ ਮਹਾਨਤਾ ਉਸਦੇ ਜਨਮ ਜਾਂ ਕੁਲ ਵਿੱਚ ਨਹੀਂ, ਸਗੋਂ ਉਸਦੇ ਚੰਗੇ ਕਰਮਾਂ, ਉੱਚੇ ਆਚਰਣ ਅਤੇ ਮਾਨਵਤਾ ਪ੍ਰਤੀ ਸਮਰਪਣ ਵਿੱਚ ਹੈ। ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਸਾਲ ਤੱਕ ਚੱਲਣ ਵਾਲੇ ਸਮਾਗਮਾਂ ਲਈ 100 ਕਰੋੜ ਰੁਪਏ ਤੋਂ ਵੱਧ ਦਾ ਬਜਟ ਰੱਖਿਆ ਗਿਆ ਹੈ। ਇਨ੍ਹਾਂ ਸਮਾਗਮਾਂ ਦਾ ਮੁੱਖ ਉਦੇਸ਼ ਗੁਰੂ ਸਾਹਿਬ ਦੇ ਮਹਾਨ ਵਿਚਾਰਾਂ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਆਧੁਨਿਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੈ।

ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਦੀਵੀ ਸਿੱਖਿਆਵਾਂ ਅਤੇ ਇਲਾਹੀ ਸੰਦੇਸ਼ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਪੰਜਾਬ ਸਰਕਾਰ ਵੱਲੋਂ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਵਿਖੇ 'ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ' ਦੀ ਸਥਾਪਨਾ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਕੇਂਦਰ 10.4 ਏਕੜ ਰਕਬੇ ਵਿੱਚ ਬਣਾਇਆ ਜਾਵੇਗਾ ਅਤੇ ਇਸ ਦੀ ਕੁੱਲ ਲਾਗਤ 37 ਕਰੋੜ ਰੁਪਏ ਹੋਵੇਗੀ। ਇਸ ਵਿੱਚੋਂ 11 ਕਰੋੜ ਰੁਪਏ ਜ਼ਮੀਨ ਲਈ ਅਤੇ 60 ਲੱਖ ਰੁਪਏ ਜ਼ਰੂਰੀ ਪ੍ਰਵਾਨਗੀਆਂ ਲਈ ਖਰਚ ਕੀਤੇ ਜਾ ਚੁੱਕੇ ਹਨ, ਜਦਕਿ ਕੇਂਦਰ ਦੀ ਉਸਾਰੀ ਲਈ ਲੋੜੀਂਦਾ ਬਾਕੀ ਸਾਰਾ ਖਰਚਾ ਵੀ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ 92 ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ। ਆਧੁਨਿਕ ਡਿਜੀਟਲ ਤਕਨੀਕ ਰਾਹੀਂ ਗੁਰੂ ਜੀ ਦੇ ਜੀਵਨ, ਬਾਣੀ ਅਤੇ ਸਿੱਖਿਆਵਾਂ ਨੂੰ ਰਾਤ ਦੇ ਅਸਮਾਨ ਵਿੱਚ ਜੀਵੰਤ ਰੂਪ ਵਿੱਚ ਪੇਸ਼ ਕਰਨ ਦਾ ਉਪਰਾਲਾ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀ ਮਹਾਨ ਵਿਚਾਰਧਾਰਾ ਨਾਲ ਜੋੜਨ ਲਈ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਲਹਿਰਾਗਾਗਾ ਵਿਖੇ ਹੋਏ ਪਹਿਲੇ ਡਰੋਨ ਸ਼ੋਅ ਤੋਂ ਬਾਅਦ ਦੂਜਾ ਡਰੋਨ ਸ਼ੋਅ 6 ਸਤੰਬਰ ਨੂੰ ਸਰਕਾਰੀ ਰਣਬੀਰ ਕਾਲਜ, ਸੰਗਰੂਰ, ਤੀਜਾ 7 ਸਤੰਬਰ ਨੂੰ ਅਨਾਜ ਮੰਡੀ, ਧੂਰੀ ਅਤੇ ਚੌਥਾ 8 ਸਤੰਬਰ ਨੂੰ ਦਿੜ੍ਹਬਾ ਅਨਾਜ ਮੰਡੀ ਵਿਖੇ ਕਰਵਾਇਆ ਜਾਵੇਗਾ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਇਨ੍ਹਾਂ ਵਿਲੱਖਣ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਗੋਇਲ ਨੇ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਜੀ ਦਾ ਫਲਸਫਾ ਕਿਸੇ ਇੱਕ ਵਰਗ ਜਾਂ ਭਾਈਚਾਰੇ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਮਨੁੱਖਤਾ ਲਈ ਬਰਾਬਰੀ, ਆਜ਼ਾਦੀ, ਭਾਈਚਾਰੇ ਅਤੇ ਸਾਂਝੀਵਾਲਤਾ ਦਾ ਮਹਾਨ ਸੰਦੇਸ਼ ਹੈ। ਉਨ੍ਹਾਂ ਕਿਹਾ ਕਿ ਗੁਰੂ ਜੀ ਦੀਆਂ ਸਿੱਖਿਆਵਾਂ ਨੂੰ ਕੇਵਲ ਸਮਾਗਮਾਂ ਤੱਕ ਸੀਮਤ ਰੱਖਣ ਦੀ ਬਜਾਏ ਇਨ੍ਹਾਂ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਹੀ ਗੁਰੂ ਸਾਹਿਬ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਉਨ੍ਹਾਂ ਸੰਗਤ ਨੂੰ ਪਿਆਰ, ਸਤਿਕਾਰ, ਮਿਹਨਤ, ਬਰਾਬਰੀ ਅਤੇ ਮਾਨਵਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਐਸ.ਡੀ.ਐਮ. ਰਾਕੇਸ ਪ੍ਰਕਾਸ ,ਪ੍ਰਧਾਨ ਨਗਰ ਕੌਂਸਲ ਕਾਂਤਾ ਗੋਇਲ, ਕੈਬਨਿਟ ਮੰਤਰੀ ਦੀ ਧਰਮਪਤਨੀ ਸੀਮਾ ਗੋਇਲ ਪੁਤਰ ਗੋਰਵ ਗੋਇਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

ਪ੍ਰਸਿੱਧ ਨਾਵਲਕਾਰ ਗੁਰਦੀਪ ਸਿੰਘ ਮੁਕੱਦਮ ਦਾ ਪਲੇਠਾ ਕਹਾਣੀ ਸੰਗ੍ਰਹਿ, 'ਗੁਲਾਮੀ' ਲੋਕ ਅਰਪਣ

ਨਵਾਂਸ਼ਹਿਰ, 5 ਸਤੰਬਰ
(ਪੈ.ਗਾਮ-ਏ-ਜਗਤ)

ਸਾਹਿਤਕ ਮੰਚ ਲਧਾਣਾ ਝਿੱਕਾ ਵਲੋਂ, ਸਵ ਸ. ਚੜ੍ਹਤ ਸਿੰਘ ਮੁਕੱਦਮ ਯਾਦਗਾਰੀ ਲਾਇਬ੍ਰੇਰੀ ਲਧਾਣਾ ਝਿੱਕਾ ਵਿਖੇ, ਪ੍ਰਸਿੱਧ ਨਾਵਲਕਾਰ ਗੁਰਦੀਪ ਸਿੰਘ ਮੁਕੱਦਮ ਦਾ ਪਲੇਠਾ ਕਹਾਣੀ ਸੰਗ੍ਰਹਿ 'ਗੁਲਾਮੀ' ਲੋਕ ਅਰਪਣ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਕਰਦਿਆਂ ਸਾਹਿਤਕ ਮੰਚ ਦੇ ਉਪ ਪ੍ਰਧਾਨ ਗੁਰਦੀਪ ਸਿੰਘ ਸੈਣੀ ਵਲੋਂ, ਸਮਾਗਮ ਵਿੱਚ ਪਹੁੰਚੀਆਂ ਸਾਹਿਤਕ ਸ਼ਖ਼ਸੀਅਤਾਂ ਅਤੇ ਸ਼ੁੱਭਚਿੰਤਕਾਂ ਦਾ ਸਵਾਗਤ ਕੀਤਾ ਗਿਆ। ਸਮਾ.ਗਮ ਦੇ ਸ਼ੁਰੂ ਵਿਚ ਪ੍ਰਸਿੱਧ ਸਾਹਿਤਕਾਰ ਅਤੇ ਖੇਤੀ ਵਿਗਿਆਨੀ ਸ. ਮੋਹਿੰਦਰ ਸਿੰਘ ਦੋਸਾਂਝ ਜੀ ਦੇ ਬੇਵਕਤੇ ਅਕਾਲ ਚਲਾਣੇ 'ਤੇ ਸੋਗ ਵਜੋਂ ਦੋ ਮਿੰਟ ਦਾ ਮੌਨ ਰੱਖ ਰੱਖਿਆ ਗਿਆ। ਸਾਹਿਤਕਾਰ ਰਵਿੰਦਰ ਚੋਟ, ਨਾਵਲਕਾਰ ਗੁਰਨਾਮ ਬਾਵਾ ਅੰਬਾਲਾ ਅਤੇ ਕਹਾਣੀਕਾਰ ਸੋਹਣ ਸਿੰਘ ਸੂਨੀ ਵਲੋਂ ਕਹਾਣੀ ਸੰਗ੍ਰਹਿ ਗੁਲਾਮੀ ਬਾਰੇ ਵਿਚਾਰ ਸਾਂਝੇ ਕੀਤੇ ਗਏ। ਗੁਰਦੀਪ ਸਿੰਘ ਮੁਕੱਦਮ ਨੇ ਆਪਣੇ ਕਹਾਣੀ ਸੰਗ੍ਰਹਿ ਬਾਰੇ ਗੱਲ ਕਰਦਿਆਂ ਦੱਸਿਆ ਕਿ ਨਾਵਲ ਲਿਖਦੇ ਲਿਖਦੇ ਅਚਾਨਕ ਪਿਛਲੇ ਦੋ ਕੁ ਸਾਲਾਂ ਤੋਂ ਉਹ ਕਹਾਣੀ ਲਿਖਣ ਲੱਗਾ ਹੈ।

ਇਸ ਦੇ ਨਾਲ ਹੀ ਸਮਾਗਮ 'ਚ ਆਏ ਕਵੀਆਂ ਪੋ?ਫੈਸਰ ਯਾਦਵਿੰਦਰ ਸਿੰਘ ਕਲੋਨੀ ਅੰਬਾਲਾ, ਜਸਵੀਰ ਮੋਰੋਂ, ਜੁਗਿੰਦਰ ਪਾਲ ਮੱਲ, ਦੀਪ ਜਗਤਪੁਰੀ, ਇਕਬਾਲ ਸਿੰਘ ਸੈਣੀ ਰੋਪੜ, ਸਤਨਾਮ ਸਿੰਘ ਪੰਚ ਲਧਾਣਾ ਝਿੱਕਾ, ਅਮਰੀਕ ਢੀਂਡਸਾ, ਲਿਖਾਰੀ ਸਭਾ ਜਗਤਪੁਰ, ਤਰਨਜੀਤ ਸਿੰਘ, ਸਿਤਾਰਾ ਸਿੰਘ ਮੋਰਾਂਵਾਲੀ,ਸ਼ਾਮ ਸੁੰਦਰ ਪੋਸੀ, ਸਰਵਣ ਸਿੱਧੂ, ਰਣਵੀਰ ਸਿੰਘ, ਸੁਖਦੇਵ ਸਿੰਘ, ਨਿਰਮਲ ਰਾਮ ਨੇ ਆਪਣੀਆਂ ਕਵਿਤਾਵਾਂ ਅਤੇ ਗੀਤਾਂ ਨਾਲ ਇਕ ਵੱਖਰਾ ਹੀ ਰੰਗ ਬੰਨ੍ਹ ਦਿੱਤਾ। ਪਰਮਿੰਦਰ ਮੰਢਾਲੀ ਅਤੇ ਵਿਵੇਕ ਹਾਸਿਰ ਵਿਸ਼ਵ ਰੰਗਮੰਚ ਭੂੰਗਾ ਤੋਂ ਉਚੇਚੇ ਤੌਰ 'ਤੇ ਸਮਾਗਮ ਵਿੱਚ ਪੁਹੰਚੇ। ਸੱਤਪਾਲ ਸਿੰਘ ਲੰਬੜਦਾਰ ਲਧਾਣਾ ਝਿੱਕਾ ਅਤੇ ਜਗਤਾਰ ਕੋਚ ਪੂਰੇ ਸਮਾਗਮ ਵਿੱਚ ਹਜ਼ਰੀ ਲਗਵਾਈ। ਇਸ ਸਮੇਂ ਲਖਵਿੰਦਰ ਸਿੰਘ ਲੰਗੇਰੀ ਵਲੋਂ ਕਿਤਾਬਾਂ ਦਾ ਸਟਾਲ ਲਗਾਇਆ ਗਿਆ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਕੈਪਟਨ ਦੌਲਤ ਸਿੰਘ ਅਤੇ ਗੁਰਦੀਪ ਸਿੰਘ ਸੈਣੀ ਵਲੋਂ ਸਾਂਝੇ ਤੌਰ 'ਤੇ ਨਿਭਾਈ ਗਈ।

'ਹਮਾਰੇ ਰਾਮ' ਨੂੰ ਹੁਸ਼ਿਆਰਪੁਰ ਵਿੱਚ ਮਿਲਿਆ ਭਰਪੂਰ ਜਨ ਸਮਰਥਨ

- ਸੱਚ, ਧਰਮ, ਮਰਿਆਦਾ, ਤਿਆਗ, ਫਰਜ਼, ਕਰੁਣਾ ਅਤੇ ਮਨੁੱਖੀ ਕਦਰਾਂ-ਕੀਮਤਾਂ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ ਭਗਵਾਨ ਸ੍ਰੀ ਰਾਮ ਦਾ ਜੀਵਨ: ਮਨੀਸ਼ ਸਿਸੋਦੀਆ
- ਵੱਡੀ ਗਿਣਤੀ ਵਿੱਚ ਦਰਸ਼ਕਾਂ ਨੇ ਨਾਟਕ ਅਤੇ ਸੰਗੀਤਮਈ ਪੇਸ਼ਕਾਰੀ ਦਾ ਲਿਆ ਆਨੰਦ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਭਾਰਤੀ ਸੰਸਕ੍ਰਿਤੀ ਅਤੇ ਅਧਿਆਤਮਿਕ ਵਿਰਾਸਤ ਨਾਲ ਜੋੜਨ ਦੇ ਉਦੇਸ਼ ਨਾਲ ਕਰਵਾਈ ਜਾ ਰਹੇ ਪ੍ਰਸਿੱਧ ਨਾਟਕ ਅਤੇ ਸੰਗੀਤਮਈ ਪੇਸ਼ਕਾਰੀ 'ਹਮਾਰੇ ਰਾਮ' ਨੂੰ ਹੁਸ਼ਿਆਰਪੁਰ ਵਿੱਚ ਭਰਪੂਰ ਜਨ ਸਮਰਥਨ ਮਿਲਿਆ। ਜੇਮਜ਼ ਕੈਂਬਰਿਜ ਇੰਟਰਨੈਸ਼ਨਲ ਸਕੂਲ ਵਿਖੇ ਕਰਵਾਈ ਗਈ ਇਸ ਪੇਸ਼ਕਾਰੀ ਨੂੰ ਦੇਖਣ ਲਈ ਸ਼ਹਿਰ ਵਾਸੀਆਂ ਦੇ ਨਾਲ-ਨਾਲ ਆਸ-ਪਾਸ ਦੇ ਇਲਾਕਿਆਂ ਤੋਂ ਵੀ ਵੱਡੀ ਗਿਣਤੀ ਵਿੱਚ ਲੋਕ ਪਹੁੰਚੇ।

ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਪੇਸ਼ਕਾਰੀ ਦੇ ਦੂਜੇ ਦਿਨ ਦਰਸ਼ਕਾਂ ਵਿਚਕਾਰ ਪਹੁੰਚ ਕੇ 'ਹਮਾਰੇ ਰਾਮ' ਨਾਟਕ ਦਾ ਆਨੰਦ ਮਾਣਿਆ। ਇਸ ਮੌਕੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਅਤੇ ਮੇਅਰ ਪ੍ਰਵੀਨ ਸੈਣੀ ਵੀ ਉਨ੍ਹਾਂ ਦੇ ਨਾਲ ਮੌਜੂਦ ਸਨ।

ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਇਸ ਤਰ੍ਹਾਂ ਦੀਆਂ ਉੱਚ ਪੱਧਰੀ ਸੱਭਿਆਚਾਰਕ ਪੇਸ਼ਕਾਰੀਆਂ ਕਰਵਾਉਣਾ ਇੱਕ ਸ਼ਲਾਘਾਯੋਗ ਉਪਰਾਲਾ ਹੈ।

ਉਨ੍ਹਾਂ ਕਿਹਾ ਕਿ 'ਹਮਾਰੇ ਰਾਮ' ਸਿਰਫ਼ ਇੱਕ ਨਾਟਕ ਨਹੀਂ, ਸਗੋਂ ਭਾਰਤੀ ਸੰਸਕ੍ਰਿਤੀ, ਪਰੰਪਰਾ ਅਤੇ ਜੀਵਨ ਮੁੱਲਾਂ ਨੂੰ ਸਮਝਣ ਦਾ ਇੱਕ ਸੁੰਦਰ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਰਾਮਾਇਣ ਗਿਆਨ, ਸੰਸਕਾਰ ਅਤੇ ਜੀਵਨ ਯਾਤਰਾ ਦਾ ਸਦੀਵੀ ਸਰੋਤ ਹੈ। ਭਗਵਾਨ ਸ੍ਰੀ ਰਾਮ ਦਾ ਜੀਵਨ ਸਾਨੂੰ ਸੱਚ, ਧਰਮ, ਮਰਿਆਦਾ, ਤਿਆਗ, ਫਰਜ਼, ਕਰੁਣਾ ਅਤੇ ਮਨੁੱਖੀ ਕਦਰਾਂ-ਕੀਮਤਾਂ ਦੇ ਰਾਹ 'ਤੇ ਚੱਲਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮੁਸ਼ਕਲ ਹਾਲਾਤਾਂ ਵਿੱਚ ਵੀ ਆਪਣੇ ਸਿਧਾਂਤਾਂ 'ਤੇ ਕਾਇਮ ਰਹਿਣਾ ਅਤੇ ਰਿਸ਼ਤਿਆਂ ਤੇ ਜ਼ਿੰਮੇਵਾਰੀਆਂ ਦਾ ਸਨਮਾਨ ਕਰਨਾ ਭਗਵਾਨ ਸ੍ਰੀ ਰਾਮ ਦੇ ਜੀਵਨ ਤੋਂ ਮਿਲਣ ਵਾਲੀ ਮਹੱਤਵਪੂਰਨ ਸਿੱਖਿਆ ਹੈ।

ਸਿਸੋਦੀਆ ਨੇ ਖਾਸ ਤੌਰ 'ਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਰਾਮਾਇਣ ਦੇ ਡੂੰਘੇ ਸੰਦੇਸ਼ ਨੂੰ ਸਮਝਣ ਅਤੇ ਇਸ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਯਤਨ ਕਰਨ। ਉਨ੍ਹਾਂ ਕਿਹਾ ਕਿ ਆਧੁਨਿਕ ਸਮੇਂ ਵਿੱਚ ਵੀ ਭਗਵਾਨ ਸ੍ਰੀ ਰਾਮ ਦੇ ਆਦਰਸ਼ ਉਨੇ ਹੀ ਪ੍ਰਸੰਗਿਕ ਹਨ ਅਤੇ ਸਮਾਜ ਨੂੰ ਬਿਹਤਰ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।

ਉਨ੍ਹਾਂ ਪ੍ਰਸਿੱਧ ਅਦਾਕਾਰ ਆਸ਼ੂਤੋਸ਼ ਰਾਣਾ, ਰਾਹੁਲ ਆਰ. ਭੁੱਚਰ, ਤਰੁਣ ਖੰਨਾ ਸਮੇਤ ਪੂਰੀ ਕਲਾਕਾਰ ਟੀਮ ਦੀ ਸ਼ਾਨਦਾਰ ਪੇਸ਼ਕਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਲਾਕਾਰਾਂ ਨੇ ਆਪਣੀ ਦਮਦਾਰ ਅਦਾਕਾਰੀ ਰਾਹੀਂ ਰਾਮਾਇਣ ਦੇ ਪ੍ਰਸੰਗਾਂ ਅਤੇ ਭਗਵਾਨ ਸ੍ਰੀ ਰਾਮ ਦੇ ਚਰਿੱਤਰ ਨੂੰ ਜੀਵੰਤ ਕਰ ਦਿੱਤਾ। ਇਸ ਮੌਕੇ ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਾਕੇਸ਼ ਕੁਮਾਰ ਮੀਨਾ ਸਮੇਤ ਵੱਖ-ਵੱਖ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਦਰਸ਼ਕ ਹਾਜ਼ਰ ਸਨ।

ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਅਧਿਆਪਕ ਦਿਵਸ ਮਨਾਇਆ





ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਕਾਲਜ ਦੇ ਐਜੂਕੇਸ਼ਨ ਵਿਭਾਗ ਵਲੋਂ ਪਿ?ਰੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਅਧਿਆਪਕ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ।

ਸਮਾਗਮ ਦੀ ਆਰੰਭਤਾ ਮੌਕੇ ਪ੍ਰੋ. ਲਖਵਿੰਦਰਜੀਤ ਕੌਰ ਨੇ ਅਧਿਆਪਕ ਦੀ ਵਿਦਿਆਰਥੀਆਂ ਦੇ ਜੀਵਨ ਅਤੇ ਭਵਿੱਖ ਨੂੰ ਸੰਭਾਵਰਨ ਵਿਚ ਮਹੱਤਵਪੂਰਨ ਭੂਮਿਕਾ ਬਾਰੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਵਿਦਿਆਰਥੀਆਂ ਵਲੋਂ ਭਾਸ਼ਣ, ਕਵਿਤਾਵਾਂ, ਗੀਤ, ਸਕਿੱਟ ਅਤੇ ਭੰਗੜੇ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਕੀਤੀਆਂ। ਇਸ ਮੌਕੇ ਜਸਮੀਤ ਕੌਰ, ਬਲਵਿੰਦਰ ਕੌਰ ਅਤੇ ਸ਼ਵੇਤਾ ਨੇ ਭਾਸ਼ਣ ਦਿੱਤਾ, ਜਸ਼ਨਪ੍ਰੀਤ ਕੌਰ ਅਤੇ ਲਕਸ਼ਦੀਪ ਨੇ ਕਵਿਤਾਵਾਂ ਪੇਸ਼ ਕੀਤੀਆਂ। ਸਨਮ ਅਤੇ ਅੰਮ੍ਰਿਤ ਨੇ ਗੀਤ ਪੇਸ਼ ਕੀਤੇ। ਬੀ.ਐੱਸ.ਸੀ. ਬੀ.ਐੱਡ. 7ਵੇਂ ਸਮੈਸਟਰ ਦੇ ਵਿਦਿਆਰਥੀਆਂ ਨੇ ਸਕਿੱਟ ਅਤੇ ਜਸਕਰਨ ਸਿੰਘ ਨੇ ਭੰਗੜਾ ਪੇਸ਼ ਕੀਤਾ। ਡਾ. ਅਰਵਿੰਦਰ ਕੌਰ ਵਲੋਂ ਗੀਤ ਪੇਸ਼ ਕੀਤਾ ਗਿਆ। ਮੰਚ ਸੰਚਾਲਨ ਵਿਦਿਆਰਥਣਾਂ ਨਵਲੀਨ, ਕੋਮਲਦੀਪ, ਸਾਨੀਆ ਅਤੇ ਸਿਮਰਨ ਵਲੋਂ ਕੀਤਾ ਗਿਆ।

ਅਖੀਰ ਵਿਚ ਡਾ. ਜਾਨਕੀ ਅਗਰਵਾਲ ਅਤੇ ਡਾ. ਸੰਘਾ ਗੁਰਬਖਸ਼ ਕੌਰ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਹੋਏ।

ਰੋਟਰੀ ਕਲੱਬ ਅੰਬਾਲਾ ਇੰਡਸਟਰੀਅਲ ਏਰੀਆ ਨੇ ਨੇਸ਼ਨ ਬਿਲਡਰ ਐਵਾਰਡ ਦੇ ਕੇ ਅਧਿਆਪਕ ਸਨਮਾਨੇ



ਪੈ.ਗਾਮ-ਏ-ਜਗਤ
ਅੰਬਾਲਾ, 5 ਸਤੰਬਰ (ਆਰ.ਸਿੰਘ)

ਰੋਟਰੀ ਕਲੱਬ ਅੰਬਾਲਾ ਇੰਡਸਟਰੀਅਲ ਏਰੀਆ ਨੇ ਅੰਬਾਲਾ ਕੈਂਟ ਦੇ ਬੀ.ਡੀ ਸੀ.ਸੈ.ਸਕੂਲ ਵਿਚ ਸਕੂਲ ਦੇ ਸਹਿਯੋਗ ਨਾਲ ਖ਼ੁਸ਼ਨੁਮਾ ਪ੍ਰੋਗਰਾਮ ਆਯੋਜਿਤ ਕਰਕੇ ਸਕੂਲ ਦੇ ਪੰਜ ਅਧਿਆਪਕਾਂ ਨੂੰ ਉਨ੍ਹਾਂ ਦੇ ਸਿੱਖਿਆ ਖੇਤਰ, ਵਿਦਿਆਰਥੀਆਂ ਦੀ ਸ਼ਖ਼ਸੀਅਤ ਵਿਕਾਸ ਅਤੇ ਸਮਾਜ ਸੇਵਾ ਦੇ ਖੇਤਰ ਵਿਚ ਪਾਏ ਯੋਗਦਾਨ ਨੂੰ ਮੁੱਖ ਰੱਖਦਿਆਂ ਰੋਟਰੀ ਕਲੱਬ ਵੱਲੋਂ ਹਰ ਸਾਲ ਦਿੱਤੇ ਜਾਣ ਵਾਲੇ ਸਨਮਾਨ ' ਨੇਸ਼ਨ ਬਿਲਡਰ ਐਵਾਰਡ' ਦੇ ਕੇ ਸਨਮਾਨਿਤ ਕੀਤਾ।

ਇਹ ਐਵਾਰਡ ਪ੍ਰਾਪਤ ਕਰਨ ਵਾਲਿਆਂ ਵਿਚ ਪ੍ਰਿੰਸੀਪਲ ਸ਼ਾਲਿਨੀ ਸ਼ਰਮਾ, ਸ਼ਿਲਪਾ ਸ਼ਰਮਾ, ਰੇਣੂ ਧੀਮਾਨ, ਨਿਰਮਲ ਅਤੇ ਪੰਕਜ ਸ਼ਾਮਲ ਸਨ। ਇਸ ਤੋਂ ਪਹਿਲਾਂ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਸ਼ਾਲਿਨੀ ਸ਼ਰਮਾ, ਸਟਾਫ ਅਤੇ ਵਿਦਿਆਰਥੀਆਂ ਨੇ ਰੋਟਰੀ ਕਲੱਬ ਦੇ ਪ੍ਰਧਾਨ ਰੋਟਰੀ ਕਲੱਬ ਦੇ ਪ੍ਰਧਾਨ ਰੋਟੇਰੀਅਨ ਦੀਕਸ਼ਿਤ ਕਪੂਰ, ਸਕੱਤਰ ਰੋਟੇਰੀਅਨ ਅਨਿਲ ਸਹਿਗਲ, ਜ਼ੋਨ ਦੇ ਸਹਾਇਕ ਗਵਰਨਰ ਰੋਟੇਰੀਅਨ ਰਾਜ ਕੁਮਾਰ ਸ਼ਰਮਾ, ਜ਼ੋਨ ਲਰਨਰ ਟਰੇਨਰ ਰੋਟੇਰੀਅਨ ਸ਼ਸ਼ੀ ਗੁਲ੍ਹਾਟੀ, ਸਾਬਕਾ ਸਹਾਇਕ ਗਵਰਨਰ ਪੀਪੀ ਰੋਟੇਰੀਅਨ ਡੀ.ਪੀ. ਗੁਲ੍ਹਾਟੀ, ਕਾਰਜਕਾਰੀ ਸਕੱਤਰ ਰੋਟੇਰੀਅਨ ਅਨੀਤਾ ਕਪੂਰ, ਸੰਯੁਕਤ ਸਕੱਤਰ ਰੋਟੇਰੀਅਨ ਰੀਟਾ ਥਾਪਰ, ਡਾਇਰੈਕਟਰ ਰੋਟੇਰੀਅਨ ਵਰਿੰਦਰ ਦੂਰੇਜਾ, ਡਾਇਰੈਕਟਰ ਰੋਟੇਰੀਅਨ ਚਾਂਦ ਚਾਵਲਾ ਦਾ ਸਵਾਗਤ ਕੀਤਾ ਅਤੇ ਵਿਦਿਆਰਥੀਆਂ ਨੇ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ।

ਇਸ ਮੌਕੇ ਤੇ ਰੋਟਰੀ ਕਲੱਬ ਨੇ ਸਕੂਲ ਦੇ ਤਿੰਨ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਵੀ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ। ਰੋਟੇਰੀਅਨ ਰੀਟਾ ਥਾਪਰ ਨੇ ਆਪਣੇ ਭਰਾ ਦੀ ਮਦਦ ਨਾਲ ਇੱਕ ਲੋੜਵੰਦ ਵਿਦਿਆਰਥੀ ਲਈ ਚਾਰ ਮਹੀਨਿਆਂ ਦੀ ਫੀਸ ਸਪਾਂਸਰ ਕੀਤੀ। ਰੋਟੇਰੀਅਨ ਅਨਿਲ ਸਹਿਗਲ ਨੇ ਵਿੱਤੀ ਤੌਰ 'ਤੇ ਕਮਜ਼ੋਰ ਪਰਿਵਾਰ ਦੇ ਹੋਣਹਾਰ ਵਿਦਿਆਰਥੀ ਲਈ ਅਮਿਤ ਕੁਮਾਰ ਸਹਿਦੇਵ ਦੇ ਨਾਮ 'ਤੇ ਸਕਾਲਰਸ਼ਿਪ ਦਾ ਐਲਾਨ ਕੀਤਾ ਅਤੇ ਵਿਦਿਆਰਥੀ ਨੂੰ ਸਕਾਲਰਸ਼ਿਪ ਦੀ ਰਕਮ ਦਾ ਚੈੱਕ ਭੇਟ ਕੀਤਾ। ਪ੍ਰਿੰਸੀਪਲ ਸ਼ਾਲਿਨੀ ਸ਼ਰਮਾ ਨੇ ਰੋਟਰੀ ਕਲੱਬ ਦੇ ਮੈਂਬਰਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਧਿਆਪਕ ਦਿਵਸ 'ਤੇ ਆਯੋਜਿਤ ਇਹ ਪ੍ਰੋਗਰਾਮ ਅਧਿਆਪਕਾਂ ਅਤੇ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਸੀ। ਉਨ੍ਹਾਂ ਨੇ ਰੋਟਰੀ ਕਲੱਬ ਵੱਲੋਂ ਸਿੱਖਿਆ ਅਤੇ ਵਿਦਿਆਰਥੀਆਂ ਦੇ ਹਿਤ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ।

ਰਾਯਤ ਬਾਹਰਾ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਅਤੇ 'ਆਪ' ਵੱਲੋਂ ਅਧਿਆਪਕ ਦਿਵਸ ਮੌਕੇ ਵਿਸ਼ੇਸ਼ ਸਮਾਗਮ





ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਰਾਯਤ ਬਾਹਰਾ ਪ੍ਰੋਫ਼ੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਵਿਖੇ ਆਮ ਆਦਮੀ ਪਾਰਟੀ (ਆਪ) ਦੇ ਸਹਿਯੋਗ ਨਾਲ ਅਧਿਆਪਕ ਦਿਵਸ ਮੌਕੇ ਇੱਕ ਰਾਜ ਪੱਧਰੀ ਸਿੱਖਿਆ ਸੰਮੇਲਨ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ ਚਾਂਸਲਰ ਪ੍ਰੋ. (ਡਾ.) ਚੰਦਰ ਮੋਹਨ ਨੇ ਕੀਤੀ, ਜਦਕਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨਾਲ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਹਲਕਾ ਵਿਧਾਇਕ ਡਾ. ਇਸ਼ਾਂਕ ਕੁਮਾਰ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

- ਮਨੀਸ਼ ਸਿਸੋਦੀਆ ਨੇ ਪੰਜਾਬ 'ਚ ਵਿਸ਼ਵ ਪੱਧਰੀ ਸਿੱਖਿਆ ਕ੍ਰਾਂਤੀ ਦਾ ਦਿੱਤਾ ਸੱਦਾ

ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਮਨੀਸ਼ ਸਿਸੋਦੀਆ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਸੁਨਹਿਰੀ ਬਣਾਉਣ ਲਈ ਸਕੂਲਾਂ ਅਤੇ ਯੂਨੀਵਰਸਿਟੀਆਂ ਦੇ ਵਿੱਦਿਅਕ ਢਾਂਚੇ ਨੂੰ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ ਕਰਨਾ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਸਮਾਜਿਕ ਤਬਦੀਲੀ ਦੀ ਸ਼ੁਰੂਆਤ ਜਮਾਤਾਂ ਦੇ ਕਮਰਿਆਂ ਤੋਂ ਹੁੰਦੀ ਹੈ ਅਤੇ ਜਦੋਂ ਤੱਕ ਅਧਿਆਪਕਾਂ ਨੂੰ ਆਧੁਨਿਕ ਤਕਨੀਕਾਂ ਨਾਲ ਸਮਰੱਥ ਨਹੀਂ ਬਣਾਇਆ ਜਾਂਦਾ, ਓਦੋਂ ਤੱਕ ਸਿੱਖਿਆ ਕ੍ਰਾਂਤੀ ਸੰਭਵ ਨਹੀਂ ਹੈ, ਇਸ ਲਈ ਸਰਕਾਰ ਪੰਜਾਬ ਨੂੰ ਮੁੜ ਗਿਆਨ-ਵਿਗਿਆਨ ਦਾ ਮੋਹਰੀ ਕੇਂਦਰ ਬਣਾਉਣ ਲਈ ਵਚਨਬੱਧ ਹੈ। ਇਸ ਮੌਕੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਅਧਿਆਪਕਾਂ ਨੂੰ ਰਾਸ਼ਟਰ ਨਿਰਮਾਤਾ ਦੱਸਦਿਆਂ ਕਿਹਾ ਕਿ ਰਾਯਤ ਬਾਹਰਾ ਅਦਾਰਾ ਵਿਦਿਆਰਥੀਆਂ ਨੂੰ ਰੁਜ਼ਗਾਰਮੁਖੀ ਅਤੇ ਮਿਆਰੀ ਸਿੱਖਿਆ ਦੇਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਸੂਬੇ ਵਿੱਚ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਣ ਵਾਲੇ ਹਰ ਉਸਾਰੂ ਕਦਮ ਦਾ ਪੂਰਨ ਸਮਰਥਨ ਕਰਦਾ ਰਹੇਗਾ।

ਵਾਈਸ ਚਾਂਸਲਰ ਪ੍ਰੋ. (ਡਾ.) ਚੰਦਰ ਮੋਹਨ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਉੱਚ ਸਿੱਖਿਆ ਸੰਸਥਾਵਾਂ ਦੀ ਜ਼ਿੰਮੇਵਾਰੀ ਖੋਜ, ਨਵੀਨਤਾ ਅਤੇ ਆਲੋਚਨਾਤਮਕ ਸੋਚ ਨੂੰ ਪ੍ਰਫੁੱਲਤ ਕਰਨ ਦੀ ਹੈ ਤਾਂ ਜੋ ਵਿਦਿਆਰਥੀ ਕੌਮਾਂਤਰੀ ਪੱਧਰ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਯੋਗ ਬਣ ਸਕਣ। ਸਮਾਗਮ ਦੀ ਸਮਾਪਤੀ ਮੌਕੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਨੇ ਆਏ ਹੋਏ ਸਾਰੇ ਪਤਵੰਤਿਆਂ ਦਾ ਰਸਮੀ ਧੰਨਵਾਦ ਕੀਤਾ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਅਧਿਆਪਕ ਦਿਵਸ 'ਤੇ ਵੱਡਾ ਐਲਾਨ

ਅਗਲੇ ਸੈਸ਼ਨ ਤੋਂ ਉੱਚੇਰੀ, ਤਕਨੀਕੀ ਅਤੇ ਤਕਨਾਲੋਜੀ ਸਿੱਖਿਆ ਦੇ ਅਧਿਆਪਕਾਂ ਨੂੰ ਵੀ ਮਿਲੇਗਾ ਰਾਜ ਅਧਿਆਪਕ ਪੁਰਸਕਾਰ

- ਪੰਚਕੂਲਾ ਵਿੱਚ ਆਯੋਜਿਤ ਰਾਜ ਪੱਧਰੀ ਸਮਾਰੋਹ ਵਿੱਚ 79 ਅਧਿਆਪਕਾਂ ਨੂੰ ਰਾਜ ਅਧਿਆਪਕ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ
- ਏ.ਆਈ. ਅਤੇ ਰੋਬੋਟਿਕਸ ਦੇ ਦੌਰ ਵਿੱਚ ਅਧਿਆਪਕ ਦੀ ਭੂਮਿਕਾ ਹੋਰ ਵੀ ਅਹਿਮ: ਮੁੱਖ ਮੰਤਰੀ

ਪੈ.ਗਾਮ-ਏ-ਜਗਤ/ਚੰਡੀਗੜ੍ਹ
5 ਸਤੰਬਰ (ਹਰਮਿੰਦਰ ਸਿੰਘ ਨਾਗਪਾਲ)

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅਧਿਆਪਕ ਦਿਵਸ ਦੇ ਮੌਕੇ 'ਤੇ ਮਹੱਤਵਪੂਰਨ ਘੋਸ਼ਣਾ ਕਰਦਿਆਂ ਕਿਹਾ ਕਿ ਆਉਣ ਵਾਲੇ ਅਕਾਦਮਿਕ ਸੈਸ਼ਨ ਤੋਂ ਉੱਚੇਰੀ ਸਿੱਖਿਆ, ਤਕਨੀਕੀ ਸਿੱਖਿਆ ਅਤੇ ਤਕਨਾਲੋਜੀ ਸਿੱਖਿਆ ਨਾਲ ਜੁੜੇ ਅਧਿਆਪਕ ਵੀ ਰਾਜ ਅਧਿਆਪਕ ਪੁਰਸਕਾਰ ਨਾਲ ਸਨਮਾਨਿਤ ਹੋਣਗੇ। ਮੌਜੂਦਾ ਸਮੇਂ ਵਿੱਚ ਇਹ ਪੁਰਸਕਾਰ ਸਿਰਫ਼ ਸਕੂਲੀ ਸਿੱਖਿਆ ਨਾਲ ਜੁੜੇ ਅਧਿਆਪਕਾਂ ਨੂੰ ਹੀ ਦਿੱਤਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ ਸਾਰੇ ਅਧਿਆਪਕਾਂ ਨੂੰ ਉਤਸ਼ਾਹਿਤ ਕਰਨਾ ਸਰਕਾਰ ਦੀ ਪਹਿਲ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇਹ ਐਲਾਨ ਸ਼ਨੀਵਾਰ ਨੂੰ ਪੰਚਕੂਲਾ ਵਿੱਚ ਆਯੋਜਿਤ ਰਾਜ ਅਧਿਆਪਕ ਸਨਮਾਨ ਸਮਾਰੋਹ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸੰਬੋਧਨ ਕਰਦਿਆਂ ਕੀਤਾ। ਸਮਾਰੋਹ ਵਿੱਚ ਮੁੱਖ ਮਹਿਮਾਨ ਹਰਿਆਣਾ ਦੇ ਰਾਜਪਾਲ ਪ੍ਰੋਫੈਸਰ ਅਸੀਮ ਕੁਮਾਰ ਘੋਸ਼, ਰਾਜਪਾਲ ਦੀ ਧਰਮ ਪਤਨੀ ਸ਼੍ਰੀਮਤੀ ਮਿਤ੍ਰਾ ਘੋਸ਼ ਅਤੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਵੀ ਮੌਜੂਦ ਰਹੇ। ਇਸ ਮੌਕੇ ਰਾਜਪਾਲ ਪ੍ਰੋਫੈਸਰ ਅਸੀਮ ਕੁਮਾਰ ਘੋਸ਼, ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅਤੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਕੰਮ ਕਰਨ ਵਾਲੇ 79 ਅਧਿਆਪਕਾਂ ਨੂੰ ਸਨਮਾਨਿਤ ਕੀਤਾ। ਸਨਮਾਨ ਪ੍ਰਾਪਤ ਕਰਨ ਵਾਲੇ ਅਧਿਆਪਕਾਂ ਨੂੰ ਸ਼ਾਲ, ਮੈਡਲ, ਪ੍ਰਮਾਣ ਪੱਤਰ, ਇੱਕ-ਇੱਕ ਲੱਖ ਰੁਪਏ ਦੀ ਸਨਮਾਨ ਰਾਸ਼ੀ ਅਤੇ ਦੋ ਅਗਾਊਂ ਤਨਖ਼ਾਹ ਵਾਧੇ ਪ੍ਰਦਾਨ ਕੀਤੇ ਗਏ।

ਮੁੱਖ ਮੰਤਰੀ ਨੇ ਅਧਿਆਪਕ ਦਿਵਸ 'ਤੇ ਸਾਰੇ ਅਧਿਆਪਕਾਂ ਨੂੰ ਹਾਰਦਿਕ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਇਹ ਸਮਾਰੋਹ ਸਿੱਖਿਆ ਪ੍ਰਤੀ ਤੁਹਾਡੇ ਸਮਰਪਣ ਅਤੇ ਸ਼ੁਕਰਗੁਜ਼ਾਰੀ ਪ੍ਰਗਟ ਕਰਨ ਦਾ ਮੌਕਾ ਹੈ। ਉਨ੍ਹਾਂ ਕਿਹਾ ਕਿ ਅੱਜ ਮਹਾਨ ਅਧਿਆਪਕ ਭਾਰਤ ਦੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦਾ ਜਨਮਦਿਨ ਵੀ ਹੈ, ਜਿਨ੍ਹਾਂ ਨੇ ਆਪਣਾ ਜਨਮਦਿਨ ਅਧਿਆਪਕਾਂ ਨੂੰ ਸਮਰਪਿਤ ਕਰ ਦਿੱਤਾ। ਇਸੇ ਲਈ, ਉਨ੍ਹਾਂ ਦੇ ਜਨਮਦਿਨ ਨੂੰ ਅਧਿਆਪਕ ਦਿਵਸ ਵਜੋਂ ਮਨਾਇਆ ਜਾਂਦਾ ਹੈ। ਉਹ ਮਹਾਨ ਦਾਰਸ਼ਨਿਕ, ਆਦਰਸ਼ ਅਧਿਆਪਕ ਅਤੇ ਕੁਸ਼ਲ ਸਿਆਸਤਦਾਨ ਸਨ। ਮੁੱਖ ਮੰਤਰੀ ਨੇ ਕਿਹਾ ਕਿ ਭਾਰਤੀ ਸੱਭਿਆਚਾਰ ਵਿੱਚ ਗੁਰੂ ਦਾ ਸਥਾਨ ਹਮੇਸ਼ਾ ਉੱਪਰ ਰਿਹਾ ਹੈ।

ਗੁਰੂ ਉਹ ਹੈ, ਜੋ ਬੱਚਿਆਂ ਦੇ ਅੰਦਰ ਛੁਪੀਆਂ ਸੰਭਾਵਨਾਵਾਂ ਨੂੰ ਪਛਾਣਦਾ ਹੈ। ਮਾਤਾ-ਪਿਤਾ ਬੱਚੇ ਨੂੰ ਜਨਮ ਦਿੰਦੇ ਹਨ, ਪਰ ਅਧਿਆਪਕ ਉਸ ਦੀ ਸ਼ਖ਼ਸੀਅਤ ਨੂੰ ਆਕਾਰ ਦਿੰਦਾ ਹੈ। ਉਹ ਬੱਚੇ ਨੂੰ ਸਿਰਫ਼ ਪ੍ਰੀਖਿਆ ਵਿੱਚ ਪਾਸ ਨਹੀਂ ਕਰਵਾਉਂਦਾ, ਸਗੋਂ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਯੋਗ ਬਣਾਉਂਦਾ ਹੈ।

ਨਾਇਬ ਸਿੰਘ ਸੈਣੀ ਨੇ ਸਨਮਾਨਿਤ ਹੋਏ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਤੁਸੀਂ ਅਧਿਆਪਕਾਂ ਦੀ ਵੀ ਅਜਿਹੀ ਹੀ ਕੋਈ ਕਹਾਣੀ ਹੋਵੇਗੀ। ਕਿਸੇ ਨੇ ਸਕੂਲ ਛੱਡ ਚੁੱਕੇ ਬੱਚੇ ਨੂੰ ਵਾਪਸ ਜਮਾਤ ਤੱਕ ਪਹੁੰਚਾਇਆ ਹੋਵੇਗਾ। ਕਿਸੇ ਨੇ ਆਪਣੀ ਜੇਬ ਵਿੱਚੋਂ ਵਿਦਿਆਰਥੀ ਲਈ ਕਿਤਾਬ ਖਰੀਦੀ ਹੋਵੇਗੀ। ਕਿਸੇ ਨੇ ਛੁੱਟੀ ਤੋਂ ਬਾਅਦ ਪੜ੍ਹਾਈ ਵਿੱਚ ਕਮਜ਼ੋਰ ਬੱਚੇ ਨੂੰ ਵਾਧੂ ਸਮਾਂ ਦਿੱਤਾ ਹੋਵੇਗਾ। ਕਿਸੇ ਨੇ ਧੀ ਦੇ ਮਾਤਾ-ਪਿਤਾ ਨੂੰ ਸਮਝਾ ਕੇ ਉਸ ਦੀ ਪੜ੍ਹਾਈ ਜਾਰੀ ਰਖਵਾਈ ਹੋਵੇਗੀ। ਕਿਸੇ ਨੇ ਵਿਗਿਆਨ ਪ੍ਰਯੋਗਸ਼ਾਲਾ ਨਾ ਹੋਣ 'ਤੇ ਸਥਾਨਕ ਵਸਤੂਆਂ ਤੋਂ ਮਾਡਲ ਬਣਾਇਆ ਹੋਵੇਗਾ; ਅਤੇ ਕਿਸੇ ਨੇ ਵਿਦਿਆਰਥੀ ਦੀਆਂ ਅੱਖਾਂ ਦੀ ਉਦਾਸੀ ਪੜ੍ਹ ਕੇ ਉਸ ਨੂੰ ਗਲਤ ਰਸਤੇ 'ਤੇ ਜਾਣ ਤੋਂ ਬਚਾਇਆ ਹੋਵੇਗਾ। ਉਨ੍ਹਾਂ ਕਿਹਾ ਕਿ ਪੁਰਸਕਾਰ ਪ੍ਰਾਪਤ ਕਰਨ ਲਈ ਮੰਚ 'ਤੇ ਤੁਸੀਂ ਭਾਵੇਂ ਹੀ ਅੱਜ ਆਏ ਹੋ, ਪਰ ਤੁਹਾਡਾ ਪੁਰਸਕਾਰ ਉਸੇ ਦਿਨ ਤੈਅ ਹੋ ਗਿਆ ਸੀ, ਜਿਸ ਦਿਨ ਕਿਸੇ ਬੱਚੇ ਨੇ ਤੁਹਾਨੂੰ ਕਿਹਾ ਹੋਵੇਗਾ 'ਗੁਰੂ ਜੀ, ਤੁਸੀਂ ਮੇਰਾ ਜੀਵਨ ਬਦਲ ਦਿੱਤਾ।' ਮੁੱਖ ਮੰਤਰੀ ਨੇ ਕਿਹਾ ਕਿ ਅੱਜ ਸਮਾਂ ਤੇਜ਼ੀ ਨਾਲ ਬਦਲ ਰਿਹਾ ਹੈ। ਆਰਟੀਫੀਸ਼ੀਅਲ ਇੰਟੈਲੀਜੈਂਸ, ਰੋਬੋਟਿਕਸ, ਡਿਜੀਟਲ ਤਕਨਾਲੋਜੀ ਅਤੇ ਇੰਟਰਨੈਟ ਨੇ ਗਿਆਨ ਦੇ ਅਣਗਿਣਤ ਦਰਵਾਜ਼ੇ ਖੋਲ੍ਹ ਦਿੱਤੇ ਹਨ।

ਬੱਚੇ ਇੱਕ ਕਲਿੱਕ 'ਤੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ, ਪਰ ਜਾਣਕਾਰੀ ਅਤੇ ਗਿਆਨ ਵਿੱਚ ਅੰਤਰ ਹੁੰਦਾ ਹੈ। ਮਸ਼ੀਨ ਸੂਚਨਾ ਦੇ ਸਕਦੀ ਹੈ, ਪਰ ਸੰਸਕਾਰ ਨਹੀਂ। ਏ.ਆਈ. ਪਾਠ ਤਿਆਰ ਕਰ ਸਕਦੀ ਹੈ, ਪਰ ਕਿਸੇ ਨਿਰਾਸ਼ ਬੱਚੇ ਦੇ ਮੋਢੇ 'ਤੇ ਹੱਥ ਰੱਖ ਕੇ ਉਸ ਵਿੱਚ ਵਿਸ਼ਵਾਸ ਨਹੀਂ ਜਗਾ ਸਕਦੀ। ਇਹ ਕੰਮ ਸਿਰਫ਼ ਅਧਿਆਪਕ ਕਰ ਸਕਦਾ ਹੈ। ਇਸ ਲਈ ਤਕਨੀਕ ਦੇ ਯੁੱਗ ਵਿੱਚ ਅਧਿਆਪਕ ਦੀ ਭੂਮਿਕਾ ਘੱਟ ਨਹੀਂ ਹੋਈ, ਸਗੋਂ ਹੋਰ ਵੀ ਮਹੱਤਵਪੂਰਨ ਹੋ ਗਈ ਹੈ। ਇਸੇ ਗੱਲ ਨੂੰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਵੀ ਸਮਝਿਆ। ਉਨ੍ਹਾਂ ਨੇ ਨਵੀਂ ਰਾਸ਼ਟਰੀ ਸਿੱਖਿਆ ਨੀਤੀ ਬਣਾ ਕੇ ਸਿੱਖਿਆ ਨੂੰ ਰੱਟਣ ਦੀ ਪ੍ਰਵਿਰਤੀ ਤੋਂ ਕੱਢ ਕੇ ਸਮਝ, ਹੁਨਰ, ਨਵੀਨਤਾ ਅਤੇ ਭਾਰਤੀ ਮੁੱਲਾਂ ਨਾਲ ਜੋੜਨ ਦਾ ਮਾਰਗ ਪ੍ਰਸ਼ਸਤ ਕੀਤਾ।

ਅਧਿਆਪਕ ਦਿਵਸ ਮੌਕੇ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਮਾਡਲ ਸਕੂਲ, ਸ਼ਿਮਲਾ ਪਹਾੜੀ, ਹੁਸ਼ਿਆਰਪੁਰ ਵਿੱਚ ਵਿਸ਼ੇਸ਼ ਸਮਾਗਮ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਵਿਦਿਆ ਮੰਦਰ ਸੀਨੀਅਰ ਸੈਕੰਡਰੀ ਮਾਡਲ ਸਕੂਲ, ਸ਼ਿਮਲਾ ਪਹਾੜੀ, ਹੁਸ਼ਿਆਰਪੁਰ ਵਿੱਚ ਅੱਜ ਅਧਿਆਪਕ ਦਿਵਸ ਬੜੇ ਉਤਸ਼ਾਹ ਅਤੇ ਸਨਮਾਨ ਨਾਲ ਮਨਾਇਆ ਗਿਆ।

ਵਿਦਿਆਰਥੀਆਂ ਨੂੰ ਅਧਿਆਪਕਾਂ ਦੀ ਮਹੱਤਤਾ ਅਤੇ ਉਨ੍ਹਾਂ ਵੱਲੋਂ ਵਿਦਿਆਰਥੀਆਂ ਦੇ ਜੀਵਨ ਨੂੰ ਸਹੀ ਦਿਸ਼ਾ ਦੇਣ ਵਿੱਚ ਨਿਭਾਈ ਜਾਂਦੀ ਅਹਿਮ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਗਈ।ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਭਾਰਤ ਦੇ ਮਹਾਨ ਵਿਦਵਾਨ, ਦਾਰਸ਼ਨਿਕ ਅਤੇ ਸਾਬਕਾ ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦੇ ਜੀਵਨ ਅਤੇ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਬਾਰੇ ਦੱਸਿਆ ਗਿਆ। ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਹਰ ਸਾਲ 5 ਸਤੰਬਰ ਨੂੰ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਜੀ ਦੇ ਜਨਮ ਦਿਵਸ ਦੀ ਯਾਦ ਵਿੱਚ ਅਧਿਆਪਕ ਦਿਵਸ ਮਨਾਇਆ ਜਾਂਦਾ ਹੈ। ਇਸ ਮੌਕੇ ਸਕੂਲ ਦੇ ਪ੍ਰਧਾਨ ਅਨੁਰਾਗ ਸੂਦ, ਸਕੱਤਰ ਡਾ. ਹਰਸ਼ਵਿੰਦਰ ਸਿੰਘ ਪਠਾਨੀਆ, ਪ੍ਰਿੰਸੀਪਲ ਸ਼ੋਭਾ ਰਾਣੀ, ਮਨੀਸ਼ਾ ਜੋਸ਼ੀ ਅਤੇ ਸਕੂਲ ਦੇ ਸਮੂਹ ਸਟਾਫ਼ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕੀਤਾ। ਉਨ੍ਹਾਂ ਨੇ ਅਧਿਆਪਕ ਦਿਵਸ ਦੀ ਮਹੱਤਤਾ ਬਾਰੇ ਦੱਸਦਿਆਂ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ, ਚੰਗੇ ਸੰਸਕਾਰ ਅਤੇ ਆਪਣੇ ਅਧਿਆਪਕਾਂ ਪ੍ਰਤੀ ਸਤਿਕਾਰ ਦੀ ਭਾਵਨਾ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ਵੀ ਆਪਣੇ ਅਧਿਆਪਕਾਂ ਪ੍ਰਤੀ ਸਤਿਕਾਰ ਅਤੇ ਧੰਨਵਾਦ ਦਾ ਪ੍ਰਗਟਾਵਾ ਕੀਤਾ। ਸਮਾਗਮ ਦੌਰਾਨ ਸਕੂਲ ਦਾ ਮਾਹੌਲ ਖ਼ੁਸ਼ੀ, ਸਨਮਾਨ ਅਤੇ ਪ੍ਰੇਰਣਾ ਨਾਲ ਭਰਪੂਰ ਰਿਹਾ। ਅੰਤ ਵਿੱਚ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਵੱਲੋਂ ਸਾਰੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਸ਼੍ਰੀ ਕ੍ਰਿਸ਼ਨ ਜਨਮਾਸ਼ਟਮੀ ਸਮਾਰੋਹ ਵਿੱਚ ਸ਼ਾਮਲ ਹੋਏ ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ, ਸ਼੍ਰੀ ਰਾਧਾ-ਕ੍ਰਿਸ਼ਨ ਮੰਦਰ ਵਿੱਚ ਕੀਤੀ ਪੂਜਾ-ਅਰਚਨਾ

ਊਨਾ, 5 ਸਤੰਬਰ
(ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਸ਼੍ਰੀ ਕ੍ਰਿਸ਼ਨ ਜਨਮਾਸ਼ਟਮੀ ਦੇ ਪਵਿੱਤਰ ਮੌਕੇ 'ਤੇ ਊਨਾ ਦੇ ਕੋਟਲਾ ਕਲਾਂ ਸਥਿਤ ਬਾਬਾ ਬਾਲ ਜੀ ਆਸ਼ਰਮ ਵਿੱਚ ਆਯੋਜਿਤ ਧਾਰਮਿਕ ਪ੍ਰੋਗਰਾਮ ਵਿੱਚ ਸ਼ਰਧਾਪੂਰਵਕ ਸ਼ਾਮਲ ਹੋਏ। ਉਹ ਸ਼ੁੱਕਰਵਾਰ ਦੇਰ ਰਾਤ ਦਿੱਲੀ ਤੋਂ ਸਿੱਧੇ ਕੋਟਲਾ ਕਲਾਂ ਵਿੱਚ ਰਾਸ਼ਟਰੀ ਸੰਤ ਸ਼੍ਰੀ ਬਾਬਾ ਬਾਲ ਜੀ ਮਹਾਰਾਜ ਦੁਆਰਾ ਸਥਾਪਿਤ ਸ਼੍ਰੀ ਰਾਧਾ-ਕ੍ਰਿਸ਼ਨ ਮੰਦਰ ਪਹੁੰਚੇ। ਇਸ ਮੌਕੇ ਕੁਟਲੈਹੜ ਦੇ ਵਿਧਾਇਕ ਵਿਵੇਕ ਸ਼ਰਮਾ ਵੀ ਹਾਜ਼ਰ ਸਨ।

ਉਪ ਮੁੱਖ ਮੰਤਰੀ ਨੇ ਮੰਦਰ ਵਿੱਚ ਭਗਵਾਨ ਸ਼੍ਰੀ ਠਾਕੁਰ ਜੀ ਦਾ ਵਿਧੀ-ਵਿਧਾਨ ਨਾਲ ਅਭਿਸ਼ੇਕ ਅਤੇ ਪੂਜਾ-ਅਰਚਨਾ ਕੀਤੀ ਅਤੇ ਭਗਵਾਨ ਸ਼੍ਰੀ ਰਾਧਾ-ਕ੍ਰਿਸ਼ਨ ਅਤੇ ਬਾਬਾ ਬਾਲ ਜੀ ਮਹਾਰਾਜ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਦੌਰਾਨ ਉਨ੍ਹਾਂ ਸ਼ਰਧਾਲੂਆਂ ਨਾਲ ਸ਼੍ਰੀ ਕ੍ਰਿਸ਼ਨ ਜਨਮਾਸ਼ਟਮੀ ਦੇ ਪਵਿੱਤਰ ਤਿਉਹਾਰ ਵਿੱਚ ਹਿੱਸਾ ਲਿਆ ਅਤੇ



ਭਗਵਾਨ ਤੋਂ ਸੂਬਾ ਵਾਸੀਆਂ ਦੀ ਸੁਖ-ਸਮ੍ਰਿੱਧੀ, ਸ਼ਾਂਤੀ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਉਨ੍ਹਾਂ ਕਾਮਨਾ ਕੀਤੀ ਕਿ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਕ੍ਰਿਪਾ ਅਤੇ ਆਸ਼ੀਰਵਾਦ ਸਭ 'ਤੇ ਹਮੇਸ਼ਾ ਬਣਿਆ ਰਹੇ।

ਉਨ੍ਹਾਂ ਰਾਸ਼ਟਰੀ ਸੰਤ ਬਾਬਾ ਬਾਲ ਜੀ ਮਹਾਰਾਜ ਦੇ ਸਰਪ੍ਰਸਤੀ ਹੇਠ ਆਯੋਜਿਤ ਇਸ ਧਾਰਮਿਕ ਪ੍ਰੋਗਰਾਮ ਨੂੰ ਸ਼ਰਧਾ ਅਤੇ ਆਸਥਾ ਦਾ ਮਹੱਤਵਪੂਰਨ ਮੌਕਾ ਦੱਸਿਆ। ਉਨ੍ਹਾਂ ਕਿਹਾ ਕਿ ਕੋਟਲਾ ਕਲਾਂ ਸਥਿਤ ਸ਼੍ਰੀ ਰਾਧਾ-ਕ੍ਰਿਸ਼ਨ ਮੰਦਰ ਅਤੇ ਆਸ਼ਰਮ ਖੇਤਰ ਹੀ ਨਹੀਂ, ਪੂਰੇ ਸੂਬੇ ਦੇ ਸ਼ਰਧਾਲੂਆਂ ਲਈ ਆਸਥਾ ਦਾ ਪ੍ਰਮੁੱਖ ਕੇਂਦਰ ਹੈ। ਇੱਥੇ ਸਾਲ ਭਰ ਧਾਰਮਿਕ ਅਤੇ ਅਧਿਆਤਮਿਕ ਪ੍ਰੋਗਰਾਮ ਆਯੋਜਿਤ ਹੁੰਦੇ ਹਨ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਭਗਵਾਨ ਸ਼੍ਰੀ ਰਾਧਾ-ਕ੍ਰਿਸ਼ਨ ਦੇ ਦਰਸ਼ਨ ਅਤੇ ਸੰਤ ਬਾਬਾ ਬਾਲ ਜੀ ਮਹਾਰਾਜ ਦਾ ਆਸ਼ੀਰਵਾਦ ਪ੍ਰਾਪਤ ਕਰਨ ਪਹੁੰਚਦੇ ਹਨ। ਉਪ ਮੁੱਖ ਮੰਤਰੀ ਨੇ ਕਿਹਾ ਕਿ ਸੰਤ-ਮਹਾਤਮਾਵਾਂ ਦੀ ਸੰਗਤ ਹਮੇਸ਼ਾ ਸਮਾਜ ਨੂੰ ਅਧਿਆਤਮਿਕ ਚੇਤਨਾ, ਸੰਸਕਾਰਾਂ ਅਤੇ ਨੇਕ ਰਸਤੇ ਵੱਲ ਪ੍ਰੇਰਿਤ ਕਰਦੀ ਹੈ। ਬਾਬਾ ਬਾਲ ਜੀ ਮਹਾਰਾਜ ਦੁਆਰਾ ਧਾਰਮਿਕ ਅਤੇ ਅਧਿਆਤਮਿਕ ਖੇਤਰ ਵਿੱਚ ਕੀਤੇ ਜਾ ਰਹੇ ਯਤਨ ਸ਼ਰਧਾਲੂਆਂ ਨੂੰ ਭਗਤੀ ਅਤੇ ਮਾਨਵ ਸੇਵਾ ਦੀ ਪ੍ਰੇਰਨਾ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਿੱਥੇ ਨੌਜਵਾਨ ਪੀੜ੍ਹੀ ਨਸ਼ੇ ਵਰਗੀ ਗੰਭੀਰ ਸਮਾਜਿਕ ਬੁਰਾਈ ਦੀ ਗ੍ਰਿਫ਼ਤ ਵਿੱਚ ਜਾ ਰਹੀ ਹੈ, ਅਜਿਹੇ ਚੁਣੌਤੀਪੂਰਨ ਦੌਰ ਵਿੱਚ ਬਾਬਾ ਬਾਲ ਜੀ ਮਹਾਰਾਜ ਦੁਆਰਾ ਸਮਾਜ ਨੂੰ ਅਧਿਆਤਮਿਕਤਾ, ਸਦਾਚਾਰ ਅਤੇ ਸੰਸਕਾਰਾਂ ਨਾਲ ਜੋੜਨ ਦਾ ਕੰਮ ਬਹੁਤ ਸ਼ਲਾਘਾਯੋਗ ਅਤੇ ਪ੍ਰੇਰਨਾਦਾਇਕ ਹੈ।

ਬਾਬਾ ਬਾਲ ਜੀ ਮਹਾਰਾਜ ਊਨਾ ਜ਼ਿਲ੍ਹੇ ਦੇ ਨਾਲ-ਨਾਲ ਪੂਰੇ ਉੱਤਰ ਭਾਰਤ ਦੇ ਅਣਗਿਣਤ ਸ਼ਰਧਾਲੂਆਂ ਨੂੰ ਪ੍ਰਭੂ ਦੇ ਚਰਨਾਂ ਨਾਲ ਜੋੜ ਕੇ ਸਮਾਜ ਵਿੱਚ ਸਕਾਰਾਤਮਕ ਸੋਚ, ਭਗਤੀ ਅਤੇ ਇਨਸਾਨੀਅਤ ਦਾ ਸੰਦੇਸ਼ ਪਹੁੰਚਾਉਣ ਦਾ ਪਵਿੱਤਰ ਕਾਰਜ ਕਰ ਰਹੇ ਹਨ।

ਅਧਿਆਪਕ ਦਿਵਸ ਮੌਕੇ ਪੰਜਾਬੀ ਯੂਨੀਵਰਸਿਟੀ ਅਤੇ 13 ਕਾਂਸਟੀਚੂਐਂਟ ਕਾਲਜਾਂ ਦੇ ਕੰਟਰੈਕਟ ਸਹਾਇਕ ਪ੍ਰੋਫ਼ੈਸਰਾਂ ਵੱਲੋਂ ਮਨਾਇਆ ਗਿਆ 'ਕਾਲਾ ਦਿਵਸ'

ਪਟਿਆਲਾ, 5 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਕੰਟਰੈਕਟ ਸਹਾਇਕ ਪ੍ਰੋਫ਼ੈਸਰਾਂ ਵੱਲੋਂ ਆਪਣੀਆਂ ਲੰਮੇ ਸਮੇਂ ਤੋਂ ਲਟਕਦੀਆਂ ਜਾਇਜ਼ ਮੰਗਾਂ ਨੂੰ ਲੈ ਕੇ ਵਿੱਢਿਆ ਗਿਆ ਸੰਘਰਸ਼ ਅੱਜ 19ਵੇਂ ਦਿਨ ਵਿੱਚ ਦਾਖ਼ਲ ਹੋ ਗਿਆ ਹੈ। 5 ਸਤੰਬਰ ਨੂੰ ਦੇਸ਼ ਭਰ ਵਿੱਚ ਮਨਾਏ ਜਾਂਦੇ 'ਅਧਿਆਪਕ ਦਿਵਸ' ਮੌਕੇ ਯੂਨੀਵਰਸਿਟੀ ਪ੍ਰਸ਼ਾਸਨ ਅਤੇ ਸਰਕਾਰ ਦੇ ਅੜੀਅਲ ਰਵੱਈਏ ਦੇ ਵਿਰੋਧ ਵਜੋਂ ਅਤੇ ਯੂ.ਜੀ.ਸੀ. ਰੈਗੂਲੇਸ਼ਨਜ਼ ਨੂੰ ਇੰਨ-ਬਿੰਨ ਲਾਗੂ ਕਰਵਾਉਣ ਲਈ ਸਮੂਹ ਅਧਿਆਪਕਾਂ ਨੇ ਅੱਜ ਦੇ ਦਿਨ ਨੂੰ 'ਕਾਲੇ ਦਿਵਸ' (ਰੋਸ ਦਿਵਸ) ਵਜੋਂ ਮਨਾਇਆ। ਇਸ ਰੋਸ ਪ੍ਰਦਰਸ਼ਨ ਤਹਿਤ ਯੂਨੀਵਰਸਿਟੀ ਕੈਂਪਸ ਦੇ ਨਾਲ-ਨਾਲ ਸਾਰੇ 13 ਕਾਂਸਟੀਚੂਐਂਟ ਕਾਲਜਾਂ ਵਿੱਚ ਵੀ ਕੰਟਰੈਕਟ ਸਹਾਇਕ ਪ੍ਰੋਫ਼ੈਸਰਾਂ ਵੱਲੋਂ ਕਾਲੇ ਕੱਪੜੇ ਪਹਿਨ ਕੇ, ਹੱਥਾਂ ਵਿੱਚ ਕਾਲੀਆਂ ਝੰਡੀਆਂ ਫੜ ਕੇ ਅਤੇ ਕਾਲੇ ਬਿੱਲੇ ਲਗਾ ਕੇ ਪੂਰਨ ਤੌਰ 'ਤੇ 'ਕਾਲਾ ਦਿਵਸ' ਮਨਾਇਆ ਗਿਆ।

ਧਰਨੇ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦਿਆਂ ਪੰਜਾਬੀ ਕੰਟਰੈਕਟ ਟੀਚਰਜ਼ ਐਸੋਸੀਏਸ਼ਨ ਦੀ ਪ੍ਰਧਾਨ ਡਾਕਟਰ ਤਰਨਜੀਤ ਕੌਰ ਨੇ ਕੰਟਰੈਕਟ

- **ਧਰਨਾ 19ਵੇਂ ਦਿਨ 'ਚ ਦਾਖ਼ਲ, ਮੰਗਲਵਾਰ ਤੱਕ ਮੰਗਾਂ ਨਾ ਮੰਨੀਆਂ ਤਾਂ 13 ਕਾਂਸਟੀਚੂਐਂਟ ਕਾਲਜ, ਨੇਬਰਹੁੱਡ ਕੈਂਪਸ ਅਤੇ ਰੀਜਨਲ ਸੈਂਟਰ ਮੁਕੰਮਲ ਬੰਦ ਰਹਿਣਗੇ: ਪ੍ਰੋ. ਸੁਰਿੰਦਰ ਸਿੰਘ**

ਸਹਾਇਕ ਪ੍ਰੋਫ਼ੈਸਰਾਂ ਵੱਲੋਂ ਪਿਛਲੇ 15 ਤੋਂ 20 ਸਾਲਾਂ ਤੋਂ ਹੰਢਾਏ ਜਾ ਰਹੇ ਮਾਨਸਿਕ, ਆਰਥਿਕ ਅਤੇ ਸਮਾਜਿਕ ਸੰਤਾਪ ਨੂੰ ਬਿਆਨ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਡੇਢ ਦਹਾਕੇ ਤੋਂ ਵੱਧ ਸਮੇਂ ਤੋਂ ਇਹ ਅਧਿਆਪਕ ਪੂਰੀ ਯੋਗਤਾ ਰੱਖਦੇ ਹੋਏ ਵੀ ਨਿਗੂਣੀਆਂ ਤਨਖ਼ਾਹਾਂ ਅਤੇ ਅਸੁਰੱਖਿਅਤ ਭਵਿੱਖ ਦੇ ਸਾਏ ਹੇਠ ਜੀਵਨ ਬਤੀਤ ਕਰ ਰਹੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਯੂ.ਜੀ.ਸੀ. ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ ਅਤੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਸਿਵਲ ਰਿੱਟ ਪਟੀਸ਼ਨ ਨੰਬਰ CWP 21780-2022 (ਰਾਜਨ ਗੋਇਲ ਬਨਾਮ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਹੋਰ) ਵਿੱਚ ਦਿੱਤੇ ਗਏ ਫ਼ੈਸਲੇ ਤੇ ਆਦੇਸ਼ਾਂ ਨੂੰ ਪ੍ਰਸ਼ਾਸਨ ਵੱਲੋਂ ਤੁਰੰਤ ਇੰਨ-ਬਿੰਨ ਲਾਗੂ ਕੀਤਾ ਜਾਵੇ।

ਇਸ ਮੌਕੇ ਐਸੋਸੀਏਸ਼ਨ ਦੇ ਸੀਨੀਅਰ ਆਗੂ ਪ੍ਰੋ. ਸੁਰਿੰਦਰ ਸਿੰਘ ਨੇ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਐਲਾਨ ਕੀਤਾ ਕਿ ਜੇਕਰ ਆਉਂਦੇ ਮੰਗਲਵਾਰ ਤੱਕ ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ, ਤਾਂ ਸੰਘਰਸ਼ ਨੂੰ ਹੋਰ ਪ੍ਰਚੰਡ ਕਰਦਿਆਂ ਯੂਨੀਵਰਸਿਟੀ ਅਧੀਨ ਆਉਂਦੇ ਸਾਰੇ 13 ਕਾਂਸਟੀਚੂਐਂਟ ਕਾਲਜ, ਨੇਬਰਹੁੱਡ ਕੈਂਪਸ ਅਤੇ ਰੀਜਨਲ ਸੈਂਟਰ ਮੁਕੰਮਲ ਤੌਰ 'ਤੇ ਬੰਦ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਅਜਿਹੀ ਸਥਿਤੀ ਬਣਦੀ ਹੈ ਤਾਂ ਇਸ ਕਾਰਨ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਕੈਂਪਸਾਂ ਵਿੱਚ ਪੈਦਾ ਹੋਣ ਵਾਲੇ ਹਾਲਾਤ ਦੀ ਸਮੁੱਚੀ ਜ਼ਿੰਮੇਵਾਰੀ ਯੂਨੀਵਰਸਿਟੀ ਪ੍ਰਸ਼ਾਸਨ ਦੀ ਹੋਵੇਗੀ।

ਇਸ ਰੋਸ ਪ੍ਰਦਰਸ਼ਨ ਦੌਰਾਨ ਯੂਨੀਵਰਸਿਟੀ ਦੇ ਮੁੱਖ ਕੈਂਪਸ, ਸਮੂਹ 13 ਕਾਂਸਟੀਚੂਐਂਟ ਕਾਲਜਾਂ ਅਤੇ ਨੇਬਰਹੁੱਡ ਕੈਂਪਸਾਂ ਦੇ ਅਧਿਆਪਕਾਂ ਨੇ ਸੋਸ਼ਲ ਮੀਡੀਆ ਅਤੇ ਮੀਡੀਆ ਰਾਹੀਂ ਵੀ ਪ੍ਰਸ਼ਾਸਨ ਦੇ ਬੇਰੁਖ਼ੀ ਭਰੇ ਵਤੀਰੇ ਖ਼ਿਲਾਫ਼ ਜ਼ੋਰਦਾਰ ਆਵਾਜ਼ ਬੁਲੰਦ ਕੀਤੀ।

ਠਾਕੁਰ ਦੁਆਰਾ ਮੰਦਰ ਭਦਸਾਲੀ ਅੱਪਰ ਵਿੱਚ ਸ਼੍ਰੀਮਦਭਾਗਵਤ ਕਥਾ ਅਤੇ ਸੰਤ ਸੰਮੇਲਨ ਵਿੱਚ ਸ਼ਾਮਲ ਹੋਏ ਮੁਕੇਸ਼ ਅਗਨੀਹੋਤਰੀ

ਊਨਾ, 5 ਸਤੰਬਰ
(ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਠਾਕੁਰ ਦੁਆਰਾ ਮੰਦਰ ਭਦਸਾਲੀ ਅੱਪਰ ਵਿੱਚ ਸ਼੍ਰੀ ਕ੍ਰਿਸ਼ਨ ਜਨਮਾਸ਼ਟਮੀ ਦੇ ਉਪਲਬਧ ਵਿੱਚ ਆਯੋਜਿਤ ਸ਼੍ਰੀਮਦਭਾਗਵਤ ਕਥਾ ਅਤੇ ਵਿਸ਼ਾਲ ਸੰਤ ਸੰਮੇਲਨ ਵਿੱਚ ਹਿੱਸਾ ਲਿਆ। ਇਹ ਧਾਰਮਿਕ ਆਯੋਜਨ 29 ਅਗਸਤ ਤੋਂ 5 ਸਤੰਬਰ ਤੱਕ ਆਯੋਜਿਤ ਕੀਤਾ ਗਿਆ। ਇਸ ਮੌਕੇ ਉਪ ਮੁੱਖ ਮੰਤਰੀ ਨੇ ਠਾਕੁਰ ਦੁਆਰਾ ਮੰਦਰ ਭਦਸਾਲੀ ਅੱਪਰ ਦੇ ਵਿਕਾਸ ਲਈ ਪਹਿਲੇ ਪੜਾਅ ਵਿੱਚ 25 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਮੰਦਰ ਦੇ ਵਿਕਾਸ ਅਤੇ ਸੁੰਦਰੀਕਰਨ 'ਤੇ ਕੁੱਲ 40 ਲੱਖ ਰੁਪਏ ਖਰਚ ਕੀਤੇ ਜਾਣਗੇ। ਇਸ ਤੋਂ ਇਲਾਵਾ ਭਦਸਾਲੀ ਅੱਪਰ ਵਿੱਚ ਭਾਈਚਾਰਕ ਭਵਨ (ਕਮਿਊਨਿਟੀ ਹਾਲ) ਦੇ ਨਿਰਮਾਣ ਲਈ 25 ਲੱਖ ਰੁਪਏ ਅਤੇ ਪੰਚਾਇਤ ਵਿੱਚ ਸੜਕ ਨਿਰਮਾਣ ਲਈ 15 ਲੱਖ ਰੁਪਏ ਦੇਣ ਦਾ ਐਲਾਨ ਕੀਤਾ।

- **ਠਾਕੁਰ ਦੁਆਰਾ ਮੰਦਰ ਦੇ ਵਿਕਾਸ ਲਈ 25 ਲੱਖ, ਭਾਈਚਾਰਕ ਭਵਨ ਲਈ 25 ਲੱਖ ਅਤੇ ਸੜਕ ਨਿਰਮਾਣ ਲਈ 15 ਲੱਖ ਰੁਪਏ ਦਾ ਐਲਾਨ**



ਉਨ੍ਹਾਂ ਗੁੱਗਾ ਜਾਹਰ ਪੀਰ ਮੰਦਰ ਭਦਸਾਲੀ ਅੱਪਰ ਅਤੇ ਤਪਸਥਾਨ ਸੰਤ ਦੇਵਿਆ ਸਿੱਖ ਗੁਰਦੁਆਰਾ ਲਈ ਵੀ 5-5 ਲੱਖ ਰੁਪਏ ਦੇਣ ਦਾ ਐਲਾਨ ਕੀਤਾ।

ਉਪ ਮੁੱਖ ਮੰਤਰੀ ਨੇ ਗੁੱਗਾ ਨੌਮੀ ਦੇ ਮੌਕੇ 'ਤੇ ਗੁੱਗਾ ਜਾਹਰ ਪੀਰ ਮੰਦਰ ਵਿੱਚ ਮੱਥਾ ਟੇਕਿਆ ਅਤੇ ਤਪਸਥਾਨ ਸੰਤ ਦੇਵਿਆ ਸਿੱਖ ਗੁਰਦੁਆਰਾ ਵਿੱਚ ਵੀ ਸੀਸ ਨਵਾ ਕੇ ਆਸ਼ੀਰਵਾਦ ਲਿਆ।

ਉਨ੍ਹਾਂ ਕਿਹਾ ਕਿ ਧਾਰਮਿਕ ਅਤੇ ਅਧਿਆਤਮਿਕ ਸਥਾਨ ਸਾਡੀ ਅਮੀਰ ਸੱਭਿਆਚਾਰਕ ਵਿਰਾਸਤ ਦੇ ਮਹੱਤਵਪੂਰਨ ਕੇਂਦਰ ਹਨ। ਅਜਿਹੇ ਆਯੋਜਨਾਂ ਨਾਲ ਸਮਾਜ ਵਿੱਚ ਆਪਸੀ ਭਾਈਚਾਰੇ, ਸਦਭਾਵਨਾ ਅਤੇ ਅਧਿਆਤਮਿਕ ਚੇਤਨਾ ਨੂੰ ਉਤਸ਼ਾਹ ਮਿਲਦਾ ਹੈ। ਸੂਬਾ ਸਰਕਾਰ ਧਾਰਮਿਕ ਸਥਾਨਾਂ ਦੇ ਵਿਕਾਸ ਅਤੇ ਸ਼ਰਧਾਲੂਆਂ ਨੂੰ ਬਿਹਤਰ ਸਹੂਲਤਾਂ ਉਪਲਬਧ ਕਰਵਾਉਣ ਲਈ ਨਿਰੰਤਰ ਯਤਨਸ਼ੀਲ ਹੈ। ਠਾਕੁਰ ਦੁਆਰਾ ਮੰਦਰ ਭਦਸਾਲੀ ਪਹੁੰਚਣ 'ਤੇ ਮੰਦਰ ਕਮੇਟੀ ਦੇ ਪ੍ਰਧਾਨ ਮੋਹਨ ਸਿੰਘ ਜਸਵਾਲ ਨੇ ਉਪ ਮੁੱਖ ਮੰਤਰੀ ਦਾ ਸਵਾਗਤ ਕੀਤਾ।

ਇਸ ਮੌਕੇ ਗ੍ਰਾਮ ਪੰਚਾਇਤ ਭਦਸਾਲੀ ਅੱਪਰ ਦੇ ਪ੍ਰਧਾਨ ਅਸ਼ਵਨੀ ਜਸਵਾਲ, ਲੋਅਰ ਭਦਸਾਲੀ ਦੇ ਪ੍ਰਧਾਨ ਸੂਰਮ ਸਿੰਘ, ਗੁਰਦੁਆਰਾ ਸਿੰਘ ਸਭਾ ਭਦਸਾਲੀ ਦੇ ਪ੍ਰਧਾਨ ਯਸ਼ਪਾਲ ਸਿੰਘ ਸਾਕਾ ਤੋਂ ਇਲਾਵਾ ਜਸਪਾਲ ਜੱਸਾ, ਮਨਜੀਤ ਕੌਰ ਸਾਕਾ, ਜੋਗਿੰਦਰ ਸਿੰਘ ਪਾਠੀ, ਸੁਰਜੀਤ ਸਿੰਘ, ਗੁਰਦੀਪ ਸਿੰਘ ਅਤੇ ਦਰਸ਼ਨ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਖਾਲਸਾ ਕਾਲਜ ਰੋਡ ਸਥਿਤ ਪ੍ਰਾਚੀਨ ਸ਼ਿਵ ਮੰਦਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਨੂੰ ਸਮਰਪਿਤ ਧਾਰਮਿਕ ਸਮਾਰੋਹ ਕਰਵਾਇਆ

ਪਟਿਆਲਾ, 5 ਸਤੰਬਰ
(ਪੈ.ਗਾਮ-ਏ-ਜਗਤ)

ਬਡੂੰਗਰ ਖਾਲਸਾ ਕਾਲਜ ਰੋਡ ਤੇ ਸਥਿਤ ਪ੍ਰਾਚੀਨ ਸ਼ਿਵ ਮੰਦਰ ਵਿਖੇ ਮੰਦਰ ਸੇਵਾ ਕਾਰਜਾਂ ਨੂੰ ਸਮਰਪਿਤ ਪ੍ਰਾਚੀਨ ਮਨੋਕਾਮਨਾ ਸਿੱਧ ਸ਼ਿਵ ਮੰਦਰ ਕਮੇਟੀ ਵੱਲੋਂ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਨੂੰ ਸਮਰਪਿਤ ਇੱਕ ਧਾਰਮਿਕ ਸੰਗੀਤਮਈ ਸਮਾਰੋਹ ਦਾ ਆਯੋਜਨ ਪ੍ਰਧਾਨ ਗੰਗਾ ਬਿਸ਼ਨ ਅਤੇ ਸ੍ਰੀ ਰਾਜੀਵ ਕਪੂਰ ਦੀ ਅਗਵਾਈ ਹੇਠ ਸ਼ਰਧਾ ਤੇ ਉਤਸਾਹ ਨਾਲ ਕਰਵਾਇਆ ਗਿਆ। ਜਿਸ ਦੌਰਾਨ ਬਹੁ ਗਿਣਤੀ ਵਿਚ ਇਲਾਕੇ ਦੇ ਸਮੂਹ ਸ਼ਰਧਾਲੂਆਂ ਵੱਲੋਂ ਹਾਜਰੀ ਲਗਵਾਈ ਗਈ। ਮਹਿਲਾ



ਸ਼ਰਧਾਲੂਆਂ ਦੀ ਸੰਗੀਤ ਮੰਡਲੀ ਵੱਲੋਂ ਸ੍ਰੀ ਕ੍ਰਿਸ਼ਨ ਜੀ ਦੇ ਜਨਮ ਸਬੰਧੀ ਭਜਨ ਅਤੇ ਧਾਰਮਿਕ ਪੇਸ਼ਕਾਰੀਆਂ ਕੀਤੀਆਂ ਗਈਆਂ। ਇਸ ਮੌਕੇ ਤੇ ਪ੍ਰਧਾਨ ਗੰਗਾ ਬਿਸ਼ਨ ਤੇ ਰਾਜੀਵ ਕਪੂਰ ਨੇ ਸ਼ਰਧਾਲੂਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਕ੍ਰਿਸ਼ਨ ਜੀ ਦਾ ਜੀਵਨ ਸਾਨੂੰ ਪ੍ਰੇਮ, ਦਇਆ ਅਤੇ ਸੱਚ ਦੇ ਮਾਰਗ ਤੇ ਚੱਲਣਾ ਸਿਖਾਉਂਦਾ ਹੈ।

ਉਨ੍ਹਾਂ ਨੇ ਮਹਾਭਾਰਤ ਯੁੱਧ ਦੌਰਾਨ ਅਰਜੁਨ ਨੂੰ ਭਗਵਤ ਗੀਤਾ ਦਾ ਉਪਦੇਸ਼ ਦਿੱਤਾ ਜੋ ਕਿ ਮਨੁੱਖਤਾ ਲਈ ਜਿਉਣ ਦਾ ਸਹੀ ਰਸਤਾ ਹੈ। ਭਗਵਾਨ ਸ੍ਰੀ ਕ੍ਰਿਸ਼ਨ ਜੀ ਦੀਆਂ ਸਿੱਖਿਆਵਾਂ ਸਿਖਾਉਂਦੀਆਂ ਹਨ ਕਿ ਮੁਸ਼ਕਿਲ ਸਥਿਤੀ ਦਾ ਸਾਹਮਣਾ ਕਿਵੇਂ ਕਰਨਾ ਹੈ।

ਕੰਸ ਦੇ ਅਤਿਆਚਾਰਾਂ ਵਿਰੁੱਧ ਉਨ੍ਹਾਂ ਦਾ ਸੰਘਰਸ਼ ਸਾਨੂੰ ਪ੍ਰੇਰਿਤ ਕਰਦਾ ਹੈ ਕਿ ਸੱਚਾਈ ਤੇ ਖੜੇ ਰਹਿ ਕੇ ਧਰਮ ਦੀ ਰੱਖਿਆ ਕਿਵੇਂ ਕੀਤੀ ਜਾ ਸਕਦੀ ਹੈ। ਇਸ ਲਈ ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ, ਪ੍ਰੇਰਨਾਵਾਂ ਨੂੰ ਆਪਣੇ ਜੀਵਨ ਤੇ ਲਾਗੂ ਕਰਨਾ ਚਾਹੀਦਾ ਹੈ।

ਵਿਵੇਕ ਸ਼ਰਮਾ ਨੇ ਅਪਰ ਬਸਾਲ ਵਿੱਚ 8 ਪੰਚਾਇਤਾਂ ਲਈ ਆਯੋਜਿਤ ਹੋਏ ਜਨ ਸੰਵਾਦ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ

ਊਨਾ, 5 ਸਤੰਬਰ
(ਪੈ.ਗਾਮ-ਏ-ਜਗਤ)

ਪ੍ਰਦੇਸ਼ ਸਰਕਾਰ ਗ੍ਰਾਮੀਣ ਖੇਤਰਾਂ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਘਰ-ਦੁਆਰ ਤੱਕ ਪਹੁੰਚ ਕੇ ਪ੍ਰਾਥਮਿਕਤਾ ਦੇ ਆਧਾਰ 'ਤੇ ਯਕੀਨੀ ਬਣਾ ਰਹੀ ਹੈ। ਇਸੇ ਉਦੇਸ਼ ਨਾਲ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਜਨ ਸੰਵਾਦ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ, ਤਾਂ ਜੋ ਆਮ ਜਨਤਾ ਆਪਣੀਆਂ ਸਮੱਸਿਆਵਾਂ ਸਿੱਧੇ ਅਧਿਕਾਰੀਆਂ ਅਤੇ ਜਨ-ਪ੍ਰਤੀਨਿਧੀਆਂ ਦੇ ਸਾਹਮਣੇ ਰੱਖ ਸਕੇ। ਇਹ ਗੱਲ ਕੁਟਲੈਹੜ ਦੇ ਵਿਧਾਇਕ ਵਿਵੇਕ ਸ਼ਰਮਾ ਨੇ ਅਪਰ ਬਸਾਲ ਵਿੱਚ ਅੱਠ ਪੰਚਾਇਤਾਂ (ਅਪਰ ਬਸਾਲ, ਲੋਅਰ ਬਸਾਲ, ਠਾਕੁਰਦੁਆਰਾ, ਤਿਊੜੀ, ਪਨੋਹ, ਬੜੂਹੀ, ਬਦੋਲੀ ਅਤੇ ਬੜਸਾਲਾ) ਲਈ ਆਯੋਜਿਤ ਹੋਏ ਜਨ ਸੰਵਾਦ ਪ੍ਰੋਗਰਾਮ ਵਿੱਚ ਕਹੀ।

ਉਨ੍ਹਾਂ ਨੇ ਕਿਹਾ ਕਿ ਜਨ ਸੰਵਾਦ ਦਾ ਮੁੱਖ ਮਕਸਦ ਅਤੀ ਨਿਰਧਨ (ਬੀ.ਪੀ.ਐੱਲ.) ਪਰਿਵਾਰਾਂ ਤੱਕ ਸਰਕਾਰੀ ਯੋਜਨਾਵਾਂ ਦਾ ਪ੍ਰਭਾਵੀ ਲਾਭ ਪਹੁੰਚਾਉਣਾ ਅਤੇ ਉਨ੍ਹਾਂ ਦੀਆਂ ਵਾਸਤਵਿਕ ਲੋੜਾਂ ਦੇ ਆਧਾਰ 'ਤੇ ਵਿਕਾਸ ਦੀਆਂ ਯੋਜਨਾਵਾਂ ਤਿਆਰ ਕਰਨਾ ਹੈ।

ਵਿਧਾਇਕ ਵਿਵੇਕ ਸ਼ਰਮਾ ਨੇ

- **ਸੰਬੰਧਿਤ ਪੰਚਾਇਤਾਂ ਦੇ ਲੋਕਾਂ ਨਾਲ ਕੀਤਾ ਸਿੱਧਾ ਸੰਵਾਦ**
- **ਬੋਲੇ ਗ੍ਰਾਮੀਣਾਂ ਦੀਆਂ ਸਮੱਸਿਆਵਾਂ ਦਾ ਹੱਲ ਯਕੀਨੀ ਬਣਾਉਣਾ ਸਰਕਾਰ ਅਤੇ ਪ੍ਰਸ਼ਾਸਨ ਦੀ ਪ੍ਰਾਥਮਿਕਤਾ**



ਕਿਹਾ ਕਿ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੀ ਅਗਵਾਈ ਵਿੱਚ ਪ੍ਰਦੇਸ਼ ਸਰਕਾਰ ਜਨ-ਹਿੱਤ ਵਿੱਚ ਅਨੇਕਾਂ ਕਲਿਆਣਕਾਰੀ ਯੋਜਨਾਵਾਂ ਚਲਾ ਰਹੀ ਹੈ। ਇਨ੍ਹਾਂ ਯੋਜਨਾਵਾਂ ਦਾ ਸਿੱਧਾ ਲਾਭ ਪ੍ਰਦੇਸ਼ ਵਾਸੀਆਂ, ਵਿਸ਼ੇਸ਼ ਤੌਰ 'ਤੇ ਕਿਸਾਨਾਂ ਅਤੇ ਪਸ਼ੂ ਪਾਲਕਾਂ ਨੂੰ ਮਿਲ ਰਿਹਾ ਹੈ।

ਉਨ੍ਹਾਂ ਨੇ ਦੱਸਿਆ ਕਿ ਸਰਕਾਰ ਨੇ ਪ੍ਰਾਕ੍ਰਿਤਿਕ ਵਿਧੀ ਨਾਲ ਉਗਾਈ ਗਈ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 80 ਰੁਪਏ, ਮੱਕੀ ਦਾ 50 ਰੁਪਏ ਅਤੇ ਕੱਚੀ ਹਲਦੀ ਦਾ 150 ਰੁਪਏ ਪ੍ਰਤੀ ਕਿੱਲੋਗ੍ਰਾਮ ਨਿਰਧਾਰਿਤ ਕੀਤਾ ਹੈ। ਇਸ ਨਾਲ ਪ੍ਰਦੇਸ਼ ਦੇ ਅਨੇਕਾਂ ਕਿਸਾਨਾਂ ਨੂੰ ਆਰਥਿਕ ਰੂਪ ਵਿੱਚ ਲਾਭ ਮਿਲ ਰਿਹਾ ਹੈ।

ਉਨ੍ਹਾਂ ਨੇ ਕਿਹਾ ਕਿ ਪਸ਼ੂ ਪਾਲਣ ਖੇਤਰ ਨੂੰ ਮਜ਼ਬੂਤ ਕਰਨ ਲਈ ਮੱਝ ਦੇ ਦੁੱਧ ਦਾ ਘੱਟੋ-ਘੱਟ ਸਮਰਥਨ ਮੁੱਲ 71 ਰੁਪਏ ਅਤੇ ਗਾਂ ਦੇ ਦੁੱਧ ਦਾ 61 ਰੁਪਏ ਪ੍ਰਤੀ ਲੀਟਰ ਨਿਰਧਾਰਿਤ ਕੀਤਾ ਗਿਆ ਹੈ। ਇਸ ਨਾਲ ਪਸ਼ੂ ਪਾਲਕਾਂ ਦੀ ਆਰਥਿਕਤਾ ਮਜ਼ਬੂਤ ਹੋਈ ਹੈ। ਵਰਤਮਾਨ ਵਿੱਚ ਨੌਜਵਾਨ ਪਸ਼ੂ ਪਾਲਣ ਦੇ ਕਾਰੋਬਾਰ ਨਾਲ ਜੁੜ ਕੇ ਸਨਮਾਨਜਨਕ ਅਤੇ ਬਿਹਤਰ ਜੀਵਨ ਬਸਰ ਕਰ ਰਹੇ ਹਨ। ਇਸ ਮੌਕੇ 'ਤੇ ਵਿਧਾਇਕ ਵਿਵੇਕ ਸ਼ਰਮਾ ਨੇ ਅਪਰ ਬਸਾਲ ਵਿੱਚ ਖੇਡ ਮੈਦਾਨ ਦੇ ਨਿਰਮਾਣ ਲਈ ਦੋ ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਨੇ ਕਿਹਾ ਕਿ ਬੱਚਿਆਂ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਬਹੁਤ ਜ਼ਰੂਰੀ ਹੈ, ਕਿਉਂਕਿ ਖੇਡਾਂ ਨਾਲ ਸਰੀਰਕ ਸਿਹਤ ਦੇ ਨਾਲ-ਨਾਲ ਮਾਨਸਿਕ ਅਤੇ ਬੌਧਿਕ ਵਿਕਾਸ ਵੀ ਹੁੰਦਾ ਹੈ।

ਬੀ.ਡੀ.ਓ. ਰਮਨਵੀਰ ਨੇ ਪ੍ਰੋਗਰਾਮ ਵਿੱਚ ਹਾਜ਼ਰ ਸਥਾਨਕ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦੀ ਜਾਣਕਾਰੀ ਦਿੱਤੀ। ਨਾਲ ਹੀ, ਉਨ੍ਹਾਂ ਨੇ ਦੱਸਿਆ ਕਿ ਬੀ.ਪੀ.ਐੱਲ. ਸ਼੍ਰੇਣੀ ਵਿੱਚ ਸ਼ਾਮਲ ਕਰਨ ਲਈ ਸਰਕਾਰ ਵੱਲੋਂ ਮਾਪਦੰਡ ਨਿਰਧਾਰਿਤ ਕੀਤੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਨੇ ਬੀ.ਪੀ.ਐੱਲ. ਵਿੱਚ ਸ਼ਾਮਲ ਹੋਣ ਦੀ ਆਖਰੀ ਮਿਤੀ ਹੁਣ 20 ਸਤੰਬਰ ਤੱਕ ਵਧਾ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ 9ਵੇਂ ਅਤੇ ਆਖਰੀ ਚਰਨ ਲਈ ਨਿਰਧਾਰਿਤ ਮਾਪਦੰਡਾਂ ਅਨੁਸਾਰ ਯੋਗ ਪਰਿਵਾਰਾਂ ਨੂੰ ਬੀ.ਪੀ.ਐੱਲ. ਸ਼੍ਰੇਣੀ ਵਿੱਚ ਸ਼ਾਮਲ ਕੀਤਾ ਜਾਵੇਗਾ। ਪ੍ਰੋਗਰਾਮ ਵਿੱਚ ਐੱਸ.ਡੀ.ਐੱਮ. ਊਨਾ ਅਭਿਸ਼ੇਕ ਮਿੱਤਲ, ਬੀ.ਡੀ.ਓ. ਰਮਨਵੀਰ ਚੌਹਾਨ, ਪ੍ਰਧਾਨ ਅਮਰੀਕ ਸਿੰਘ, ਉਪ-ਪ੍ਰਧਾਨ ਰੇਸ਼ਮ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁਮਿਤ, ਬੀ.ਡੀ.ਸੀ. ਮੈਂਬਰ ਮਹਿੰਦਰ ਪਾਲ ਸਮੇਤ ਵੱਡੀ ਗਿਣਤੀ ਵਿੱਚ ਸਥਾਨਕ ਲੋਕ ਹਾਜ਼ਰ ਰਹੇ।


ਬਸੰਤ ਰਿਤੂ ਕਲੱਬ ਨੇ ਲਗਾਇਆ ਮਾਸਿਕ ਅੱਖਾਂ ਦਾ ਉਪਰੇਸ਼ਨ ਕੈਂਪ

ਪਟਿਆਲਾ, 5 ਸਤੰਬਰ
(ਪੈ.ਗਾਮ-ਏ-ਜਗਤ)

ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਗੁਰੂ ਤੇਗ ਬਹਾਦਰ ਅੱਖਾਂ ਦੇ ਹਸਪਤਾਲ ਸਾਹਮਣੇ ਦੁੱਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਅੱਖਾਂ ਦਾ ਮਾਸਿਕ ਉਪਰੇਸ਼ਨ ਕੈਂਪ ਲਗਾਇਆ ਗਿਆ। ਇਸ ਦੀ ਪ੍ਰਧਾਨਗੀ ਕਲੱਬ ਦੇ ਸੰਸਥਾਪਕ ਮੈਂਬਰ ਸੰਤੋਸ਼ ਕੁਮਾਰ ਲਾਲਵਾਨੀ ਨੇ ਕੀਤੀ। ਕਲੱਬ ਦੇ ਪ੍ਰਧਾਨ ਇੰਜੀ: ਆਕਰਸ਼ ਸ਼ਰਮਾ ਨੇ ਦੱਸਿਆ ਕਿ ਉਂਜ ਤਾਂ ਕਲੱਬ ਪਿਛਲੇ 34 ਸਾਲਾਂ ਤੋਂ ਨਿਸਵਾਰਥ ਭਾਵਨਾ ਨਾਲ ਸਮਾਜ ਸੇਵਾ ਕਰਦਾ ਆ ਰਿਹਾ ਹੈ।

ਇਸੀ ਲੜੀ ਤਹਿਤ ਕਲੱਬ ਵੱਲੋਂ ਨਰ ਸੇਵਾ ਨਰਾਇਣ ਸੇਵਾ ਤਹਿਤ ਪਿਛਲੇ ਚਾਰ ਸਾਲਾਂ ਤੋਂ ਲਗਾਤਾਰ ਮਾਸਿਕ ਅੱਖਾਂ ਦੇ ਚੈਕਅੱਪ ਅਤੇ ਉਪਰੇਸ਼ਨ ਕੈਂਪ ਗੁਰੂ ਤੇਗ ਬਹਾਦਰ ਹਸਪਤਾਲ ਵਿਖੇ ਆਯੋਜਿਤ ਕਰਦਾ ਆ ਰਿਹਾ ਹੈ। ਇਸ ਕੈਂਪ ਵਿੱਚ ਹਰ ਮਹੀਨੇ ਜਿੱਥੇ ਲੋਕਾਂ ਦਾ ਮੁਫ਼ਤ ਚੈਕਅੱਪ ਕੀਤਾ ਜਾਂਦਾ ਹੈ ਉਸ ਦੇ ਨਾਲ ਨਾਲ ਲੋੜਵੰਦ





ਮਰੀਜਾਂ ਦੇ ਬਿਲਕੁਲ ਮੁਫਤ ਲੈਂਜ ਵਾਲੇ ਚਿੱਟੇ ਮੋਤੀਆ ਬਿੰਦ ਦੇ ਉਪਰੇਸ਼ਨ ਕਰਵਾਏ ਜਾਂਦੇ ਹਨ ਅਤੇ ਮਰੀਜਾਂ ਨੂੰ ਦਵਾਈਆਂ ਅਤੇ ਐਨਕ ਵੀ ਮੁਫ਼ਤ ਦਿੱਤੀ ਜਾਂਦੀ ਹੈ। ਕਲੱਬ ਦੇ ਸੰਸਥਾਪਕ ਰਾਜੇਸ਼ ਸ਼ਰਮਾ ਰਾਮਟੱਟਵਾਲੀ ਨੇ ਆਖਿਆ ਕਿ ਡਾ. ਆਸ਼ਾ ਪ੍ਰਿਤਪਾਲ ਕੌਰ ਦੀ ਟੀਮ ਵੱਲੋਂ ਲਗਾਤਾਰ ਇਹ ਜਰੂਰਤਮੰਦਾਂ ਦੇ ਉਪਰੇਸ਼ਨ ਕੀਤੇ ਜਾਂਦੇ ਹਨ ਅਤੇ ਇਸ ਕੈਂਪ ਵਿੱਚ ਪੰਜਾਬ ਤੋਂ ਬਾਹਰ ਦੇ ਸੂਬਿਆਂ ਤੋਂ ਵੀ ਲੋਕ ਆ ਕੇ ਇਸ ਉਪਰੇਸ਼ਨ ਕੈਂਪ ਦਾ ਲਾਹਾ ਉਠਾਉਂਦੇ ਹਨ ਅਤੇ

- **ਮਿਨਾਕਸ਼ੀ ਸ਼ਰਮਾ ਵੱਲੋਂ ਕਲੱਬ ਨੂੰ ਕੀਤੀ 21000 ਦੀ ਸਹਾਇਤਾ**

ਕਲੱਬ ਵੱਲੋਂ ਹਰੀ ਮਹੀਨੇ ਪੰਜ ਅੱਖਾਂ ਦੇ ਮੋਤੀਆ ਬਿੰਦ ਦੇ ਲੈਂਜ ਵਾਲੇ ਉਪਰੇਸ਼ਨ ਬਿਲਕੁਲ ਫਰੀ ਕਰਵਾਏ ਜਾਂਦੇ ਹਨ। ਕਲੱਬ ਵੱਲੋਂ ਚਾਰ ਸਾਲਾਂ ਵਿੱਚ ਲਗਭਗ 300 ਦੇ ਕਰੀਬ ਮਰੀਜਾਂ ਦੇ ਡਾ. ਆਸ਼ਾ ਪ੍ਰਿਤਪਾਲ ਕੌਰ ਵਲੋਂ ਸਫਲ ਉਪਰੇਸ਼ਨ ਕੀਤੇ ਜਾ ਚੁੱਕੇ ਹਨ ਅਤੇ ਮਿਨਾਕਸ਼ੀ ਸ਼ਰਮਾ ਵਲੋਂ ਕਲੱਬ ਨੂੰ 21000 ਦੀ ਮਾਲੀ ਸਹਾਇਤਾ ਕੀਤੀ ਗਈ ਜੋ ਕਿ ਸੇਵਾ ਇਨ੍ਹਾਂ ਲੋੜਮੰਦ ਮਰੀਜਾਂ ਤੇ ਖਰਚ ਕੀਤੀ ਗਈ।

ਕਲੱਬ ਵਲੋਂ ਮਿਨਾਕਸ਼ੀ ਸ਼ਰਮਾ ਦਾ ਤਹਿ ਦਿਲੋ ਧੰਨਵਾਦ ਕੀਤਾ ਜਾਂਦਾ ਹੈ। ਡਾ. ਆਸ਼ਾ ਪ੍ਰਿਤਪਾਲ ਕੌਰ ਨੇ ਆਖਿਆ ਕਿ ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵੱਲੋਂ ਪਿਛਲੇ 34 ਸਾਲਾਂ ਤੋਂ ਮਾਸਿਕ ਕੈਂਪ ਤਹਿਤ ਜੋ ਲੋੜਵੰਦ ਲੋਕਾਂ ਦੇ ਅੱਖਾ ਦੇ ਉਪਰੇਸ਼ ਦੀ ਸੇਵਾ ਕੀਤੀ ਜਾਂਦੀ ਹੈ ਜੋ ਕਿ ਇੱਕ ਸ਼ਲਾਘਾਯੋਗ ਕਦਮ ਹੈ।



ਮਨੀਮਾਜਰਾ ਹਾਊਸਿੰਗ ਬੋਰਡ ਲਾਈਟ ਪੁਆਇੰਟ ਦੇ ਨਜ਼ਦੀਕ ਗੁੱਗਾ ਮਾੜੀ ਮੰਦਰ ਪਰਿਸਰ ਵਿੱਚ ਖਟਿਕ ਬਰਾਦਰੀ ਵੱਲੋਂ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਢਿੱਲੋਂ ਨੇ ਸ਼ਿਰਕਤ ਕੀਤੀ। ਬਰਾਦਰੀ ਦੇ ਪ੍ਰਧਾਨ ਕੁਲਦੀਪ ਨੇ ਸੁਰਜੀਤ ਢਿੱਲੋਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਹਰੀਸ਼ ਕੁਮਾਰ ਸਮੇਤ ਹੋਰ ਲੋਕ ਵੀ ਮੌਜੂਦ ਰਹੇ। ਮੇਲੇ ਦੌਰਾਨ ਸ਼ਰਧਾਲੂਆਂ ਲਈ ਖੀਰ ਦਾ ਲੰਗਰ ਵੀ ਲਗਾਇਆ ਗਿਆ। (ਹਰਮਿੰਦਰ ਸਿੰਘ ਨਾਗਪਾਲ/ਪੈਗਾਮ-ਏ-ਜਗਤ, ਚੰਡੀਗੜ੍ਹ)

ਸੀ.ਐੱਚ.ਸੀ. ਦੌਲਤਪੁਰ ਚੌਂਕ ਨੇੜੇ ਐੱਨ.ਐੱਮ.ਟੀ. ਰੋਡ 'ਤੇ ਵਾਹਨਾਂ ਦੀ ਆਵਾਜਾਈ 15 ਦਿਨਾਂ ਲਈ ਰਹੇਗੀ ਬੰਦ

ਊਨਾ, 5 ਸਤੰਬਰ (ਪੈ.ਗਾਮ-ਏ-ਜਗਤ)

ਉਪ-ਮੰਡਲ ਗਗਰੇਟ ਦੇ ਅਧੀਨ ਸੀ.ਐੱਚ.ਸੀ. ਦੌਲਤਪੁਰ ਚੌਂਕ ਨੇੜੇ ਐੱਨ.ਐੱਮ.ਟੀ. ਰੋਡ (ਕਿਲੋਮੀਟਰ 66/700 ਤੋਂ 66/900) 6 ਤੋਂ 20 ਸਤੰਬਰ (15 ਦਿਨਾਂ) ਤੱਕ ਆਵਾਜਾਈ ਲਈ ਆਰਜ਼ੀ ਤੌਰ 'ਤੇ ਬੰਦ ਰਹੇਗਾ। ਇਸ ਤੋਂ ਇਲਾਵਾ ਸੜਕ ਮਾਰਗ ਦਾ ਅੱਧਾ ਹਿੱਸਾ ਵਾਹਨਾਂ ਦੀ ਆਵਾਜਾਈ ਲਈ ਖੁੱਲ੍ਹਾ ਰਹੇਗਾ। ਡੀਸੀ ਊਨਾ ਜਤਿਨ ਲਾਲ ਨੇ ਇਸ ਸਬੰਧ ਵਿੱਚ ਮੋਟਰ ਵਾਹਨ ਐਕਟ 1988 ਦੀ ਧਾਰਾ 115 ਅਤੇ 116 ਤਹਿਤ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਸੜਕ ਮਾਰਗ ਦੀ ਮਰੰਮਤ ਅਤੇ ਸੁਧਾਰ ਦੇ ਕੰਮਾਂ ਨੂੰ ਤੇਜ਼ੀ ਅਤੇ ਸੁਚਾਰੂ ਢੰਗ ਨਾਲ ਕਰਨ ਲਈ ਜਾਰੀ ਕੀਤੇ ਗਏ ਹਨ। ਡੀਸੀ ਨੇ ਸਬੰਧਤ ਅਧਿਕਾਰੀਆਂ ਨੂੰ ਸੜਕ ਬੰਦ ਕਰਨ ਬਾਰੇ ਜਨਤਾ ਨੂੰ ਸੂਚਿਤ ਕਰਨ ਅਤੇ ਰੂਟ ਬਦਲਣ ਦੀ ਜਾਣਕਾਰੀ ਦੇਣ ਲਈ ਪਹਿਲਾਂ ਤੋਂ ਬੋਰਡ ਲਗਾਉਣ ਦੇ ਨਿਰਦੇਸ਼ ਦਿੱਤੇ ਹਨ।

ਵਿਦਿਆ ਮੰਦਰ ਸੀਨੀਅਰ ਸੈਕੰਡਰੀ ਮਾਡਲ ਸਕੂਲ ਵਿੱਚ ਜਨਮ ਅਸ਼ਟਮੀ ਦੀ ਧੂਮ, ਨੰਨ੍ਹੇ ਰਾਧਾ-ਕ੍ਰਿਸ਼ਨ ਨੇ ਮੋਹਿਆ ਸਭ ਦਾ ਮਨ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਵਿਦਿਆ ਮੰਦਰ ਸੀਨੀਅਰ ਸੈਕੰਡਰੀ ਮਾਡਲ ਸਕੂਲ, ਸ਼ਿਮਲਾ ਪਹਾੜੀ, ਹੁਸ਼ਿਆਰਪੁਰ ਵਿਖੇ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਪਾਵਨ ਅਵਸਰ 'ਤੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰਾਇਮਰੀ ਵਰਗ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਰਾਧਾ-ਕ੍ਰਿਸ਼ਨ ਦਾ ਮਨਮੋਹਕ ਰੂਪ ਧਾਰਨ ਕਰਕੇ ਸਮਾਗਮ ਵਿੱਚ ਭਗਤੀ ਅਤੇ ਉਤਸ਼ਾਹ ਦਾ ਰੰਗ ਭਰ ਦਿੱਤਾ।

ਰੰਗ-ਬਿਰੰਗੇ ਅਤੇ ਆਕਰਸ਼ਕ ਪਹਿਰਾਵਿਆਂ ਵਿੱਚ ਸਜੇ ਨੰਨ੍ਹੇ ਵਿਦਿਆਰਥੀਆਂ ਨੇ ਲੋਕਪ੍ਰਿਯ ਭਗਤੀਮਈ ਗੀਤਾਂ 'ਤੇ ਮਨਮੋਹਕ ਨ੍ਰਿਤ ਪੇਸ਼ ਕੀਤੇ। ਆਪਣੀਆਂ ਮਾਸੂਮ ਅਦਾਵਾਂ, ਸੁੰਦਰ ਪਹਿਰਾਵਿਆਂ ਅਤੇ ਸ਼ਾਨਦਾਰ ਨ੍ਰਿਤ ਪ੍ਰਸਤੁਤੀਆਂ ਨਾਲ ਬੱਚਿਆਂ ਨੇ ਹਾਜ਼ਰ ਦਰਸ਼ਕਾਂ ਦਾ ਮਨ ਮੋਹ ਲਿਆ। ਨੰਨ੍ਹੇ ਰਾਧਾ-ਕ੍ਰਿਸ਼ਨ ਦੀਆਂ ਮਨਮੋਹਕ ਪ੍ਰਸਤੁਤੀਆਂ ਨੇ ਸਭ ਨੂੰ ਮੰਤਰਮੁਗਧ ਕਰ ਦਿੱਤਾ ਅਤੇ ਸਕੂਲ ਦਾ ਸਮੁੱਚਾ ਵਾਤਾਵਰਨ ਭਗਤੀਮਈ ਹੋ ਗਿਆ। ਇਸ ਮੌਕੇ ਸਕੂਲ ਦੇ ਪ੍ਰਧਾਨ ਅਨੁਰਾਗ



ਸੂਦ, ਸਕੱਤਰ ਡਾ. ਹਰਸ਼ਵਿੰਦਰ ਸਿੰਘ ਪਠਾਨੀਆ, ਪ੍ਰਿੰਸੀਪਲ ਸ਼ੋਭਾ ਰਾਣੀ, ਮਨੀਸ਼ਾ ਜੋਸ਼ੀ, ਮੋਨਿਕਾ ਸਮੇਤ ਸਮੂਹ ਸਕੂਲ ਸਟਾਫ਼ ਨੇ ਵਿਦਿਆਰਥੀਆਂ ਦੀਆਂ ਪ੍ਰਸਤੁਤੀਆਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਆਸ਼ੀਰਵਾਦ ਤੇ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਪ੍ਰਬੰਧਨ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਨੂੰ ਭਾਰਤੀ ਸੱਭਿਆਚਾਰ ਅਤੇ ਪਰੰਪਰਾਵਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਰਚਨਾਤਮਕਤਾ ਅਤੇ ਨੈਤਿਕ ਮੁੱਲਾਂ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਸਮਾਗਮ ਨੇ ਵਿਦਿਆਰਥੀਆਂ ਵਿੱਚ ਉਤਸ਼ਾਹ ਅਤੇ ਖ਼ੁਸ਼ੀ ਦਾ ਸੰਚਾਰ ਕੀਤਾ ਅਤੇ ਸਾਰਿਆਂ ਨੇ ਜਨਮ ਅਸ਼ਟਮੀ ਦਾ ਤਿਉਹਾਰ ਬੜੇ ਉਤਸਾਹ ਨਾਲ ਮਨਾਇਆ।

ਐਸ.ਐਸ.ਪੀ. ਪਟਿਆਲਾ ਹਰਮਨਦੀਪ ਸਿੰਘ ਹੰਸ ਵੱਲੋਂ ਜ਼ਿਲ੍ਹਾ ਪੁਲਿਸ ਅਧਿਕਾਰੀਆਂ ਨਾਲ ਪਲੇਠੀ ਬੈਠਕ

ਪੈ.ਗਾਮ-ਏ-ਜਗਤ
ਪਟਿਆਲਾ, 5 ਸਤੰਬਰ
(ਪਰਮਜੀਤ ਸਿੰਘ ਪਰਵਾਨਾ)

ਪਟਿਆਲਾ ਦੇ ਨਵ ਨਿਯੁਕਤ ਐਸ ਐਸ ਪੀ ਹਰਮਨਦੀਪ ਸਿੰਘ ਹੰਸ ਨੇ ਅੱਜ ਜ਼ਿਲ੍ਹਾ ਪੁਲਿਸ ਦੇ ਸਾਰੇ ਐਸਪੀਜ਼, ਡੀਐਸਪੀਜ਼, ਐਸਐਚਓਜ਼ ਅਤੇ ਹੋਰ ਬ੍ਰਾਂਚ ਇੰਚਾਰਜਾਂ ਨਾਲ ਆਪਣੀ ਪਹਿਲੀ ਮੀਟਿੰਗ ਕਰਕੇ ਅਪਰਾਧ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ, ਲੰਬਿਤ ਮਾਮਲਿਆਂ, ਜਾਂਚ, ਟ੍ਰੈਫਿਕ ਪ੍ਰਬੰਧਨ ਅਤੇ ਹੋਰ ਮੁੱਖ ਪੁਲਿਸਿੰਗ ਮੁੱਦਿਆਂ ਦਾ ਜਾਇਜ਼ਾ ਲਿਆ।

ਜ਼ਿਲ੍ਹੇ ਦੀ ਅਪਰਾਧ ਸਥਿਤੀ ਦੀ ਸਮੀਖਿਆ ਕਰਦੇ ਹੋਏ, ਐਸਐਸਪੀ ਹੰਸ ਨੇ ਅਧਿਕਾਰੀਆਂ ਨੂੰ ਜਾਂਚ 'ਤੇ ਨੇੜਿਓਂ ਨਜ਼ਰ ਰੱਖਣ, ਲੰਬਿਤ ਮਾਮਲਿਆਂ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਅਤੇ ਅਪਰਾਧੀਆਂ, ਆਦਤਨ ਅਪਰਾਧੀਆਂ ਅਤੇ ਸਮਾਜ ਵਿਰੋਧੀ ਤੱਤਾਂ ਵਿਰੁੱਧ ਤੇਜ਼ ਅਤੇ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਪ੍ਰਭਾਵਸ਼ਾਲੀ ਅਪਰਾਧ ਰੋਕਥਾਮ ਅਤੇ ਖੋਜ ਲਈ ਪੁਲਿਸ ਇਕਾਈਆਂ ਵਿਚਕਾਰ ਸਰਗਰਮ ਪੁਲਿਸਿੰਗ ਅਤੇ ਬਿਹਤਰ

- **ਕਾਨੂੰਨ ਵਿਵਸਥਾ ਬਣਾਈ ਰੱਖਣਾ, ਅਪਰਾਧ ਨੂੰ ਰੋਕਣਾ, ਨਸ਼ਿਆਂ ਅਤੇ ਗੈਂਗਸਟਰਾਂ ਦਾ ਮੁਕਾਬਲਾ ਕਰਨਾ ਤੇ ਨਾਗਰਿਕਾਂ ਨੂੰ ਨਿਆਂ ਯਕੀਨੀ ਬਣਾਉਣਾ ਮੁੱਖ ਤਰਜੀਹਾਂ : ਹਰਮਨਦੀਪ ਸਿੰਘ ਹੰਸ ਐਸ.ਐਸ.ਪੀ.**



ਤਾਲਮੇਲ 'ਤੇ ਜ਼ੋਰ ਦਿੱਤਾ। ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਨੂੰ ਤਰਜੀਹ ਦਿੰਦੇ ਹੋਏ, ਐਸਐਸਪੀ ਨੇ ਅਧਿਕਾਰੀਆਂ ਨੂੰ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਤੇਜ਼ ਕਰਨ, ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਖਤਮ ਕਰਨ ਅਤੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥਾਂ ਦੇ ਵਪਾਰ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਗੈਂਗਸਟਰ ਵਿਰੋਧੀ ਮੁਹਿੰਮ ਬਾਰੇ, ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਗੈਂਗਸਟਰ ਨੈੱਟਵਰਕਾਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਦੀ ਨਿਗਰਾਨੀ ਕਰਨ ਅਤੇ ਜਬਰੀ ਵਸੂਲੀ, ਗੈਰ-ਕਾਨੂੰਨੀ ਹਥਿਆਰਾਂ ਅਤੇ ਡਰਾਉਣ-ਧਮਕਾਉਣ ਸਮੇਤ ਸੰਗਠਿਤ ਅਪਰਾਧ ਵਿਰੁੱਧ ਤਾਲਮੇਲ ਵਾਲੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਹਰਮਨਦੀਪ ਸਿੰਘ ਹੰਸ ਨੇ ਟ੍ਰੈਫਿਕ ਪ੍ਰਬੰਧਨ ਦੀ ਵੀ ਸਮੀਖਿਆ ਕੀਤੀ, ਅਧਿਕਾਰੀਆਂ ਨੂੰ ਨਿਰਵਿਘਨ ਟ੍ਰੈਫਿਕ ਪ੍ਰਵਾਹ ਨੂੰ ਯਕੀਨੀ ਬਣਾਉਣ, ਟ੍ਰੈਫਿਕ ਨਿਯਮਾਂ ਨੂੰ ਲਾਗੂ ਕਰਨ ਅਤੇ ਖਤਰਨਾਕ ਡਰਾਈਵਿੰਗ, ਗਲਤ ਪਾਰਕਿੰਗ ਅਤੇ ਹੋਰ ਉਲੰਘਣਾਵਾਂ ਵਿਰੁੱਧ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਹਾਦਸਿਆਂ ਦੀ ਰੋਕਥਾਮ 'ਤੇ ਵਿਸ਼ੇਸ਼ ਧਿਆਨ ਦੇਣ 'ਤੇ ਵੀ ਜ਼ੋਰ ਦਿੱਤਾ। ਐਸਐਸਪੀ ਹੰਸ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਡੀਜੀਪੀ ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ ਅਨੁਸਾਰ ਕੰਮ ਕਰਦੇ ਹੋਏ ਪਟਿਆਲਾ ਦੇ ਲੋਕਾਂ ਨੂੰ ਇੱਕ ਸੁਰੱਖਿਅਤ, ਜਵਾਬਦੇਹ ਪੁਲਿਸਿੰਗ ਵਾਤਾਵਰਣ ਪ੍ਰਦਾਨ ਲਈ ਵਚਨਬੱਧ ਹੈ। ਉਨ੍ਹਾਂ ਨਾਗਰਿਕ-ਕੇਂਦ੍ਰਿਤ ਪੁਲਿਸਿੰਗ 'ਤੇ ਜ਼ੋਰ ਦਿੰਦਿਆਂ, ਅਧਿਕਾਰੀਆਂ ਨੂੰ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ, ਜਨਤਾ ਨਾਲ ਨਜ਼ਦੀਕੀ ਸੰਪਰਕ ਬਣਾਈ ਰੱਖਣ ਅਤੇ ਪੀੜਤਾਂ ਨੂੰ ਨਿਰਪੱਖ ਅਤੇ ਸਮਾਂਬੱਧ ਢੰਗ ਨਾਲ ਨਿਆਂ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ। ਉਨ੍ਹਾਂ ਸ਼ਿਕਾਇਤਕਰਤਾਵਾਂ ਅਤੇ ਪੀੜਤਾਂ ਨਾਲ ਨਜਿੱਠਣ ਵੇਲੇ ਸੰਵੇਦਨਸ਼ੀਲਤਾ ਅਤੇ ਪੇਸ਼ੇਵਰ ਪਹੁੰਚ ਅਪਣਾਉਣ ਦੀ ਵੀ ਹਦਾਇਤ ਕੀਤੀ। ਐਸ ਐਸ ਪੀ ਨੇ ਕਿਹਾ ਕਿ ਕਾਨੂੰਨ ਵਿਵਸਥਾ ਬਣਾਈ ਰੱਖਣਾ, ਅਪਰਾਧ ਨੂੰ ਰੋਕਣਾ, ਨਸ਼ਿਆਂ ਅਤੇ ਗੈਂਗਸਟਰਾਂ ਦਾ ਮੁਕਾਬਲਾ ਕਰਨਾ, ਟ੍ਰੈਫਿਕ ਪ੍ਰਬੰਧਨ ਵਿੱਚ ਸੁਧਾਰ ਕਰਨਾ ਅਤੇ ਨਾਗਰਿਕਾਂ ਨੂੰ ਨਿਆਂ ਯਕੀਨੀ ਬਣਾਉਣਾ ਪਟਿਆਲਾ ਪੁਲਿਸ ਦੀਆਂ ਮੁੱਖ ਤਰਜੀਹਾਂ ਰਹਿਣਗੀਆਂ।

ਅੰਡਰ-14 ਜ਼ੋਨਲ ਟੂਰਨਾਮੈਂਟ (ਬੁਆਏਜ਼) ਸੰਪੰਨ, ਉਪ ਮੁੱਖ ਮੰਤਰੀ ਨੇ ਜੇਤੂ ਟੀਮਾਂ ਨੂੰ ਕੀਤਾ ਪੁਰਸਕਾਰਿਤ

ਊਨਾ, 5 ਸਤੰਬਰ
(ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਸ਼ਨੀਵਾਰ ਨੂੰ ਪੀ.ਐੱਮ. ਸ਼੍ਰੀ ਸਰਕਾਰੀ ਉਤਕ੍ਰਿਸ਼ਟ ਸੀਨੀਅਰ ਸੈਕੰਡਰੀ ਸਕੂਲ ਕਾਂਗੜ ਵਿੱਚ ਆਯੋਜਿਤ ਤਿੰਨ ਰੋਜ਼ਾ 41ਵੀਂ ਅੰਡਰ-14 ਲੜਕਿਆਂ ਦੀ ਜ਼ੋਨ ਹਰੋਲੀ ਖੇਡਾਂ ਦੇ ਸਮਾਪਤੀ ਸਮਾਰੋਹ ਦੀ ਪ੍ਰਧਾਨਗੀ ਕੀਤੀ।

3 ਤੋਂ 5 ਸਤੰਬਰ ਤੱਕ ਆਯੋਜਿਤ ਇਸ ਪ੍ਰਤੀਯੋਗਤਾ ਵਿੱਚ 35 ਸਕੂਲਾਂ ਦੇ 346 ਖਿਡਾਰੀਆਂ ਨੇ ਵਾਲੀਬਾਲ, ਖੋ-ਖੋ, ਕਬੱਡੀ, ਸ਼ਤਰੰਜ, ਕੁਸ਼ਤੀ ਅਤੇ ਬੈਡਮਿੰਟਨ ਸਮੇਤ ਛੇ ਖੇਡਾਂ ਵਿੱਚ ਹਿੱਸਾ ਲਿਆ। ਉਪ ਮੁੱਖ ਮੰਤਰੀ ਨੇ ਜੇਤੂ ਅਤੇ ਉਪ-ਜੇਤੂ ਟੀਮਾਂ ਅਤੇ ਖਿਡਾਰੀਆਂ ਨੂੰ ਇਨਾਮ ਵੰਡੇ। ਉਨ੍ਹਾਂ ਸਾਰੇ ਭਾਗ ਲੈਣ ਵਾਲੇ ਖਿਡਾਰੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦਿਆਂ ਪ੍ਰਬੰਧਕਾਂ ਨੂੰ ਸਫ਼ਲ ਆਯੋਜਨ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਖੇਡਾਂ ਦੇ ਨਾਲ-ਨਾਲ ਸਿੱਖਿਆ ਅਤੇ ਹੋਰ ਗਤੀਵਿਧੀਆਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਹਰੋਲੀ ਨੂੰ ਸਿੱਖਿਆ ਅਤੇ ਖੇਡਾਂ ਦਾ ਹੱਬ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਇਸ ਮੌਕੇ ਉਪ ਮੁੱਖ ਮੰਤਰੀ ਨੇ ਕਾਂਗੜ ਸਕੂਲ ਵਿੱਚ ਅਗਲੇ ਸਾਲ ਤੋਂ ਸੰਗੀਤ ਸਿੱਖਿਆ ਦੀਆਂ ਕਲਾਸਾਂ ਸ਼ੁਰੂ ਕਰਨ ਦਾ ਐਲਾਨ ਕੀਤਾ। ਉਨ੍ਹਾਂ ਸਕੂਲ ਵਿੱਚ ਚਾਰ ਕਮਰਿਆਂ ਵਾਲੇ ਵਾਧੂ ਭਵਨ ਦੇ ਨਿਰਮਾਣ, ਸੋਲਰ ਪਾਵਰ ਪਲਾਂਟ ਲਗਾਉਣ ਅਤੇ ਪਾਣੀ ਦੀ ਨਿਕਾਸੀ ਲਈ ਬਿਹਤਰ ਡ੍ਰੇਨੇਜ ਸਿਸਟਮ ਵਿਕਸਿਤ ਕਰਨ ਦਾ ਵੀ ਐਲਾਨ ਕੀਤਾ। ਉਨ੍ਹਾਂ ਸਬੰਧਤ ਵਿਭਾਗ ਦੇ ਐਕਸੀਅਨ ਨੂੰ ਡ?ਰੇਨੇਜ ਵਿਵਸਥਾ ਲਈ ਤੁਰੰਤ ਜ਼ਰੂਰੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਾਂਗੜ ਦੇ ਵਾਰਡ ਨੰਬਰ-2 ਅਤੇ ਵਾਰਡ ਨੰਬਰ-5 ਦੀਆਂ ਗਲੀਆਂ ਦੇ ਸੁਧਾਰ ਅਤੇ ਨਿਰਮਾਣ ਲਈ ਪੰਜ-ਪੰਜ ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।

ਇਸ ਤੋਂ ਪਹਿਲਾਂ ਉਨ੍ਹਾਂ ਸਕੂਲ ਵਿੱਚ 13.75 ਲੱਖ ਨਾਲ ਬਣੀ ਡਿਜੀਟਲ ਲਾਇਬ੍ਰੇਰੀ ਦਾ ਉਦਘਾਟਨ ਕੀਤਾ

ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਬਿਹਤਰ ਵਿਦਿਅਕ ਸਹੂਲਤਾਂ ਉਪਲਬਧ ਕਰਵਾਉਣ ਦੇ ਨਾਲ-ਨਾਲ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨ ਵਾਲੇ ਬੱਚਿਆਂ ਲਈ 31 ਹਜ਼ਾਰ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਸਕੂਲ ਪ੍ਰਬੰਧਕ ਕਮੇਟੀ (ਐੱਸ.ਐੱਮ.ਸੀ.) ਨੂੰ ਸਕੂਲ ਨੂੰ ਅੱਗੇ ਵਧਾਉਣ ਦੀ ਦਿਸ਼ਾ ਵਿੱਚ ਕੀਤੇ ਜਾ ਰਹੇ ਯਤਨਾਂ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰੋ. ਸਿੰਮੀ ਅਗਨੀਹੋਤਰੀ ਸਰਕਾਰੀ ਕਾਲਜ ਹਰੋਲੀ ਦਾ ਦੂਜਾ ਭਵਨ ਅਗਲੇ ਸਾਲ ਤੱਕ ਤਿਆਰ ਹੋ ਜਾਵੇਗਾ, ਜਿਸ ਨਾਲ ਵਿਦਿਆਰਥੀਆਂ ਨੂੰ ਵਾਧੂ ਅਤੇ ਬਿਹਤਰ ਵਿਦਿਅਕ ਸਹੂਲਤਾਂ ਮਿਲਣਗੀਆਂ। ਉਨ੍ਹਾਂ ਕਿਹਾ ਕਿ ਅਗਲੇ ਸੈਸ਼ਨ ਤੋਂ ਕਾਲਜ ਵਿੱਚ ਐੱਮ.ਐੱਸ.ਸੀ., ਲਾਅ ਅਤੇ ਸੰਗੀਤ ਦੀਆਂ ਕਲਾਸਾਂ ਸ਼ੁਰੂ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਖੇਡ ਅਧਿਆਪਕਾਂ, ਡੀ.ਪੀ.ਈ. ਅਤੇ ਪੀ.ਈ.ਟੀ. ਨੂੰ ਆਪਣਾ ਵਿਜ਼ਨ ਸਾਂਝਾ ਕਰਨ ਦਾ ਸੱਦਾ ਦਿੱਤਾ, ਤਾਂ ਜੋ ਹਰੋਲੀ ਨੂੰ ਖੇਡਾਂ ਦਾ ਹੱਬ ਬਣਾਉਣ ਦੀ ਦਿਸ਼ਾ ਵਿੱਚ ਜ਼ਰੂਰੀ ਸਹੂਲਤਾਂ ਵਿਕਸਿਤ ਕੀਤੀਆਂ ਜਾ ਸਕਣ। ਉਪ ਮੁੱਖ ਮੰਤਰੀ ਨੇ ਕਿਹਾ ਕਿ ਕਾਂਗੜ ਮੈਦਾਨ ਵਿੱਚ ਹੋਲੀ ਦੇ ਉਪਲਬਧ ਵਿੱਚ ਮੇਲਾ ਆਯੋਜਿਤ ਕੀਤਾ ਜਾਵੇਗਾ। ਉਨ੍ਹਾਂ ਗ੍ਰਾਮ ਪੰਚਾਇਤ ਪ੍ਰਧਾਨ ਨੂੰ ਮੇਲੇ ਦੇ ਆਯੋਜਨ ਦੀ ਰੂਪ-ਰੇਖਾ ਤਿਆਰ ਕਰਨ ਲਈ ਕਿਹਾ, ਤਾਂ ਜੋ ਖੇਤਰ ਦੀਆਂ ਸੱਭਿਆਚਾਰਕ ਗਤੀਵਿਧੀਆਂ ਨੂੰ ਉਤਸ਼ਾਹ ਮਿਲ ਸਕੇ।

ਮੁਕੇਸ਼ ਅਗਨੀਹੋਤਰੀ ਨੇ ਹਰੋਲੀ ਵਿਧਾਨ ਸਭਾ ਖੇਤਰ ਵਿੱਚ ਕੇਂਦਰ ਸਰਕਾਰ ਦੀ ਮਦਦ ਨਾਲ ਬਣ ਰਹੇ ਵੱਖ-ਵੱਖ ਪੁਲਾਂ ਬਾਰੇ ਕਿਹਾ ਕਿ ਵਿਕਾਸ ਕਾਰਜਾਂ ਲਈ ਕੇਂਦਰ ਤੋਂ ਫੰਡ ਉਪਲਬਧ ਕਰਵਾਉਣਾ ਵੀ ਇੱਕ ਮਹੱਤਵਪੂਰਨ



ਪ੍ਰਕਿਰਿਆ ਹੈ। ਉਨ੍ਹਾਂ ਕਿਹਾ ਕਿ ਕੇਂਦਰ ਤੋਂ ਫੰਡ ਲਿਆਉਣ ਲਈ ਲਗਾਤਾਰ ਯਤਨ ਕਰਨ ਦੀ ਲੋੜ ਹੁੰਦੀ ਹੈ। ਸੂਬਾ ਸਰਕਾਰ ਲਗਾਤਾਰ ਯਤਨ ਕਰਕੇ ਕੇਂਦਰ ਤੋਂ ਫੰਡ ਪ੍ਰਾਪਤ ਕਰਕੇ ਖੇਤਰ ਵਿੱਚ ਵਿਕਾਸ ਕਾਰਜਾਂ ਨੂੰ ਗਤੀ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਨੇ ਹਰੋਲੀ ਵਿਧਾਨ ਸਭਾ ਖੇਤਰ ਵਿੱਚ ਦੋ ਹੋਰ ਪੁਲਾਂ ਦੇ ਨਿਰਮਾਣ ਲਈ ਸਹਿਮਤੀ ਦਿੱਤੀ ਹੈ।

ਉਪ ਮੁੱਖ ਮੰਤਰੀ ਨੇ ਸਨਮਾਨਿਤ ਕੀਤੇ ਜੇਤੂ

ਇਸ ਮੌਕੇ ਉਪ ਮੁੱਖ ਮੰਤਰੀ ਨੇ ਜੇਤੂ, ਉਪ-ਜੇਤੂ ਟੀਮਾਂ ਅਤੇ ਸ਼ਾਨਦਾਰ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ।

ਵਾਲੀਬਾਲ ਵਿੱਚ ਸਰਕਾਰੀ ਹਾਈ ਸਕੂਲ ਗੁਰਪਲਾਹ ਦੀ ਟੀਮ ਜੇਤੂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੋਲੀ ਦੀ ਟੀਮ ਉਪ-ਜੇਤੂ ਰਹੀ। ਕਬੱਡੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਜੀ.ਐੱਸ.ਐੱਸ.ਐੱਸ.) ਦੁਲੈਹੜ ਦੀ ਟੀਮ ਜੇਤੂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੀਟਨ ਦੀ ਟੀਮ ਉਪ-ਜੇਤੂ ਰਹੀ। ਬੈਡਮਿੰਟਨ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੋਲੀ ਦੀ ਟੀਮ ਜੇਤੂ ਅਤੇ ਏ.ਐੱਨ.ਐੱਮ. ਟਾਹਲੀਵਾਲ ਦੀ ਟੀਮ ਉਪ-ਜੇਤੂ ਰਹੀ।

ਖੋ-ਖੋ ਵਿੱਚ ਸਰਕਾਰੀ ਮਿਡਲ ਸਕੂਲ ਲੋਅਰ ਲਲੜੀ ਦੀ ਟੀਮ ਜੇਤੂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਲੜੀ ਦੀ ਟੀਮ ਉਪ-ਜੇਤੂ ਰਹੀ। ਸ਼ਤਰੰਜ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਟ ਕਲਾਂ ਦੀ ਟੀਮ ਜੇਤੂ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਾਲਕਵਾਹ ਦੀ ਟੀਮ ਉਪ-ਜੇਤੂ ਰਹੀ। ਕੁਸ਼ਤੀ ਦੇ 35 ਕਿਲੋਗ੍ਰਾਮ ਭਾਰ ਵਰਗ ਵਿੱਚ ਜੀ.ਐੱਚ.ਐੱਸ. ਗੁਰਪਲਾਹ ਦੇ ਮਿਥੁਨ ਕੁਮਾਰ ਨੇ ਸੋਨ, ਜੀ.ਐੱਚ.ਐੱਸ. ਪਾਲਕਵਾਹ ਦੇ ਭਾਰਤ ਨੇ ਚਾਂਦੀ ਅਤੇ ਜੀ.ਐੱਚ.ਐੱਸ. ਗੁਰਪਲਾਹ ਦੇ ਅਮਿਤ ਕੁਮਾਰ ਨੇ ਕਾਂਸੀ ਦਾ ਤਗਮਾ ਹਾਸਲ ਕੀਤਾ। 38 ਕਿਲੋਗ੍ਰਾਮ ਭਾਰ ਵਰਗ ਵਿੱਚ ਜੀ.ਐੱਚ.ਐੱਸ. ਗੁਰਪਲਾਹ ਦੇ ਨਮਨ ਸਿੰਘ ਨੇ ਸੋਨ, ਇਸੇ ਸਕੂਲ ਦੇ ਸਚਿਨ ਕੁਮਾਰ ਨੇ ਚਾਂਦੀ ਅਤੇ ਜੀ.ਐੱਸ.ਐੱਸ.ਐੱਸ. ਗੋਂਦਪੁਰ ਜੈਚੰਦ ਦੇ ਰਾਘਵ ਨੇ ਕਾਂਸੀ ਦਾ ਤਗਮਾ ਜਿੱਤਿਆ।

41 ਕਿਲੋਗ੍ਰਾਮ ਭਾਰ ਵਰਗ ਵਿੱਚ ਜੀ.ਐੱਚ.ਐੱਸ. ਗੁਰਪਲਾਹ ਦੇ ਸਾਹਿਲ ਕੁਮਾਰ ਨੇ ਸੋਨ, ਜੀ.ਐੱਸ.ਐੱਸ.ਐੱਸ. ਬੀਟਨ ਦੇ ਨੀਰਜ ਨੇ ਚਾਂਦੀ ਅਤੇ ਜੀ.ਐੱਸ.ਐੱਸ.ਐੱਸ. ਗੋਂਦਪੁਰ ਜੈਚੰਦ ਦੇ ਤਰਨਜੀਤ ਨੇ ਕਾਂਸੀ ਦਾ ਤਗਮਾ ਹਾਸਲ ਕੀਤਾ। 44 ਕਿਲੋਗ੍ਰਾਮ ਭਾਰ ਵਰਗ ਵਿੱਚ ਜੀ.ਐੱਸ.ਐੱਸ.ਐੱਸ. ਬੀਟਨ ਦੇ ਨੀਰਜ ਨੇ ਸੋਨ, ਜੀ.ਐੱਸ.ਐੱਸ.ਐੱਸ. ਗੋਂਦਪੁਰ ਜੈਚੰਦ ਦੇ ਈਸ਼ਾਨ ਨੇ ਚਾਂਦੀ ਅਤੇ ਜੀ.ਐੱਸ.ਐੱਸ.ਐੱਸ. ਬੀਟਨ ਦੇ ਦਿਵਿਆਂਸ਼ ਨੇ ਕਾਂਸੀ ਦਾ ਤਗਮਾ ਜਿੱਤਿਆ।

52 ਕਿਲੋਗ੍ਰਾਮ ਭਾਰ ਵਰਗ ਵਿੱਚ ਜੀ.ਐੱਸ.ਐੱਸ.ਐੱਸ. ਬੀਟਨ ਦੇ ਸਤਯਮ ਨੇ ਸੋਨ, ਇਸੇ ਸਕੂਲ ਦੇ ਸਤਬੀਰ ਨੇ ਚਾਂਦੀ ਅਤੇ ਜੀ.ਐੱਸ.ਐੱਸ.ਐੱਸ. ਗੋਂਦਪੁਰ ਜੈਚੰਦ ਦੇ ਦਿਲਪ੍ਰੀਤ ਨੇ ਕਾਂਸੀ ਦਾ ਤਗਮਾ ਹਾਸਲ ਕੀਤਾ। 57 ਕਿਲੋਗ੍ਰਾਮ ਭਾਰ ਵਰਗ ਵਿੱਚ ਜੀ.ਐੱਚ.ਐੱਸ. ਗੁਰਪਲਾਹ ਦੇ ਅਭਿਸ਼ੇਕ ਅਤੇ 75 ਕਿਲੋਗ੍ਰਾਮ ਭਾਰ ਵਰਗ ਵਿੱਚ ਜੀ.ਐੱਸ.ਐੱਸ.ਐੱਸ. ਬੀਟਨ ਦੇ ਰਾਮ ਨੇ ਸੋਨ ਤਗਮਾ ਜਿੱਤਿਆ।

ਕੁਸ਼ਤੀ ਵਿੱਚ ਜੀ.ਐੱਚ.ਐੱਸ. ਗੁਰਪਲਾਹ ਓਵਰਆਲ ਚੈਂਪੀਅਨ ਰਿਹਾ, ਜਦਕਿ ਜੀ.ਐੱਸ.ਐੱਸ.ਐੱਸ. ਬੀਟਨ ਉਪ-ਜੇਤੂ ਰਿਹਾ। ਪ੍ਰਤੀਯੋਗਤਾ ਵਿੱਚ ਮਾਰਚ ਪਾਸਟ ਦੀ ਟ੍ਰਾਫੀ ਪੀ.ਐੱਮ. ਸ਼੍ਰੀ ਸਰਕਾਰੀ ਉਤਕ੍ਰਿਸ਼ਟ ਸੀਨੀਅਰ ਸੈਕੰਡਰੀ ਸਕੂਲ ਕਾਂਗੜ ਨੇ ਜਿੱਤੀ। ਪ੍ਰੋਗਰਾਮ ਵਿੱਚ ਕਾਂਗੜ ਦੇ ਪ੍ਰਧਾਨ ਵਿਨੋਦ ਬਿੱਟੂ ਨੇ ਕਾਂਗੜ ਖੇਤਰ ਵਿੱਚ ਬੇਮਿਸਾਲ ਵਿਕਾਸ ਲਈ ਉਪ ਮੁੱਖ ਮੰਤਰੀ ਦਾ ਧੰਨਵਾਦ ਪ੍ਰਗਟਾਇਆ। ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਪ੍ਰਧਾਨ ਦੇਸ਼ ਰਾਜ ਗੌਤਮ, ਰਾਜ ਟਰਾਂਸਪੋਰਟ ਅਥਾਰਟੀ ਦੇ ਮੈਂਬਰ ਅਸ਼ੋਕ ਠਾਕੁਰ, ਗ੍ਰਾਮ ਪੰਚਾਇਤ ਕਾਂਗੜ ਦੇ ਪ੍ਰਧਾਨ ਵਿਨੋਦ ਕੁਮਾਰ ਬਿੱਟੂ, ਕਾਂਗੜ ਸਕੂਲ ਦੇ ਪ੍ਰਿੰਸੀਪਲ ਕਮਲਜੀਤ, ਐੱਸ.ਐੱਮ.ਸੀ. ਪ੍ਰਧਾਨ ਪੂਨਮ, ਉਪ ਪ੍ਰਧਾਨ ਵੰਦਨਾ, ਐੱਸ.ਡੀ.ਐੱਮ. ਹਰੋਲੀ ਵਿਸ਼ਾਲ ਸ਼ਰਮਾ, ਡੀ.ਐੱਸ.ਪੀ. ਮੋਹਨ ਰਾਵਤ ਸਮੇਤ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ, ਮੁੱਖ ਅਧਿਆਪਕ, ਅਧਿਆਪਕ ਅਤੇ ਹੋਰ ਪਤਵੰਤੇ ਹਾਜ਼ਰ ਸਨ।

ਪੇਕੋਸਾ ਦੀ ਸਾਲਾਨਾ ਆਮ ਮੀਟਿੰਗ ਅਤੇ ਚੋਣਾਂ 2026 6 ਸਤੰਬਰ ਨੂੰ ਹੋਣਗੀਆਂ

ਚੰਡੀਗੜ੍ਹ, 5 ਸਤੰਬਰ
(ਪੈ.ਗਾਮ-ਏ-ਜਗਤ)

ਪੰਜਾਬ ਇੰਜੀਨੀਅਰਿੰਗ ਕਾਲਜ ਓਲਡ ਸਟੂਡੈਂਟਸ ਐਸੋਸੀਏਸ਼ਨ (ਪੇਕੋਸਾ) ਦੀ ਸਾਲਾਨਾ ਆਮ ਮੀਟਿੰਗ (ਏਜੀਐਮ) ਅਤੇ ਚੋਣਾਂ 2026 ਐਤਵਾਰ, 6 ਸਤੰਬਰ, 2026 ਨੂੰ ਪੀਈਸੀ ਆਡੀਟੋਰੀਅਮ, ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ), ਚੰਡੀਗੜ੍ਹ ਵਿਖੇ ਸਵੇਰੇ 10:00 ਵਜੇ ਸ਼ੁਰੂ ਹੋਣਗੀਆਂ।

ਡਾ. (ਪ੍ਰੋ.) ਰਾਜੇਸ਼ ਭਾਟੀਆ, ਮਾਣਯੋਗ ਡਾਇਰੈਕਟਰ, ਪੀਈਸੀ, ਮੁੱਖ ਮਹਿਮਾਨ ਹੋਣਗੇ, ਜਦੋਂ ਕਿ ਡਾ. (ਪ੍ਰੋ.) ਰਾਜੇਸ਼ ਕਾਂਡਾ, ਐਲੂਮਨੀ ਅਤੇ ਅੰਤਰਰਾਸ਼ਟਰੀ ਮਾਮਲਿਆਂ ਦੇ ਮੁਖੀ, ਮਹਿਮਾਨ ਹੋਣਗੇ।

ਪੇਕੋਸਾ ਦੇ ਵੱਖ-ਵੱਖ ਅਹੁਦੇਦਾਰਾਂ ਅਤੇ ਕਾਰਜਕਾਰੀ ਮੈਂਬਰ ਅਹੁਦਿਆਂ ਲਈ ਚੋਣਾਂ ਕਰਵਾਈਆਂ ਜਾਣਗੀਆਂ। ਵੱਖ-ਵੱਖ ਅਹੁਦਿਆਂ ਲਈ ਚੋਣ ਲੜ ਰਹੇ ਉਮੀਦਵਾਰ ਇਸ ਪ੍ਰਕਾਰ ਹਨ:

ਪ੍ਰਧਾਨ (1 **ਸੀਟ**): ਹਰਪ੍ਰੀਤ ਓਬਰਾਏ, ਪੰਕਜ ਗੁਪਤਾ, ਮੋਹਿਤ ਸ਼੍ਰੀਵਾਸਤਵ,

ਮੀਤ ਪ੍ਰਧਾਨ (1 **ਸੀਟ**):, ਸੰਜੀਵ ਮੌਦਗਿਲ, ਪੁਨੀਤ ਸਕਸੈਨਾ, ਅਰਚਨਾ ਰੋਹੇਲਾ

ਜਨਰਲ ਸਕੱਤਰ (1 **ਸੀਟ**): ਜ਼ੋਰਾਵਰ ਸਿੰਘ, ਹਰ ਅੰਮ੍ਰਿਤ ਸੰਧੂ ਡਾ, ਓਮ ਕਨੌਜੀਆ

ਖਜ਼ਾਨਚੀ (1 **ਸੀਟ**): ਅਸ਼ਵਿਨੀ ਕੁੰਡਲ, ਸ਼ਗੁਨ ਸ਼ਰਮਾ, ਸੰਯੁਕਤ ਸਕੱਤਰ (1 ਸੀਟ): ਸੰਦੀਪ ਗੁਪਤਾ, ਰਾਜਿੰਦਰ ਬੇਲੋਕਰ ਨੇ ਡਾ. ਅਰੁਨੇਸ਼ ਸੇਠ

ਕਾਰਜਕਾਰੀ ਮੈਂਬਰ (11 **ਸੀਟਾਂ**): ਹਰਭਜਨ ਮੁੰਡੇ, ਮ੍ਰਿਦੁਲਾ ਦਾਨੋ, ਪ੍ਰਭਦੀਪ ਸੰਧੂ, ਵਿਨੋਦ ਜੈਨ, ਰਾਜੀਵ ਗੁਪਤਾ, ਵਿਵੇਕ ਮਹਾਜਨ, ਸੰਜੀਵ ਜੈਨ, ਜਸਵਿੰਦਰ ਗਰਚਾ, ਅਸ਼ੋਕ ਸ਼ਰਮਾ, ਅਕਸ਼ੈ ਅਗਰਵਾਲ, ਆਯੂਸ਼ ਗੋਇਲ, ਬਲਕਰਨ ਸੋਹਲ, ਪ੍ਰਿਯਾਂਕ, ਪੰਕਜ ਜਾਲਾਨ, ਗੁਰਨੂਰ ਸਿੰਘ, ਇਸ਼ਮੀਤ ਕੌਰ, ਰਵੀ ਕਾਂਤ, ਪ੍ਰਾਂਸ਼ੂ ਗ੍ਰਕ, ਜਸਨਿਕ ਸਿੰਘ, ਪਾਰਥ ਖੁੰਗਰ, ਨਰੇਸ਼ ਚਾਵਲਾ,ਆਸ਼ੀਸ਼ ਭਸੀਨ, ਅਮਿਤ ਗੁਪਤਾ, ਅਨੰਤ ਸੇਲਾਡੋਰਾਈ, ਵਿਕਰਮ ਸਿੰਘ,ਸ਼ਿਵਾਨੀ ਅਗਰਵਾਲ, ਔਨਲਾਈਨ ਵੋਟਿੰਗ, ਪ੍ਰਕਿਰਿਆ 2 ਸਤੰਬਰ, 2026 ਨੂੰ ਸਵੇਰੇ 10:00 ਵਜੇ ਸ਼ੁਰੂ ਹੋਈ ਅਤੇ 4 ਸਤੰਬਰ, 2026 ਨੂੰ ਸ਼ਾਮ 6:00 ਵਜੇ ਸਮਾਪਤ ਹੋਈ।


ਮੈਂਬਰ 6 ਸਤੰਬਰ, 2026 ਨੂੰ ਸਵੇਰੇ 10:00 ਵਜੇ ਤੋਂ 4:00 ਵਜੇ ਦੇ ਵਿਚਕਾਰ PEC ਆਡੀਟੋਰੀਅਮ ਵਿਖੇ ਔਫਲਾਈਨ ਵੀ ਵੋਟ ਪਾ ਸਕਦੇ ਹਨ ਅਤੇ ਆਪਣੀ ਵੋਟ ਦੀ ਵਰਤੋਂ ਕਰ ਸਕਦੇ ਹਨ।

PECOSA ਚੋਣਾਂ ਵਿੱਚ PEC ਦੇ ਸਾਬਕਾ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਦੀ ਉਮੀਦ ਹੈ। ਉਮੀਦਵਾਰ ਵੱਖ-ਵੱਖ ਮੁੱਖ ਅਹੁਦਿਆਂ ਲਈ ਚੋਣ ਮੈਦਾਨ ਵਿੱਚ ਹਨ, ਆਉਣ ਵਾਲੇ ਕਾਰਜਕਾਲ ਲਈ ਆਪਣੇ ਸਾਥੀ ਸਾਬਕਾ ਵਿਦਿਆਰਥੀਆਂ ਦਾ ਸਮਰਥਨ ਮੰਗ ਰਹੇ ਹਨ।

PECOSA ਸਾਰੇ ਯੋਗ ਮੈਂਬਰਾਂ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਨ ਦੀ ਤਾਕੀਦ ਕਰਦਾ ਹੈ।

ਟੀ.ਸੀ.ਐਸ.ਏ. ਪ੍ਰਧਾਨ ਰਜਿੰਦਰ ਕੌਰ ਸਹਿਦੇਵ ਨੇ ਮਨਾਇਆ ਜਨਮ ਦਿਨ

ਪੈ.ਗਾਮ-ਏ-ਜਗਤ
ਚੰਡੀਗੜ, 5 ਸਤੰਬਰ
(ਹਰਮਿੰਦਰ ਸਿੰਘ ਨਾਗਪਾਲ)



ਤੇਰਾ ਹੀ ਤੇਰਾ ਮੈਡੀਕੋਜ਼ ,ਸੈਕਟਰ 32 ,ਚੰਡੀਗੜ੍ਹ ਵਿਖੇ ਸ੍ਰੀਮਤੀ ਰਜਿੰਦਰ ਕੌਰ ਜੀ ਸਹਦੇਵ ਪ੍ਰਧਾਨ, ਟੀ ਸੀ ਐਸ ਏ ਆਪਣਾ ਜਨਮ ਦਿਨ ਮਨਾਉਣ ਲਈ ਆਏ ਅਤੇ ਇਸ ਦੇ ਨਾਲ ਹੀ ਸ੍ਰੀਮਤੀ ਪ੍ਰਤਿਪਾਲ ਕੌਰ ਜੀ,ਜੋ ਲਾਇਨਜ਼ ਕਲੱਬ ਦੇ ਆਫਿਸ ਬੇਅਰਰ ਹਨ,ਨੇ ਵੀ ਸ਼ਿਰਕਤ ਕੀਤੀ।

ਸ. ਸਤਨਾਮ ਸਿੰਘ ਜੀ ਨਾਮੀ ਜੋ ਕਿ ਨੈਸ਼ਨਲ, ਬੇਕਰ, ਸੈਕਟਰ-19,ਚੰਡੀਗੜ੍ਹ ਦੇ ਮਾਲਕ ਵੀ ਹਨ ਅਤੇ ਜਿਨ੍ਹਾਂ ਨੂੰ ਅਕਾਲ ਪੁਰਖ ਨੇ ਕੱਲ ਪੋਤਰੇ ਦੀ ਦਾਤ ਬਖਸ਼ੀ ਹੈ,ਉਹ ਵੀ ਆਪਣੀ ਖੁਸ਼ੀਆ ਵੰਡਣ ਲਈ ਪਧਾਰੇ। ਸ਼੍ਰੀਮਤੀ ਰਜਿੰਦਰ ਕੌਰ ਜੀ ਸਹਦੇਵ ਪ੍ਰਧਾਨ, ਸ਼੍ਰੀਮਤੀ ਪ੍ਰਤਿਪਾਲ ਕੌਰ ਜੀ ਅਤੇ ਸ.ਸਤਿਨਾਮ ਸਿੰਘ ਨਾਮੀ ਜੀ ਦਾ ਨਿੱਘਾ ਸਤਿਕਾਰ ਸ.ਡੀ ਪੀ ਸਿੰਘ ਸਾਬਕਾ ਸੀ ਈ ਓ ਸ੍ਰੀ ਹਜ਼ੂਰ ਸਾਹਿਬ ਨਾਂਦੇੜ,ਸਾਬਕਾ ਸੀ.ਈ.ਓ. ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ, ਸਾਬਕਾ ਡੀ ਜੀ ਐਮ ਪੰਜਾਬ ਐਂਡ ਸਿੰਧ ਬੈਂਕ, ਫਾਊਂਡਰ ਮੈਂਬਰ ਅਤੇ ਸਲਾਹਕਾਰ ਅਤੇ ਸਾਬਕਾ ਪ੍ਰਧਾਨ ਜੀ ਪੀ ਐੱਸ ਐੱਸ, ਬ੍ਰਾਂਚ ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਚੰਡੀਗੜ੍ਹ ਤੇਰਾ ਹੀ ਤੇਰਾ ਮਿਸ਼ਨ ਵੱਲੋਂ ਕੀਤਾ ਗਿਆ, ਜਿਸ ਵਿੱਚ ਸ੍ਰੀ ਸਤਪਾਲ ਕੋਹਲੀ, ਸ. ਅਮਰਇੰਦਰ ਸਿੰਘ, ਸੀਨੀਅਰ ਫਾਰਮਾਸਿਸਟ, ਸ. ਇੰਦਰਜੀਤ ਸਿੰਘ, ਸ਼੍ਰੀ ਬੰਟੀ ਜੋਹਰ ਅਤੇ ਸ੍ਰੀਮਤੀ ਪੂਨਮ ਸ਼ਰਮਾ ਨੇ ਵੀ ਸ਼ਿਰਕਤ ਕੀਤੀ ਇਸ ਮੌਕੇ ਸ. ਡੀਪੀ ਸਿੰਘ ਜੀ ਨੇ ਇਹਨਾਂ ਸਭ ਨੂੰ ਆਪਣੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ।

ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟਜ਼ ਦੇ ਚਾਰ ਕੈਡਿਟ ਭਾਰਤੀ ਫੌਜ ਵਿੱਚ ਲੈਫਟੀਨੈਂਟ ਬਣੇ

ਚੰਡੀਗੜ੍ਹ, 5 ਸਤੰਬਰ
(ਪੈ.ਗਾਮ-ਏ-ਜਗਤ)

- **ਮਾਈ ਭਾਗੋ ਏ.ਐਫ.ਪੀ.ਆਈ. ਦੀਆਂ ਦੋ ਮਹਿਲਾ ਕੈਡਿਟਾਂ ਨੂੰ ਏਵੀਏਸ਼ਨ ਅਤੇ ਆਰਡਨੈਂਸ ਕੋਰਜ਼ ਵਿੱਚ ਮਿਲਿਆ ਕਮਿਸ਼ਨ**
- **ਐਮ.ਆਰ.ਐਸ.ਏ.ਐਫ.ਪੀ.ਆਈ. ਦੇ ਦੋ ਕੈਡਿਟ ਆਰਟਿਲਰੀ ਅਤੇ ਜੀਏਜੀ ਵਿੱਚ ਹੋਏ ਨਿਯੁਕਤ**

ਪੰਜਾਬ ਦੀ ਸ਼ਾਨਾਮੱਤੀ ਫੌਜੀ ਵਿਰਾਸਤ ਵਿੱਚ ਇੱਕ ਹੋਰ ਮਾਣਮੱਤੀ ਸਫ਼ਲਤਾ ਦਾ ਸ਼ੁਮਾਰ ਕਰਦਿਆਂ ਅੱਜ ਚਾਰ ਕੈਡਿਟਾਂ ਨੇ ਭਾਰਤੀ ਫੌਜ ਵਿੱਚ ਲੈਫਟੀਨੈਂਟ ਵਜੋਂ ਕਮਿਸ਼ਨ ਹਾਸਲ ਕੀਤਾ ਹੈ। ਇਨ੍ਹਾਂ ਵਿਚ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਦੀਆਂ ਦੋ ਮਹਿਲਾ ਕੈਡਿਟਜ਼ ਅਤੇ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐਮ. ਆਰ. ਐਸ. ਏ. ਐਫ. ਪੀ. ਆਈ) ਦੇ ਦੋ ਕੈਡਿਟ ਸ਼ਾਮਲ ਹਨ। ਚੇਨੱਈ ਵਿਖੇ ਆਫੀਸਰਜ਼ ਟ੍ਰੇਨਿੰਗ ਅਕੈਡਮੀ ਵਿਖੇ ਹੋਈ ਸ਼ਾਨਦਾਰ ਪਾਸਿੰਗ ਆਊਟ ਪਰੇਡ, ਜਿਸ ਦਾ ਨਿਰੀਖਣ ਜਲ ਸੈਨਾ ਮੁਖੀ ਐਡਮਿਰਲ ਕ੍ਰਿਸ਼ਨਾ ਸਵਾਮੀਨਾਥਨ, ਪੀਵੀਐਸਐਮ, ਏਵੀਐਸਐਮ ਅਤੇ ਵੀਐਸਐਮ ਨੇ ਕੀਤਾ, ਦੌਰਾਨ ਇਨ੍ਹਾਂ ਕੈਡਿਟਾਂ ਨੂੰ ਕਮਿਸ਼ਨ ਮਿਲਿਆ।

ਲੇਡੀ ਕੈਡਿਟ ਦੀਪਨੂਰ ਨੂੰ ਆਰਮੀ ਏਵੀਏਸ਼ਨ ਕੋਰ ਵਿੱਚ ਕਮਿਸ਼ਨ ਮਿਲਿਆ ਹੈ, ਜਦਕਿ ਲੇਡੀ ਕੈਡਿਟ ਦੀਕਸ਼ਾ ਧੀਮਾਨ ਆਰਮੀ ਆਰਡਨੈਂਸ ਕੋਰ ਵਿੱਚ ਨਿਯੁਕਤ ਹੋਈ ਹੈ। ਦੀਪਨੂਰ ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ, ਗੁਰਦਾਸਪੁਰ ਦੇ ਪ੍ਰੋਫੈਸਰ ਸ. ਸੁਖਬੀਰ ਸਿੰਘ ਅਤੇ ਸਰਕਾਰੀ ਸਕੂਲ ਅਧਿਆਪਕਾ ਸ਼?ਰੀਮਤੀ ਰਮਨਪ੍ਰੀਤ ਕੌਰ ਦੀ ਧੀ ਹੈ। ਦੀਕਸ਼ਾ ਪਠਾਨਕੋਟ ਦੇ ਇੱਕ ਕਾਰੋਬਾਰੀ ਸ਼?ਰੀ ਪਵਨ ਕੁਮਾਰ ਅਤੇ ਸ਼?ਰੀਮਤੀ ਇੰਦੂ ਦੀ ਧੀ ਹੈ।

ਇਸੇ ਤਰ੍ਹਾਂ ਐਮ. ਆਰ. ਐਸ. ਏ. ਐਫ. ਪੀ. ਆਈ. ਦੇ ਦੋ ਹੋਣਹਾਰ ਕੈਡਿਟ ਇਸ਼ਪ੍ਰੀਤ ਸਿੰਘ ਢਿੱਲੋਂ ਪੁੱਤਰ ਸਵਰਗੀ ਡਾ. ਪਰਮਜੀਤ ਸਿੰਘ ਢਿੱਲੋਂ ਅਤੇ ਸ਼੍ਰੀਮਤੀ ਸੰਤੋਸ਼ ਕੌਰ ਨੇ ਆਰਟਿਲਰੀ



ਰੈਜੀਮੈਂਟ ਵਿੱਚ ਅਤੇ ਮੇਜਰ ਜਨਰਲ ਪੀ.ਐਸ. ਸੰਧੂ (ਸੇਵਾਮੁਕਤ) ਦੇ ਪੁੱਤਰ ਲੈਫਟੀਨੈਂਟ ਅਰਸ਼ ਸਿੰਘ ਨੇ ਜੱਜ ਐਡਵੋਕੇਟ ਜਨਰਲ (ਜੇਏਜੀ) ਸ਼ਾਖਾ ਵਿੱਚ ਕਮਿਸ਼ਨ ਹਾਸਲ ਕਰਕੇ ਆਪਣੇ ਪਰਿਵਾਰ ਦੀ ਵਿਰਾਸਤ ਨੂੰ ਅੱਗੇ ਵਧਾ ਕੇ ਰਾਜ ਨੂੰ ਮਾਣ ਦਿਵਾਇਆ ਹੈ।

ਨਵੇਂ ਕਮਿਸ਼ਨਡ ਅਫਸਰਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ, "ਇਹ ਨੌਜਵਾਨ ਅਫਸਰ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਨੂੰ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਨਗੇ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨਡ ਅਫਸਰ ਵਜੋਂ ਸ਼ਾਮਲ ਹੋਣ ਦੇ ਚਾਹਵਾਨ ਹਰ ਨੌਜਵਾਨ ਦਾ ਸਾਥ ਦੇਣ ਅਤੇ ਸਮਰਥਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।" ਇਸ ਮਾਣਮੱਤੀ ਪ੍ਰਾਪਤੀ 'ਤੇ ਖੁਸ਼ੀ ਜ਼ਾਹਰ ਕਰਦਿਆਂ ਮਾਈ ਭਾਗੋ ਏਐਫਪੀਆਈ ਦੇ ਡਾਇਰੈਕਟਰ ਮੇਜਰ ਜਨਰਲ ਜਸਬੀਰ ਸਿੰਘ ਸੰਧੂ, ਏਵੀਐਸਐਮ (ਸੇਵਾਮੁਕਤ) ਨੇ ਕਿਹਾ, "ਇਹ ਮੀਲ ਪੱਥਰ ਮਾਈ ਭਾਗੋ ਏਐਫਪੀਆਈ ਵਿਖੇ ਸਾਡੇ ਮਿਸ਼ਨ ਨੂੰ ਹੋਰ ਊਰਜਾ ਪ੍ਰਦਾਨ ਕਰੇਗਾ ਤਾਂ ਜੋ ਪੰਜਾਬ ਦੀਆਂ ਹੋਰ ਧੀਆਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਅਫਸਰਾਂ ਵਜੋਂ ਕਮਿਸ਼ਨਡ ਹੋਣ ਲਈ ਤਿਆਰ ਕੀਤਾ ਜਾ ਸਕੇ। ਉਨ੍ਹਾਂ ਨਵੇਂ ਕਮਿਸ਼ਨਡ ਅਫਸਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਐਮ. ਆਰ. ਐਸ. ਐਫ.ਪੀ.ਆਈ. ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ. ਚੌਹਾਨ, ਵੀਐਸਐਮ (ਸੇਵਾਮੁਕਤ), ਨੇ ਨਵੇਂ ਅਫਸਰਾਂ ਨੂੰ ਦੇਸ਼ ਦੇ ਆਦਰਸ਼ਾਂ ਨੂੰ ਕਾਇਮ ਰੱਖਣ ਅਤੇ ਆਪਣੀ ਸੰਸਥਾ ਲਈ ਨਾਮਣਾ ਖੱਟਣ ਲਈ ਪ੍ਰੇਰਿਆ । ਉਨ੍ਹਾਂ ਕਿਹਾ ਕਿ ਇੰਸਟੀਚਿਊਟ ਦੇ 15 ਹੋਰ ਕੈਡਿਟਾਂ ਨੇ ਐਸ.ਐਸ.ਬੀ. ਪਾਸ ਕਰ ਲਿਆ ਹੈ ਅਤੇ ਦਸੰਬਰ 2026 ਵਿੱਚ ਸ਼ੁਰੂ ਹੋਣ ਵਾਲੇ ਕੋਰਸ ਲਈ ਨਿਯੁਕਤੀ ਪੱਤਰਾਂ ਦੀ ਉਡੀਕ ਕਰ ਰਹੇ ਹਨ।

ਪੀਜੀਆਈਐਮਈਆਰ 7 ਸਤੰਬਰ ਨੂੰ ਸਿਹਤ ਸੰਭਾਲ ਦੇ ਭਵਿੱਖ ਨੂੰ ਆਕਾਰ ਦੇਣ ਲਈ 63 ਸਾਲਾਂ ਦੀ ਉੱਤਮਤਾ, ਸੇਵਾ ਅਤੇ ਨਵੀਨਤਾ ਦੀ ਯਾਦ ਵਿੱਚ 63 ਸਾਲਾਂ ਦੀ ਵਿਰਾਸਤ ਮਨਾਏਗਾ

ਚੰਡੀਗੜ੍ਹ, 5 ਸਤੰਬਰ
(ਪੈ.ਗਾਮ-ਏ-ਜਗਤ)

"ਸਾਡੀ 63 ਸਾਲਾਂ ਦੀ ਵਿਰਾਸਤ ਇੱਕ ਹੋਰ ਵੀ ਵੱਡੇ ਭਵਿੱਖ ਦੀ ਨੀਂਹ ਹੈ,"ਡਾਇਰੈਕਟਰ ਪ੍ਰੋ. ਵਿਵੇਕ ਲਾਲ ਕਹਿੰਦੇ ਹਨ।

ਪੋਸਟਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈਐਮਈਆਰ), ਚੰਡੀਗੜ੍ਹ, ਸੋਮਵਾਰ, 7 ਸਤੰਬਰ, 2026 ਨੂੰ ਆਪਣਾ 63ਵਾਂ ਇੰਸਟੀਚਿਊਟ ਫਾਊਂਡੇਸ਼ਨ ਦਿਵਸ ਮਨਾਏਗਾ, ਜੋ ਸਿਹਤ ਸੰਭਾਲ, ਮੈਡੀਕਲ ਸਿੱਖਿਆ, ਖੋਜ ਅਤੇ ਸਮਾਜ ਦੀ ਸੇਵਾ ਵਿੱਚ ਛੇ ਦਹਾਕਿਆਂ ਤੋਂ ਵੱਧ ਦੀ ਉੱਤਮਤਾ ਦੀ ਯਾਦ ਵਿੱਚ ਮਨਾਇਆ ਜਾਵੇਗਾ। ਇਹ ਫਾਊਂਡੇਸ਼ਨ ਦਿਵਸ ਪੀਜੀਆਈਐਮਈਆਰ ਦੇ ਨੌਂ ਆਡੀਟੋਰੀਅਮ ਵਿਖੇ *ਪ੍ਰੋ. ਅਜੀਤ ਕੁਮਾਰ ਚਤੁਰਵੇਦੀ, ਵਾਈਸ ਚਾਂਸਲਰ, ਬਨਾਰਸ ਹਿੰਦੂ ਯੂਨੀਵਰਸਿਟੀ, ਵਾਰਾਨਸੀ* ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਪ੍ਰੋ. ਚਤੁਰਵੇਦੀ ਨੇ ਆਈਆਈਟੀ ਕਾਨਪੁਰ ਦੇ ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਵਿੱਚ ਅਣਗਿਣਤ ਵਿਦਿਆਰਥੀਆਂ ਦੇ ਭਵਿੱਖ ਨੂੰ ਆਕਾਰ ਦੇਣ ਲਈ 25 ਸਾਲਾਂ ਤੋਂ ਵੱਧ ਸਮਾਂ ਸਮਰਪਿਤ ਕੀਤਾ ਹੈ। ਆਈਆਈਟੀ ਰੁੜਕੀ, ਆਈਆਈਟੀ ਮੰਡੀ ਦੇ ਸਾਬਕਾ ਡਾਇਰੈਕਟਰ ਅਤੇ ਇੰਡੀਅਨ ਇੰਸਟੀਚਿਊਟ ਆਫ਼ ਐਡਵਾਂਸਡ ਸਟੱਡੀ ਸ਼ਿਮਲਾ ਦੇ ਡਾਇਰੈਕਟਰ ਵਜੋਂ ਵਾਧੂ ਚਾਰਜ ਦੇ ਤੌਰ 'ਤੇ, ਉਨ੍ਹਾਂ ਨੇ ਬੇਮਿਸਾਲ ਲੀਡਰਸ਼ਿਪ ਅਤੇ ਦ੍ਰਿਸ਼ਟੀ ਦਾ ਪ੍ਰਦਰਸ਼ਨ ਕੀਤਾ ਹੈ।

ਇਹ ਪ੍ਰੋਗਰਾਮ ਸੰਸਥਾ ਦੇ ਫੈਕਲਟੀ, ਸਟਾਫ਼, ਵਿਦਿਆਰਥੀਆਂ ਅਤੇ ਪੀਜੀਆਈਐਮਈਆਰ ਪਰਿਵਾਰ ਦੇ ਮੈਂਬਰਾਂ ਨੂੰ ਆਪਣੀ ਅਮੀਰ ਵਿਰਾਸਤ ਦਾ ਜਸ਼ਨ ਮਨਾਉਣ ਅਤੇ ਉੱਤਮਤਾ ਅਤੇ ਜਨਤਕ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਨ ਲਈ ਇਕੱਠੇ ਕਰੇਗਾ।

ਇਸ ਮੌਕੇ ਤੋਂ ਪਹਿਲਾਂ ਬੋਲਦੇ ਹੋਏ, *ਪ੍ਰੋ. ਵਿਵੇਕ ਲਾਲ, ਡਾਇਰੈਕਟਰ, ਪੀਜੀਆਈਐਮਈਆਰ ਨੇ ਕਿਹਾ, " ਸਥਾਪਨਾ ਦਿਵਸ ਰੁਕਣ, ਸ਼ੁਕਰਗੁਜ਼ਾਰੀ ਨਾਲ ਪਿੱਛੇ ਮੁੜਨ ਅਤੇ ਨਵੇਂ ਉਦੇਸ਼ ਨਾਲ ਅੱਗੇ ਦੇਖਣ ਦਾ ਪਲ ਹੈ। 63 ਸਾਲਾਂ ਤੋਂ, ਪੀਜੀਆਈਐਮਈਆਰ ਉੱਤਮਤਾ ਲਈ ਖੜ੍ਹਾ ਹੈ ਜੋ ਸੇਵਾ ਵਿੱਚ ਜੜ੍ਹਾਂ, ਗਿਆਨ ਜੋ ਬਿਹਤਰ ਮਰੀਜ਼ਾਂ ਦੀ ਦੇਖਭਾਲ ਵਿੱਚ ਅਨੁਵਾਦ ਕਰਦਾ ਹੈ, ਅਤੇ ਸਿੱਖਿਆ ਜੋ ਅਗਲੀ ਪੀੜ੍ਹੀ ਨੂੰ ਯੋਗਤਾ ਅਤੇ ਹਮਦਰਦੀ ਨਾਲ ਅਗਵਾਈ ਕਰਨ ਲਈ ਤਿਆਰ ਕਰਦੀ ਹੈ।

ਡਾਇਰੈਕਟਰ ਪੀਜੀਆਈਐਮਈਆਰ ਨੇ ਕਿਹਾ, "ਪੀਜੀਆਈਐਮਈਆਰ ਨੂੰ ਸਿਰਫ਼ ਇਸਦਾ ਬੁਨਿਆਦੀ ਢਾਂਚਾ, ਪ੍ਰਾਪਤੀਆਂ ਜਾਂ ਸਾਖ ਹੀ ਖਾਸ ਨਹੀਂ ਬਣਾਉਂਦੀ, ਸਗੋਂ ਇਸਦੇ ਲੋਕ - ਫੈਕਲਟੀ, ਸਟਾਫ਼, ਵਿਦਿਆਰਥੀ ਅਤੇ ਸਾਬਕਾ ਵਿਦਿਆਰਥੀ ਹਨ ਜਿਨ੍ਹਾਂ ਨੇ ਲਗਾਤਾਰ ਮਰੀਜ਼ ਅਤੇ ਸਮਾਜ ਦੇ ਵੱਡੇ ਹਿੱਤਾਂ ਨੂੰ ਆਪਣੇ ਕੰਮ ਦੇ ਕੇਂਦਰ ਵਿੱਚ ਰੱਖਿਆ ਹੈ। ਉਨ੍ਹਾਂ ਦੀ ਸਮੂਹਿਕ ਵਚਨਬੱਧਤਾ ਨੇ ਇੱਕ ਸੰਸਥਾ ਨੂੰ ਇੱਕ ਜੀਵਤ ਵਿਰਾਸਤ ਵਿੱਚ ਬਦਲ ਦਿੱਤਾ ਹੈ।

ਪ੍ਰੋ. ਲਾਲ ਨੇ ਅੱਗੇ ਦੱਸਿਆ, "ਜਿਵੇਂ ਕਿ ਅਸੀਂ 63 ਸਾਲ ਮਨਾ ਰਹੇ ਹਾਂ, ਅਸੀਂ ਇਸ ਵਿਰਾਸਤ ਨਾਲ ਆਉਣ ਵਾਲੀ ਜ਼ਿੰਮੇਵਾਰੀ ਪ੍ਰਤੀ ਬਰਾਬਰ ਸੁਚੇਤ ਹਾਂ। ਸਿਹਤ ਸੰਭਾਲ ਦਾ ਭਵਿੱਖ ਨਵੀਨਤਾ, ਸਹਿਯੋਗ, ਤਕਨਾਲੋਜੀ ਅਤੇ ਸਭ ਤੋਂ ਵੱਧ, ਮਨੁੱਖਤਾ ਦੀ ਮੰਗ ਕਰਦਾ ਹੈ। ਪੀਜੀਆਈਐਮਈਆਰ ਮਰੀਜ਼-ਕੇਂਦ੍ਰਿਤ ਦੇਖਭਾਲ, ਅਕਾਦਮਿਕ ਉੱਤਮਤਾ, ਵਿਗਿਆਨਕ ਪੁੱਛਗਿੱਛ ਅਤੇ ਰਾਸ਼ਟਰ ਦੀ ਸੇਵਾ ਦੇ ਆਪਣੇ ਮੁੱਖ ਮੁੱਲਾਂ ਨਾਲ ਮਜ਼ਬੂਤੀ ਨਾਲ ਜੁੜੇ ਰਹਿੰਦੇ ਹੋਏ ਉੱਭਰ ਰਹੇ ਮੌਕਿਆਂ ਨੂੰ ਅਪਣਾਉਂਦਾ ਰਹੇਗਾ। ਸਾਡਾ ਯਤਨ ਸਿਰਫ਼ ਸਾਨੂੰ ਵਿਰਾਸਤ ਵਿੱਚ ਮਿਲੀ ਵਿਰਾਸਤ ਨੂੰ ਸੁਰੱਖਿਅਤ ਰੱਖਣਾ ਨਹੀਂ ਹੈ, ਸਗੋਂ ਇਸ 'ਤੇ ਨਿਰਮਾਣ ਕਰਨਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਹੋਰ ਵੀ ਵੱਡੀ ਵਿਰਾਸਤ ਬਣਾਉਣਾ ਹੈ।

ਸਥਾਪਨਾ ਦਿਵਸ ਦਾ ਭਾਸ਼ਣ ਪ੍ਰੋ. ਅਜੀਤ ਕੁਮਾਰ ਚਤੁਰਵੇਦੀ ਦੁਆਰਾ ਦਿੱਤਾ ਜਾਵੇਗਾ, ਜੋ ਸਿਹਤ ਸੰਭਾਲ, ਸਿੱਖਿਆ ਅਤੇ ਖੋਜ ਦੇ ਵਿਕਸਤ ਹੋ ਰਹੇ ਦ੍ਰਿਸ਼ਟੀਕੋਣ ਅਤੇ ਭਵਿੱਖ ਨੂੰ ਆਕਾਰ ਦੇਣ ਵਿੱਚ ਪ੍ਰਮੁੱਖ ਸੰਸਥਾਵਾਂ ਦੀ ਭੂਮਿਕਾ ਬਾਰੇ ਆਪਣੇ ਦ੍ਰਿਸ਼ਟੀਕੋਣ ਸਾਂਝੇ ਕਰਨਗੇ।

ਇਸ ਜਸ਼ਨ ਦਾ ਇੱਕ ਮੁੱਖ ਆਕਰਸ਼ਣ ਸੰਸਥਾ ਦੇ ਸ਼ਾਨਦਾਰ ਕਰਮਚਾਰੀਆਂ ਦਾ ਸਨਮਾਨ ਕਰਨ ਵਾਲਾ ਪੁਰਸਕਾਰ ਸਮਾਰੋਹ ਹੋਵੇਗਾ। ਇਹ ਮਾਨਤਾ ਪੀਜੀਆਈਐਮਈਆਰ ਦੇ ਕਰਮਚਾਰੀਆਂ ਦੇ ਸਮਰਪਿਤ ਯੋਗਦਾਨ ਨੂੰ ਸ਼ਰਧਾਂਜਲੀ ਹੈ, ਜਿਨ੍ਹਾਂ ਦੀ ਵਚਨਬੱਧਤਾ ਅਤੇ ਸੇਵਾ ਸੰਸਥਾ ਦੇ ਕੰਮਕਾਜ ਅਤੇ ਨਿਰੰਤਰ ਸਫਲਤਾ ਦੀ ਰੀੜ੍ਹ ਦੀ ਹੱਡੀ ਬਣਦੀ ਹੈ।

63ਵਾਂ ਸਥਾਪਨਾ ਦਿਵਸ ਖਾਸ ਤੌਰ 'ਤੇ ਮਹੱਤਵਪੂਰਨ ਹੈ ਕਿਉਂਕਿ ਇਹ ਪੀਜੀਆਈਐਮਈਆਰ ਨੂੰ ਇੱਕ ਪ੍ਰਮੁੱਖ ਸਿਹਤ ਸੰਭਾਲ ਸੰਸਥਾ ਤੋਂ ਬਦਲਦੀਆਂ ਉਮੀਦਾਂ 'ਤੇ ਪ੍ਰਤੀਬਿੰਬਤ ਕਰਦੇ ਹੋਏ ਆਪਣੀ ਯਾਤਰਾ ਦਾ ਜਸ਼ਨ ਮਨਾਉਣ ਦਾ ਮੌਕਾ ਪ੍ਰਦਾਨ ਕਰਦਾ ਹੈ। ਉੱਨਤ ਮਰੀਜ਼ਾਂ ਦੀ ਦੇਖਭਾਲ ਪ੍ਰਦਾਨ ਕਰਨ ਤੋਂ ਲੈ ਕੇ ਮੈਡੀਕਲ ਪੇਸ਼ੇਵਰਾਂ ਦੀਆਂ ਪੀੜ੍ਹੀਆਂ ਨੂੰ ਪਾਲਣ ਪੋਸ਼ਣ ਅਤੇ ਅਤਿ-ਆਧੁਨਿਕ ਖੋਜ ਵਿੱਚ ਯੋਗਦਾਨ ਪਾਉਣ ਤੱਕ, ਸੰਸਥਾ ਨੇ ਲਗਾਤਾਰ ਅਕਾਦਮਿਕ ਉੱਤਮਤਾ ਨੂੰ ਸਮਾਜ ਪ੍ਰਤੀ ਇੱਕ ਮਜ਼ਬੂਤ ਵਚਨਬੱਧਤਾ ਨਾਲ ਜੋੜਨ ਦੀ ਕੋਸ਼ਿਸ਼ ਕੀਤੀ ਹੈ।

ਇਸ ਲਈ ਸਥਾਪਨਾ ਦਿਵਸ ਵਿਰਾਸਤ ਦੇ ਜਸ਼ਨ ਅਤੇ ਉਦੇਸ਼ ਦੀ ਪੁਸ਼ਟੀ ਦੋਵਾਂ ਨੂੰ ਦਰਸਾਉਂਦਾ ਹੈ - ਤੇਜ਼ੀ ਨਾਲ ਵਿਕਸਤ ਹੋ ਰਹੇ ਸੰਸਾਰ ਦੀਆਂ ਜ਼ਰੂਰਤਾਂ ਦਾ ਜਵਾਬ ਦਿੰਦੇ ਹੋਏ ਸਿਹਤ ਸੰਭਾਲ, ਸਿੱਖਿਆ ਅਤੇ ਖੋਜ ਵਿੱਚ ਸਭ ਤੋਂ ਅੱਗੇ ਰਹਿਣਾ। ਜਿਵੇਂ ਕਿ ਪੀਜੀਆਈਐਮਈਆਰ ਆਪਣੀ ਵਿਲੱਖਣ ਯਾਤਰਾ ਦੇ ਇੱਕ ਹੋਰ ਸਾਲ ਵਿੱਚ ਦਾਖਲ ਹੁੰਦਾ ਹੈ, ਸੰਸਥਾ ਆਪਣੀ ਵਿਰਾਸਤ ਨੂੰ ਨਵੀਂ ਊਰਜਾ, ਨਵੀਨਤਾ ਅਤੇ ਮਨੁੱਖਤਾ ਦੀ ਸੇਵਾ ਪ੍ਰਤੀ ਇੱਕ ਅਟੁੱਟ ਵਚਨਬੱਧਤਾ ਨਾਲ ਅੱਗੇ ਵਧਾਉਣ ਦੀ ਉਮੀਦ ਕਰਦੀ ਹੈ। 63ਵਾਂ ਇੰਸਟੀਚਿਊਟ ਸਥਾਪਨਾ ਦਿਵਸ ਸੋਮਵਾਰ, 7 ਸਤੰਬਰ, 2026 ਨੂੰ ਸਵੇਰੇ 8:00 ਵਜੇ NINE ਆਡੀਟੋਰੀਅਮ, ਪੀਜੀਆਈਐਮਈਆਰ, ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਜਾਵੇਗਾ।

ਸਿੱਖ ਕੌਮ ਦੇ ਮਹਾਨ ਪ੍ਰਚਾਰਕ ਗਿਆਨੀ ਦਿੱਤ ਸਿੰਘ ਜੀ ਦੀ ਬਰਸੀ ਦੇ ਮੌਕੇ ਤੇ ਸ਼ਰਧਾਂਜਲੀ ਭੇਟ ਕੀਤੀ ਗਈ

ਚੰਡੀਗੜ੍ਹ, 5 ਸਤੰਬਰ
(ਪੈ.ਗਾਮ-ਏ-ਜਗਤ)



ਗਿਆਨੀ ਦਿੱਤ ਸਿੰਘ ਜੀ ਦੀ ਬਰਸੀ ਮੌਕੇ ਉਨ ੍ਹਾਂ ਨੂੰ ਗਿਆਨੀ ਦਿੱਤ ਸਿੰਘ ਮੈਮੋਰੀਅਲ ਇੰਟਰਨੈਸ਼ਨਲ ਸੁਸਾਇਟੀ ਅਤੇ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ ਵਲੋਂ ਸੈਣੀ ਭਵਨ ਸੈਕਟਰ -24 ਚੰਡੀਗੜ ਵਿਖੇ ਸ਼ਰਧਾਂਜਲੀ ਭੇਟ ਕੀਤੀ ਗਈ। ਸ੍ਰ. ਅਵਤਾਰ ਸਿੰਘ ਮਹਿਤਪੁਰੀ ਨੇ ਦੱਸਿਆ ਕਿ ਹਰ ਸਾਲ ਦੀ ਤਰ ੍ਹਾਂ ਇਸ ਸਾਲ ਵੀ ਗਿਆਨੀ ਦਿੱਤ ਸਿੰਘ ਜੀ ਨੂੰ ਉਨ ੍ਹਾਂ ਦੀ ਬਰਸੀ ਮੌਕੇ ਯਾਦ ਕੀਤਾ ਗਿਆ। ਇਸ ਮੌਕੇ ਉੱਘੇ ਵਿਦਵਾਨਾਂ, ਕਵੀਆਂ ਅਤੇ ਬੁੱਧੀਜੀਵੀਆਂ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ। ਜਿਨ ੍ਹਾਂ ਵਿੱਚ ਦੋਨਾਂ ਸੰਸਥਾਵਾਂ ਦੇ ਜਨਰਲ ਸਕੱਤਰ ਅਤੇ ਸੰਪਾਦਕ ਅਵਤਾਰ ਸਿੰਘ ਮਹਿਤਪੁਰੀ, ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ, ਸ੍ਰ. ਜਗਤਾਰ ਸਿੰਘ ਜੋਗ, ਡਾ. ਰਵਿੰਦਰ ਸਿੰਘ ਲੁਬਾਣਾ, ਸ੍ਰ. ਜੀਤ ਸਿੰਘ ਸੋਮਲ, ਬਲਦੇਵ ਸਿੰਘ, ਰਾਜੇਸ਼ ਕੁਮਾਰ ਮੈਨੇਜਰ ਸੈਣੀ ਭਵਨ, ਸ੍ਰੀ ਮਤੀ ਹਰਵਿੰਦਰ ਕੌਰ, ਸ੍ਰੀ ਮਤੀ ਪ੍ਰਿਆ ਰਾਣੀ, ਮਿਸ ਅੰਜੂ ਕੁਮਾਰੀ, ਬਲਵਿੰਦਰ ਸਿੰਘ ਅਤੇ ਸ੍ਰੀ ਮਨਜੀਵ ਕੁਮਾਰ ਤੋਂ ਇਲਾਵਾ ਹੋਰ ਸੱਜਣਾਂ ਨੇ ਭਾਗ ਗਿਆ। ਸਾਰਿਆਂ ਵਲੋਂ ਗਿਆਨੀ ਦਿੱਤ ਸਿੰਘ ਜੀ ਦੇ ਜੀਵਨ ਬਾਰੇ ਚਾਨ ਣਾ ਪਾਇਆ ਅਤੇ ਉਨ ੍ਹਾਂ ਦੇ ਜੀਵਨ ਬਾਰੇ ਕਵਿਤਾਵਾਂ ਪੜ ੍ਹੀਆਂ। ਅਖੀਰ ਵਿੱਚ ਸੈਣੀ ਦੁਨੀਆਂ ਪਤ੍ਰਿਕਾ ਦਾ ਅੰਕ ਲੋਕ ਅਰਪਣ ਕੀਤਾ ਗਿਆ ਇਹ ਅੰਕ ਵਿਸ਼ੇਸ਼ ਤੌਰ ਤੇ ਗਿਆਨੀ ਦਿੱਤ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਹੈ। ਮੁੱਖ ਸੰਪਾਦਕ ਅਵਤਾਰ ਸਿੰਘ ਮਹਿਤਪੁਰੀ ਜੀ ਵਲੋਂ ਆਈਆਂ ਸ਼ਖਸ਼ੀਅਤਾਂ ਦਾ ਧੰਨਵਾਦ ਕੀਤਾ ਗਿਆ।

26 ਸਤੰਬਰ ਮੋਗਾ ਰੈਲੀ ਦੀ ਤਿਆਰੀ ਲਈ ਮੰਗੂਵਾਲ ਵਿੱਚ ਜਾਗੋ ਕੱਢੀ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)



ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ - ਲੈਨਿਨਵਾਦੀ) ਨਿਊ ਡੈਮੋਕ੍ਰੇਸੀ ਵਲੋਂ ਭਾਜਪਾ - ਆਰ ਐਸ ਐਸ ਦੇ ਫਾਸ਼ੀਵਾਦ ਵਿਰੁੱਧ 26 ਸਤੰਬਰ ਨੂੰ ਮੋਗਾ ਦੀ ਦਾਣਾ ਮੰਡੀ ਵਿਚ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਦੀ ਤਿਆਰੀ ਲਈ ਪਿੰਡ ਮੰਗੂਵਾਲ ਵਿੱਚ ਜਾਗੋ ਕੱਢੀ ਗਈ ਜਿਸ ਵਿੱਚ ਔਰਤਾਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਆਗੂ ਕੁਲਵਿੰਦਰ ਸਿੰਘ ਵੜੈਚ ਅਤੇ ਜਿਲਾ ਆਗੂ ਹਰੀ ਰਾਮ ਰਸੂਲਪੁਰੀ ਨੇ ਕਿਹਾ ਕਿ ਭਾਜਪਾ - ਆਰ ਐਸ ਐਸ ਦੀ ਮੋਦੀ ਸਰਕਾਰ ਦੇਸ਼ ਦਾ ਸੰਵਿਧਾਨ ਅਤੇ ਜਮਹੂਰੀਅਤ ਖ਼ਤਮ ਕਰਕੇ ਦੇਸ਼ ਵਿਚ ਤਾਨਾਸ਼ਾਹੀ ਲਿਆਉਣਾ ਚਾਹੁੰਦੀ ਹੈ ਇਸ ਲਈ ਸਰਕਾਰੀ ਨੀਤੀਆਂ ਦੀ ਆਲੋਚਨਾ ਕਰਨ ਵਾਲਿਆਂ ਨੂੰ ਦਬਾਇਆ ਜਾ ਰਿਹਾ ਹੈ। ਨਿੱਤ ਕਾਲੇ ਕਾਨੂੰਨ ਘੜੇ ਜਾ ਰਹੇ ਹਨ, ਵਿਰੋਧੀਆਂ ਨੂੰ ਜੇਹਲਾਂ ਵਿੱਚ ਸੁਟਿਆ ਜਾ ਰਿਹਾ ਹੈ, ਇਥੋਂ ਤੱਕ ਕਿ ਸੰਸਦ ਦੀ ਮਰਿਆਦਾ ਨੂੰ ਖੁੱਦ ਹੀ ਤਾਰ ਤਾਰ ਕੀਤਾ ਜਾ ਰਿਹਾ ਹੈ।ਉਹਨਾਂ ਨੇ ਭਾਖੜਾ ਬਿਆਸ ਪ੍ਰਬੰਧਕੀ ਬੋਰਡ ਦਾ ਪ੍ਰਬੰਧ ਪੰਜਾਬ ਹਵਾਲੇ ਕਰਨ,ਚੰਡੀਗੜ੍ਹ ਪੰਜਾਬ ਨੂੰ ਦੇਣ,ਸਾਰੇ ਸਿਆਸੀ ਕੈਦੀ ਅਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਕੈਦੀਆਂ ਨੂੰ ਰਿਹਾਅ ਕਰਨ, ਯੂ ਏ ਪੀ ਏ, ਐਸਮਾ ਅਤੇ ਹੋਰ ਕਾਲੇ ਕਾਨੂੰਨ ਰੱਦ ਕਰਨ ਦੀ ਮੰਗ ਕੀਤੀ।

ਉਹਨਾਂ ਮੋਗਾ ਰੈਲੀ ਵਿੱਚ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਜਸਵੰਤ ਖਟਕੜ, ਸੋਹਣ ਸਿੰਘ ਅਟਵਾਲ,ਸਰਬਜੀਤ ਮੰਗੂਵਾਲ ,ਬਲਜੀਤ ਧਰਮਕੋਟ,ਕਿਰਨਜੀਤ ਕੌਰ,ਬਲਵੀਰ ਮੰਗੂਵਾਲ ਅਤੇ ਹੋਰ ਆਗੂ ਵੀ ਮੌਜੂਦ ਸਨ।

"ਪੈਗਾਮ-ਏ-ਜਗਤ"
NEWS & WEB CHANNEL
HEAD OFFICE
F 388, Industrial Area, Sector 74,
Sahibzada Ajit Singh Nagar, Punjab 160071
CONTACT : +91 9878862733, 9872340701

ਛੋਟਾ ਇਸ਼ਤਿਹਾਰ
ਵੱਡਾ ਵਪਾਰ
"ਪੈਗ਼ਾਮ-ਏ-ਜਗਤ" ਵਿੱਚ ਕਿਸੇ ਵੀ ਤਰ੍ਹਾਂ ਦਾ ਕਲਾਸੀਫਾਈਡ ਜੋਤਿਸ਼, ਵਪਾਰ, ਨਾਮ ਪਰਿਵਰਤਨ, ਵਿਆਹ ਸੰਬੰਧੀ ਇਸ਼ਤਿਹਾਰ ਆਦਿ ਲਈ ਘਰ ਬੈਠੇ ਬੁਕਿੰਗ ਕਰੋ।